Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 28 Chief Editor : Chowdhary Prabhjit Singh, Editor : Chhatarpal Singh 98146-32807, Friday 10 July 2026 Price : 2 Rs. Page : 6

## ਨਾਰਾਜ਼ ਕਾਂਗਰਸੀ ਆਗੂ ਸ਼ਰਤਾਂ ਨਾਲ ਗੱਲਬਾਤ ਲਈ ਹੋਏ ਰਜ਼ਾਮੰਦ; ਰਸਮੀ ਸੱਦੇ ਦੀ ਉਡੀਕ: ਬਘੇਲ

**ਚੰਡੀਗੜ੍ਹ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਖ਼ਿਲਾਫ਼ ਸਿਆਸੀ ਮੈਦਾਨ 'ਚ ਕੁੱਦੇ ਨਾਰਾਜ਼ ਕਾਂਗਰਸੀ ਆਗੂ ਪਾਰਟੀ ਦੇ ਪੰਜਾਬ ਇੰਚਾਰਜ ਭੁਪੇਸ਼ ਬਘੇਲ ਨਾਲ ਗੱਲਬਾਤ ਕਰਨ ਲਈ ਰਜ਼ਾਮੰਦ ਹੋ ਗਏ ਹਨ ਜੋ ਲੰਘੇ ਤਿੰਨ ਦਿਨਾਂ ਤੋਂ ਮੀਟਿੰਗਾਂ 'ਚ ਜੁਟੇ ਹੋਏ ਹਨ। ਬਘੇਲ ਨੇ ਲੰਘੇ ਦੋ ਦਿਨਾਂ ਤੋਂ ਸਖ਼ਤ ਲਹਿਜ਼ਾ ਅਖ਼ਤਿਆਰ ਕੀਤਾ ਹੋਇਆ ਸੀ ਅਤੇ ਉਨ੍ਹਾਂ ਪਾਰਟੀ ਪ੍ਰਧਾਨ ਦੇ ਫ਼ੈਸਲੇ 'ਤੇ ਮੁੜ ਵਿਚਾਰ ਕੀਤੇ ਜਾਣ ਦਾ ਸਵਾਲ ਨੂੰ ਪੂਰੀ ਤਰ੍ਹਾਂ ਖ਼ਾਰਜ ਕਰ ਦਿੱਤਾ ਸੀ।

ਕਪੂਰਥਲਾ ਤੋਂ ਵਿਧਾਇਕ ਰਾਣਾ ਗੁਰਜੀਤ ਸਿੰਘ ਦੀ ਇੱਥੇ ਰਿਹਾਇਸ਼ 'ਤੇ ਇਸ ਧੜੇ ਦੇ ਪ੍ਰਮੁੱਖ ਆਗੂਆਂ ਦੀ ਮੀਟਿੰਗ 'ਚ ਪਾਰਟੀ ਨਾਲ ਗੱਲਬਾਤ ਲਈ ਰਾਹ ਖੋਲ੍ਹਣ ਦਾ ਫ਼ੈਸਲਾ ਕੀਤਾ ਹੈ। ਅਹਿਮ ਸੂਤਰਾਂ ਅਨੁਸਾਰ ਆਉਂਦੇ ਇੱਕ ਦੋ ਦਿਨਾਂ 'ਚ ਇਹ ਧੜਾ ਪੰਜਾਬ ਇੰਚਾਰਜ ਬਘੇਲ ਨੂੰ ਗੱਲਬਾਤ ਲਈ ਸੱਦਾ ਦੇ ਸਕਦਾ ਹੈ।

ਪੰਜਾਬ ਕਾਂਗਰਸ ਦੇ ਨਾਰਾਜ਼ ਆਗੂਆਂ ਨੇ ਕਈ ਦਿਨਾਂ ਦੀ ਖ਼ਾਮੋਸ਼ੀ ਮਗਰੋਂ ਹੁਣ ਬਘੇਲ ਨਾਲ ਗੱਲਬਾਤ ਕਰਨ ਵਾਸਤੇ ਕਦਮ ਅੱਗੇ ਵਧਾਉਣ ਦਾ ਫ਼ੈਸਲਾ ਲਿਆ ਹੈ। ਦੂਜੇ ਪਾਸੇ ਪੰਜਾਬ ਇੰਚਾਰਜ ਬਘੇਲ ਦਾ ਕਹਿਣਾ ਹੈ ਕਿ ਹਾਲੇ ਨਾਰਾਜ਼ ਆਗੂਆਂ ਤਰਫ਼ੋਂ ਕੋਈ ਸੁਨੇਹਾ ਨਹੀਂ ਮਿਲਿਆ ਹੈ ਅਤੇ ਜਦੋਂ ਵੀ ਰਸਮੀ ਸੱਦਾ ਆਵੇਗਾ ਤਾਂ ਉਹ ਗੱਲਬਾਤ ਲਈ ਜਾਣਗੇ। ਸੂਤਰਾਂ ਅਨੁਸਾਰ ਨਾਰਾਜ਼ ਆਗੂਆਂ ਦਾ ਪਾਰਟੀ ਪ੍ਰਧਾਨ ਰਾਜਾ ਵੜਿੰਗ ਖ਼ਿਲਾਫ਼ ਗ਼ੁੱਸਾ ਹਾਲੇ ਠੰਢਾ ਨਹੀਂ ਹੋਇਆ ਹੈ।

ਅੱਜ ਆਗੂਆਂ ਨੇ ਇਹ ਵੀ ਨਿਰਣਾ ਲਿਆ ਹੈ ਕਿ ਮੀਟਿੰਗ ਸਿਰਫ਼ ਭੁਪੇਸ਼ ਬਘੇਲ ਨਾਲ ਕੀਤੀ ਜਾਵੇਗੀ ਜਿਸ 'ਚ ਰਾਜਾ ਵੜਿੰਗ ਦੀ ਮੌਜੂਦਗੀ ਪ੍ਰਵਾਨ ਨਹੀਂ ਹੋਵੇਗੀ। ਰਾਣਾ ਗੁਰਜੀਤ ਸਿੰਘ ਦੇ ਘਰ ਹੋਈ ਮੀਟਿੰਗ 'ਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਵਿਧਾਇਕ ਪਰਗਟ ਸਿੰਘ, ਸਾਬਕਾ ਮੰਤਰੀ ਭਾਰਤ ਭੂਸ਼ਨ ਆਸ਼ੂ, ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਆਦਿ ਸ਼ਾਮਲ ਹੋਏ। ਮੀਟਿੰਗ ਮਗਰੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਪਾਰਟੀ ਅੰਦਰ ਵਿਚਾਰਾਂ ਦੇ ਮਤਭੇਦ ਹੋ ਸਕਦੇ ਹਨ ਪਰ ਕਾਂਗਰਸ ਇੱਕਜੁੱਟ ਹੈ ਤੇ ਮਜ਼ਬੂਤ ਹੈ। ਸਾਬਕਾ ਮੰਤਰੀ ਪਰਗਟ ਸਿੰਘ ਨੇ ਵੀ ਇਸ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ 'ਚ ਭਾਜਪਾ ਤੇ 'ਆਪ' ਦੀ ਤਰ੍ਹਾਂ ਡਿਕਟੇਟਰਸ਼ਿਪ ਨਹੀਂ ਹੈ ਅਤੇ ਕਾਂਗਰਸ 'ਚ ਹਰ ਕਿਸੇ ਨੂੰ ਆਪਣੀ ਗੱਲ ਰੱਖਣ ਦਾ ਹੱਕ ਹੈ। ਉਨ੍ਹਾਂ ਕਿਹਾ ਕਿ ਸੁਖਜਿੰਦਰ ਰੰਧਾਵਾ ਪੰਜਾਬ ਇੰਚਾਰਜ ਨਾਲ ਸਮਾਂ ਤੈਅ ਕਰਨਗੇ ਅਤੇ ਸਾਰੇ ਆਗੂ ਗੱਲਬਾਤ ਲਈ ਟੇਬਲ 'ਤੇ ਬੈਠਣਗੇ।

## ਹਰਿਆਣਾ ਵਿੱਚ 10 ਦਿਨਾਂ ਵਿੱਚ ਸ਼ੁਰੂ ਹੋਵੇਗਾ ਪਹਿਲਾ ਆਨਲਾਈਨ ਤਬਾਦਲਾ ਮੁਹਿੰਮ

**ਚੰਡੀਗੜ੍ਹ 9 ਜੁਲਾਈ**
**-ਛਤਰਪਾਲ ਸਿੰਘ-**



ਹਰਿਆਣਾ ਸਰਕਾਰ ਨੇ ਮਾਡਲ ਆਨਲਾਈਨ ਤਬਾਦਲਾ ਨੀਤੀ, 2026 ਦੇ ਪ੍ਰਭਾਵੀ ਅਮਲ ਵੱਲ ਤੇਜ਼ੀ ਨਾਲ ਕਦਮ ਵਧਾਉਂਦੇ ਹੋਏ ਸਾਰੇ ਵਿਭਾਗਾਂ ਨੂੰ ਆਗਾਮੀ 10 ਦਿਨਾਂ ਦੇ ਅੰਦਰ ਜ਼ਰੂਰੀ ਤਿਆਰੀਆਂ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ ਹਨ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਪ੍ਰਸ਼ਾਸਨਿਕ ਸਕੱਤਰਾਂ, ਵਿਭਾਗ ਮੁਖੀਆਂ, ਬੋਰਡਾਂ ਅਤੇ ਨਿਗਮਾਂ, ਨੈਸ਼ਨਲ ਇਨਫੋਰਮੇਟਿਕਸ ਸੈਂਟਰ ਅਤੇ ਸਿਹਤ ਅਤੇ ਮੈਡੀਕਲ ਸਿੱਖਿਆ ਵਿਭਾਗ ਨੂੰ ਜਾਰੀ ਵਿਆਪਕ ਨਿਰਦੇਸ਼ਾਂ ਵਿੱਚ ਕਿਹਾ ਹੈ ਕਿ ਪਹਿਲੀ ਆਨਲਾਈਨ ਤਬਾਦਲਾ ਮੁਹਿੰਮ ਨਿਰਧਾਰਤ ਸਮੇਂ ਦੇ ਅੰਦਰ ਸ਼ੁਰੂ ਕਰਨ ਲਈ ਸਾਰੀਆਂ ਤਿਆਰੀਆਂ ਸਮਾਂਬੱਧ ਢੰਗ ਨਾਲ ਪੂਰੀਆਂ ਕੀਤੀਆਂ ਜਾਣ।

ਪ੍ਰਸ਼ਾਸਨਿਕ ਸਕੱਤਰਾਂ, ਵਿਭਾਗ ਮੁਖੀਆਂ, ਬੋਰਡਾਂ ਅਤੇ ਨਿਗਮਾਂ, ਨੈਸ਼ਨਲ ਇਨਫੋਰਮੇਟਿਕਸ ਸੈਂਟਰ ਅਤੇ ਸਿਹਤ ਅਤੇ ਮੈਡੀਕਲ ਸਿੱਖਿਆ ਵਿਭਾਗ ਨੂੰ ਜਾਰੀ ਨਿਰਦੇਸ਼ਾਂ ਵਿੱਚ ਐਚਆਰਐਮਐਸ ਰਿਕਾਰਡ ਦੇ ਅਪਡੇਸ਼ਨ, ਆਨਲਾਈਨ ਸਾਫਟਵੇਅਰ ਮੋਡੀਊਲ ਤਿਆਰ ਕਰਨ, ਨੋਡਲ ਅਧਿਕਾਰੀਆਂ ਦੀ ਨਿਯੁਕਤੀ, ਮੈਡੀਕਲ ਅਤੇ ਦਿਵਯਾਂਗਤਾ ਪ੍ਰਮਾਣ-ਪੱਤਰ ਤੇਜ਼ੀ ਨਾਲ ਜਾਰੀ ਕਰਨ, ਰੱਦ ਕੀਤੀ ਜਾ ਚੁੱਕੀ ਸਾਲ 2025 ਦੀ ਤਬਾਦਲਾ ਨੀਤੀ ਦੇ ਅਧੀਨ ਚੱਲ ਰਹੀਆਂ ਪ੍ਰਕਿਰਿਆਵਾਂ ਨੂੰ ਸਮਾਪਤ ਕਰਨ ਅਤੇ ਬੋਰਡਾਂ ਅਤੇ ਨਿਗਮਾਂ ਦੁਆਰਾ ਨਵੀਂ ਤਬਾਦਲਾ ਨੀਤੀ ਅਪਣਾਉਣ ਸਮੇਤ ਸਾਰੀਆਂ ਤਿਆਰੀਆਂ ਨਿਰਧਾਰਤ ਸਮੇਂ ਵਿੱਚ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਵਰਣਯੋਗ ਹੈ ਕਿ ਮਾਡਲ ਆਨਲਾਈਨ ਤਬਾਦਲਾ ਨੀਤੀ, 2026 ਦੇ ਨੋਟੀਫਾਈ ਹੋਣ ਦੇ ਨਾਲ ਹੀ ਮਾਡਲ ਆਨਲਾਈਨ ਤਬਾਦਲਾ ਨੀਤੀ, 2025 ਤੁਰੰਤ ਪ੍ਰਭਾਵ ਨਾਲ ਰੱਦ ਹੋ ਗਈ ਹੈ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਭਵਿੱਖ ਵਿੱਚ ਸਾਰੇ ਨਿਯਮਤ ਤਬਾਦਲੇ ਕੇਵਲ ਨਵੀਂ ਨੀਤੀ ਦੀਆਂ ਵਿਵਸਥਾਵਾਂ ਦੇ ਅਨੁਰੂਪ ਹੀ ਕੀਤੇ ਜਾਣਗੇ। ਇਸ ਨੀਤੀ ਦਾ ਉਦੇਸ਼ ਸਰਕਾਰੀ ਵਿਭਾਗਾਂ ਵਿੱਚ ਪਾਰਦਰਸ਼ੀ, ਉਦੇਸ਼ਪੂਰਨ, ਤਕਨਾਲੋਜੀ-ਆਧਾਰਿਤ ਅਤੇ ਮੈਰਿਟ-ਆਧਾਰਿਤ ਤਬਾਦਲਾ ਵਿਵਸਥਾ ਸਥਾਪਿਤ ਕਰਨਾ ਹੈ।

ਮੁੱਖ ਸਕੱਤਰ ਨੇ ਸਾਰੇ ਪ੍ਰਸ਼ਾਸਨਿਕ ਸਕੱਤਰਾਂ ਅਤੇ ਵਿਭਾਗ ਮੁਖੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਖੁਦ ਤਿਆਰੀਆਂ ਦੀ ਨਿਗਰਾਨੀ ਕਰਨ ਅਤੇ ਐਚਆਰਐਮਐਸ ਵਿੱਚ ਕਰਮਚਾਰੀਆਂ ਦੇ ਕੈਡਰ, ਨਿਯੁਕਤੀ ਮਿਤੀ, ਕਾਰਜਕਾਲ, ਸੇਵਾ ਵੇਰਵਿਆਂ ਅਤੇ ਮੈਰਿਟ ਅੰਕ ਨਿਰਧਾਰਨ ਨਾਲ ਸਬੰਧਤ ਸਾਰੇ ਰਿਕਾਰਡਾਂ ਦੀ ਤਸਦੀਕ ਅਤੇ ਅਪਡੇਟ ਤੁਰੰਤ ਕਰਵਾਉਣ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਤਬਾਦਲਾ ਪ੍ਰਕਿਰਿਆ ਵਿੱਚ ਕੇਵਲ ਅਰਹਤਾ (ਯੋਗਤਾ) ਮਿਤੀ ਤੱਕ ਐਚਆਰਐਮਐਸ ਵਿੱਚ ਉਪਲਬਧ ਜਾਣਕਾਰੀ ਹੀ ਮਾਨਯੋਗ ਹੋਵੇਗੀ। ਜੇਕਰ ਕੋਈ ਜਾਣਕਾਰੀ ਅਧੂਰੀ, ਗਲਤ ਜਾਂ ਸਮੇਂ 'ਤੇ ਅਪਡੇਟ ਨਹੀਂ ਕੀਤੀ ਜਾਂਦੀ ਹੈ ਤਾਂ ਸਬੰਧਤ ਕਰਮਚਾਰੀ ਦੀ ਪਾਤਰਤਾ ਅਤੇ ਮੈਰਿਟ ਅੰਕਾਂ 'ਤੇ ਇਸ ਦਾ ਮਾੜਾ ਪ੍ਰਭਾਵ ਪੈ ਸਕਦਾ ਹੈ।

ਮੁੱਖ ਸਕੱਤਰ ਨੇ ਨੈਸ਼ਨਲ ਇਨਫੋਰਮੇਟਿਕਸ ਸੈਂਟਰ ਨੂੰ ਆਨਲਾਈਨ ਟ੍ਰਾਂਸਫਰ ਪ੍ਰਣਾਲੀ ਦੇ ਸਾਰੇ ਸਾਫਟਵੇਅਰ ਮੋਡੀਊਲਾਂ ਦਾ ਵਿਕਾਸ, ਅਨੁਕੂਲਨ, ਟੈਸਟਿੰਗ, ਤਸਦੀਕ ਅਤੇ ਅਮਲ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸਦੇ ਲਈ ਐਨਆਈਸੀ ਵਿੱਚ ਘੱਟੋ-ਘੱਟ ਸੀਨੀਅਰ ਵਿਗਿਆਨੀ ਪੱਧਰ ਦੇ ਅਧਿਕਾਰੀ ਨੂੰ ਛੇ ਮਹੀਨਿਆਂ ਲਈ ਪ੍ਰੋਜੈਕਟ ਨੋਡਲ ਅਧਿਕਾਰੀ ਨਿਯੁਕਤ ਕੀਤਾ ਜਾਵੇਗਾ। ਨਾਲ ਹੀ ਸਾਰੇ ਵਿਭਾਗਾਂ ਵਿੱਚ ਆਨਲਾਈਨ ਤਬਾਦਲਾ ਪ੍ਰਕਿਰਿਆ ਦੀ ਨਿਗਰਾਨੀ ਲਈ ਇੱਕ ਸਮਰਪਿਤ ਐਚਆਰਐਮਐਸ ਲੌਗਇਨ ਵੀ ਵਿਕਸਿਤ ਕੀਤਾ ਜਾਵੇਗਾ।

ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਮਾਡਲ ਆਨਲਾਈਨ ਤਬਾਦਲਾ ਨੀਤੀ, 2025 ਦੇ ਅਧੀਨ ਸ਼ੁਰੂ ਕੀਤੀਆਂ ਗਈਆਂ ਸਾਰੀਆਂ ਤਬਾਦਲਾ ਪ੍ਰਕਿਰਿਆਵਾਂ ਤੁਰੰਤ ਪ੍ਰਭਾਵ ਨਾਲ ਸਮਾਪਤ ਮੰਨੀਆਂ ਜਾਣਗੀਆਂ। ਪੁਰਾਣੀ ਨੀਤੀ ਦੇ ਤਹਿਤ ਜੋ ਤਬਾਦਲਾ ਹੁਕਮ ਅਜੇ ਤੱਕ ਜਾਰੀ ਨਹੀਂ ਹੋਏ ਹਨ, ਉਹ ਜਾਰੀ ਨਹੀਂ ਕੀਤੇ ਜਾਣਗੇ ਅਤੇ ਅੱਗੇ ਦੇ ਸਾਰੇ ਨਿਯਮਤ ਤਬਾਦਲੇ ਕੇਵਲ ਮਾਡਲ ਆਨਲਾਈਨ ਤਬਾਦਲਾ ਨੀਤੀ, 2026 ਦੇ ਅਨੁਸਾਰ ਹੀ ਹੋਣਗੇ।

ਪਾਤਰ ਕਰਮਚਾਰੀਆਂ ਨੂੰ ਨਵੀਂ ਨੀਤੀ ਦੇ ਅਧੀਨ ਮਿਲਣ ਵਾਲੇ ਲਾਭ ਯਕੀਨੀ ਬਣਾਉਣ ਲਈ ਮੁੱਖ ਸਕੱਤਰ ਨੇ ਸਿਹਤ ਵਿਭਾਗ ਅਤੇ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਨੂੰ ਦਿਵਯਾਂਗਤਾ ਪ੍ਰਮਾਣ-ਪੱਤਰ, ਯੂਨੀਕ ਡਿਸਏਬਿਲਿਟੀ ਆਈਡੀ ਕਾਰਡ ਅਤੇ ਲੋੜੀਂਦੇ ਮੈਡੀਕਲ ਪ੍ਰਮਾਣ-ਪੱਤਰ ਸਮਾਂਬੱਧ ਢੰਗ ਨਾਲ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਏਮਜ਼ ਪੀਜੀਆਈਐਮਈਆਰ ਚੰਡੀਗੜ੍ਹ, ਪੀਜੀਆਈਐਮਐਸ ਰੋਹਤਕ ਅਤੇ ਹੋਰ ਅਧਿਕਾਰਤ ਮੈਡੀਕਲ ਬੋਰਡਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਉਹ ਪਾਤਰ ਬਿਨੈ-ਪੱਤਰਾਂ 'ਤੇ ਪਹਿਲ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਬਿਨੈ-ਪੱਤਰ ਪ੍ਰਾਪਤ ਹੋਣ ਦੇ ਤਿੰਨ ਦਿਨਾਂ ਦੇ ਅੰਦਰ ਪ੍ਰਮਾਣ-ਪੱਤਰ ਜਾਰੀ ਕਰਨ, ਤਾਂ ਜੋ ਕਰਮਚਾਰੀ ਬਿਨਾਂ ਕਿਸੇ ਮੁਸ਼ਕਲ ਦੇ ਆਨਲਾਈਨ ਤਬਾਦਲਾ ਪ੍ਰਕਿਰਿਆ ਵਿੱਚ ਭਾਗ ਲੈ ਸਕਣ।

ਮਨੁੱਖੀ ਸਰੋਤ ਵਿਭਾਗ ਨੇ ਪਹਿਲੀ ਆਨਲਾਈਨ ਤਬਾਦਲਾ ਪ੍ਰਕਿਰਿਆ ਲਈ ਨੋਸ਼ਨਲ (ਕਾਲਪਨਿਕ) ਕੈਟਾਗਰੀ ਦੇ ਸਬੰਧ ਵਿੱਚ ਵੀ ਵਿਸਤ੍ਰਿਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਇਸਦੇ ਅਧੀਨ ਨੋਟੀਫਾਈ ਮਿਆਦ ਵਿੱਚ ਸ਼ੁਰੂਆਤੀ ਨਿਯੁਕਤੀ, ਤਰੱਕੀ, ਮੁਅੱਤਲੀ ਤੋਂ ਬਾਅਦ ਮੁੜ ਬਹਾਲੀ, ਡੈਪੂਟੇਸ਼ਨ ਤੋਂ ਵਾਪਸੀ, ਅਧਿਐਨ ਛੁੱਟੀ ਤੋਂ ਪਰਤਣ ਜਾਂ ਨਿਰਧਾਰਤ ਸ਼ਰਤਾਂ ਦੇ ਅਧੀਨ ਆਉਣ ਵਾਲੇ ਕਰਮਚਾਰੀਆਂ ਨੂੰ ਸਬੰਧਤ ਕੈਡਰ ਦੀ ਪਹਿਲੀ ਆਨਲਾਈਨ ਤਬਾਦਲਾ ਪ੍ਰਕਿਰਿਆ ਵਿੱਚ ਨੋਸ਼ਨਲ ਕੈਟਾਗਰੀ ਦੇ ਅਧੀਨ ਸ਼ਾਮਲ ਕੀਤਾ ਜਾਵੇਗਾ।

ਇੱਕ ਹੋਰ ਮਹੱਤਵਪੂਰਨ ਨਿਰਦੇਸ਼ ਵਿੱਚ ਸਾਰੇ ਬੋਰਡਾਂ, ਨਿਗਮਾਂ ਅਤੇ ਹੋਰ ਸਰਕਾਰੀ ਸੰਗਠਨਾਂ ਨੂੰ ਮਾਡਲ ਆਨਲਾਈਨ ਤਬਾਦਲਾ ਨੀਤੀ, 2026 ਅਪਣਾਉਣ ਜਾਂ ਜਿੱਥੇ ਵੱਖਰੀ ਵਿਧਾਨਕ ਵਿਵਸਥਾ ਜ਼ਰੂਰੀ ਹੋਵੇ, ਉੱਥੇ ਆਪਣੀ ਮੌਜੂਦਾ ਤਬਾਦਲਾ ਨੀਤੀ ਨੂੰ ਇਸਦੇ ਅਨੁਰੂਪ ਸੋਧਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸਦਾ ਉਦੇਸ਼ ਸਾਰੇ ਸਰਕਾਰੀ ਅਦਾਰਿਆਂ ਵਿੱਚ ਪਾਰਦਰਸ਼ੀ, ਨਿਰਪੱਖ ਅਤੇ ਮੈਰਿਟ ਆਧਾਰਿਤ ਇੱਕ ਸਮਾਨ ਤਬਾਦਲਾ ਵਿਵਸਥਾ ਸਥਾਪਿਤ ਕਰਨਾ, ਮਨਮਾਨੀ ਨੂੰ ਖਤਮ ਕਰਨਾ ਅਤੇ ਬੇਲੋੜੇ ਨਿਆਇਕ ਵਿਵਾਦਾਂ ਨੂੰ ਘੱਟ ਕਰਨਾ ਹੈ। ਸੰਪੂਰਨ ਤਬਾਦਲਾ ਪ੍ਰਕਿਰਿਆ ਕੇਵਲ ਐਚਆਰਐਮਐਸ ਤੋਂ ਏਕੀਕ੍ਰਿਤ ਆਨਲਾਈਨ ਟ੍ਰਾਂਸਫਰ ਮੋਡੀਊਲ ਦੇ ਮਾਧਿਅਮ ਨਾਲ ਸੰਚਾਲਿਤ ਕੀਤੀ ਜਾਵੇਗੀ। ਆਨਲਾਈਨ ਤਬਾਦਲਾ ਮੁਹਿੰਮ ਦੇ ਦੌਰਾਨ ਕਿਸੇ ਵੀ ਨੋਟੀਫਾਈ ਕੈਡਰ ਦੇ ਕਰਮਚਾਰੀਆਂ ਦੇ ਨਿਯਮਤ ਤਬਾਦਲੇ ਜਾਂ ਤਾਇਨਾਤੀ ਨਹੀਂ ਕੀਤੀ ਜਾਵੇਗੀ। ਵਿਭਾਗਾਂ ਨੂੰ ਨੀਤੀ ਦੇ ਉਲਟ ਕੋਈ ਨਿਰਦੇਸ਼ ਜਾਰੀ ਨਹੀਂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਨਾਲ ਹੀ ਕਰਮਚਾਰੀਆਂ ਨੂੰ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਕੋਈ ਗਲਤ ਜਾਂ ਭਰਮਾਉਣ ਵਾਲੀ ਜਾਣਕਾਰੀ ਦਿੰਦਾ ਹੈ ਜਾਂ ਕਿਸੇ ਬਾਹਰੀ ਪ੍ਰਭਾਵ ਦੇ ਮਾਧਿਅਮ ਨਾਲ ਤਬਾਦਲਾ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

## ਪੁਲਿਸ ਅਤੇ ਬੰਬੀਹਾ ਗੈਂਗ ਦੇ ਸ਼ੂਟਰ ਵਿਚਾਲੇ ਮੁਠਭੇੜ; ਗੋਲੀ ਲੱਗਣ ਕਾਰਨ ਸ਼ੂਟਰ ਜ਼ਖ਼ਮੀ

### ਸ਼ੂਟਰ ਨੂੰ ਉਸ ਹਥਿਆਰ ਅਤੇ ਹੈਲਮਟ ਸਮੇਤ ਕਾਬੂ ਕਰ ਲਿਆ ਹੈ; ਜੋ ਉਸ ਨੇ ਵਾਰਦਾਤ ਵੇਲੇ ਵਰਤਿਆ

**ਜਲੰਧਰ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਜਲੰਧਰ ਦੇ ਵਰਦਾਨ ਹਸਪਤਾਲ 'ਤੇ ਫਾਇਰਿੰਗ ਕਰਨ ਵਾਲੇ ਬੰਬੀਹਾ ਗੈਂਗ ਦੇ ਖ਼ਤਰਨਾਕ ਸ਼ੂਟਰ ਨੂੰ ਪੁਲੀਸ ਨੇ ਇੱਕ ਮੁਠਭੇੜ (ਐਨਕਾਊਂਟਰ) ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ ਹੈ। ਇਸ ਗੋਲੀਬਾਰੀ ਦੌਰਾਨ ਸ਼ੂਟਰ ਦੇ ਪੈਰ ਵਿੱਚ ਗੋਲੀ ਲੱਗੀ ਹੈ, ਜਿਸ ਤੋਂ ਬਾਅਦ ਪੁਲੀਸ ਨੇ ਉਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਹੈ।

ਜਲੰਧਰ ਦੇ ਪੁਲੀਸ ਕਮਿਸ਼ਨਰ ਸਤਿੰਦਰ ਸਿੰਘ ਨੇ ਦੱਸਿਆ ਕਿ ਪੁਲੀਸ ਕੋਲ ਇਸ ਸ਼ੂਟਰ ਬਾਰੇ ਪੱਕੀ ਸੂਚਨਾ ਸੀ। ਉਸ ਨੂੰ ਫੜਨ ਲਈ ਸੀਆਈਏ (391) ਸਟਾਫ਼ ਵੱਲੋਂ ਖ਼ਾਸ ਨਾਕਾਬੰਦੀ ਕੀਤੀ ਗਈ ਸੀ। ਜਦੋਂ ਪੁਲੀਸ ਟੀਮ ਨੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ, ਤਾਂ ਉਸ ਨੇ ਆਪਣਾ ਮੋਟਰਸਾਈਕਲ ਭਜਾਉਣ ਦੀ ਕੋਸ਼ਿਸ਼ ਕੀਤੀ, ਜਿਸ ਕਾਰਨ ਉਹ ਜ਼ਮੀਨ 'ਤੇ ਡਿੱਗ ਪਿਆ। ਇਸ ਤੋਂ ਬਾਅਦ ਉਸ ਨੇ ਪੁਲੀਸ ਪਾਰਟੀ 'ਤੇ ਗੋਲੀ ਚਲਾ ਦਿੱਤੀ। ਪੁਲੀਸ ਨੇ ਵੀ ਆਪਣੇ ਬਚਾਅ ਵਿੱਚ ਜਵਾਬੀ ਫਾਇਰਿੰਗ ਕੀਤੀ, ਜਿਸ ਵਿੱਚ ਇੱਕ ਗੋਲੀ ਸ਼ੂਟਰ ਦੇ ਪੈਰ ਵਿੱਚ ਜਾ ਲੱਗੀ। ਫੜੇ ਗਏ ਸ਼ੂਟਰ ਦੀ ਪਛਾਣ ਜੋਧ ਸਿੰਘ ਉਰਫ਼ ਜੋਧਾ ਵਜੋਂ ਹੋਈ ਹੈ, ਜੋ ਜਲੰਧਰ ਦਿਹਾਤੀ ਦੇ ਸ਼ਾਹਕੋਟ ਇਲਾਕੇ ਦਾ ਰਹਿਣ ਵਾਲਾ ਹੈ।

ਪੁਲਿਸ ਮੁਤਾਬਕ, ਇਸ ਸ਼ੂਟਰ ਨੇ ਲਗਪਗ ਦੋ ਮਹੀਨੇ ਪਹਿਲਾਂ (28 ਫਰਵਰੀ ਨੂੰ) ਮੋਤਾ ਸਿੰਘ ਨਗਰ ਸਥਿਤ ਵਰਦਾਨ ਹਸਪਤਾਲ ਦੇ ਗੇਟ 'ਤੇ ਮਹਿਜ਼ 3 ਸੈਕਿੰਡਾਂ ਵਿੱਚ 4 ਗੋਲੀਆਂ ਚਲਾਈਆਂ ਸਨ। ਇਸ ਵਾਰਦਾਤ ਕਾਰਨ ਪੂਰੇ ਸ਼ਹਿਰ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਸੀ। ਪੁਲੀਸ ਨੇ ਸੀਸੀਟੀਵੀ (33"ਾ) ਫੁਟੇਜ ਦੀ ਬਾਰੀਕੀ ਨਾਲ ਜਾਂਚ ਕੀਤੀ ਅਤੇ ਹੁਣ ਸ਼ੂਟਰ ਨੂੰ ਉਸ ਹਥਿਆਰ ਅਤੇ ਹੈਲਮਟ ਸਮੇਤ ਕਾਬੂ ਕਰ ਲਿਆ ਹੈ, ਜੋ ਉਸ ਨੇ ਵਾਰਦਾਤ ਵੇਲੇ ਵਰਤਿਆ ਸੀ।

ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਇਹ ਵੀ ਖ਼ੁਲਾਸਾ ਕੀਤਾ ਕਿ ਇਹ ਸ਼ੂਟਰ ਮੋਗਾ ਅਤੇ ਮੁਹਾਲੀ ਪੁਲੀਸ ਨੂੰ ਵੀ ਕਈ ਮਾਮਲਿਆਂ ਵਿੱਚ ਲੋੜੀਂਦਾ ਸੀ ਅਤੇ ਇਸ ਨੇ ਪੰਜਾਬ ਤੋਂ ਬਾਹਰ ਦੂਜੇ ਸੂਬਿਆਂ ਵਿੱਚ ਵੀ ਅਪਰਾਧਿਕ ਵਾਰਦਾਤਾਂ ਨੂੰ ਅੰਜਾਮ ਦਿੱਤਾ ਸੀ। ਇਹ

## ਕੇਂਦਰੀ ਮੰਤਰੀ ਰਵਨੀਤ ਬਿੱਟੂ ਨੂੰ ਪੁਲਿਸ ਨੇ ਪ੍ਰਭਾਵਿਤ ਥਾਣੇ ਵੱਲ ਜਾਣ ਤੋਂ ਰੋਕਿਆ





**ਧਰਮਕੋਟ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੋਗਾ ਦੇ ਥਾਣਾ ਸਦਰ 'ਤੇ ਬੀਤੇ ਦਿਨ ਹੋਏ ਹੈਂਡ ਗ੍ਰਨੇਡ ਹਮਲੇ ਤੋਂ ਬਾਅਦ ਅੱਜ ਸੂਬੇ ਦਾ ਸਿਆਸੀ ਪਾਰਾ ਉਸ ਸਮੇਂ ਗਰਮਾ ਗਿਆ ਜਦੋਂ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਮੋਗਾ ਪੁਲੀਸ ਨੇ ਪ੍ਰਭਾਵਿਤ ਥਾਣੇ ਜਾਣ ਤੋਂ ਸਖ਼ਤੀ ਨਾਲ ਰੋਕ ਦਿੱਤਾ। ਕੇਂਦਰੀ ਮੰਤਰੀ ਨੇ ਐਲਾਨ ਕੀਤਾ ਸੀ ਕਿ ਉਹ ਅੱਜ ਮੋਗਾ ਦੇ ਸਦਰ ਥਾਣੇ ਜਾ ਕੇ ਧਮਾਕੇ ਬਾਰੇ ਸਾਰੀ ਜਾਣਕਾਰੀ ਪ੍ਰਾਪਤ ਕਰਨਗੇ, ਪਰ ਜਿਵੇਂ ਹੀ ਦੁਪਹਿਰ ਵੇਲੇ ਉਹ ਆਪਣੇ ਕਾਫਲੇ ਨਾਲ ਮੋਗਾ ਦਾਖਲ ਹੋਏ, ਤਾਂ ਡੀਐਸਪੀ ਦੀ ਅਗਵਾਈ ਹੇਠ ਭਾਰੀ ਪੁਲੀਸ ਫੋਰਸ ਨੇ ਉਨ੍ਹਾਂ ਨੂੰ ਰਸਤੇ ਵਿੱਚ ਹੀ ਰੋਕ ਲਿਆ ਅਤੇ ਅੱਗੇ ਜਾਣ ਦੀ ਇਜਾਜ਼ਤ ਨਹੀਂ ਦਿੱਤੀ। ਇਸ ਦੌਰਾਨ ਪੁਲੀਸ ਅਧਿਕਾਰੀਆਂ ਨੇ ਮੰਤਰੀ ਨੂੰ ਹਮਲੇ ਸਬੰਧੀ ਸੰਖੇਪ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਮੁਲਜ਼ਮਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਜਾਰੀ ਹੈ। ਪੁਲੀਸ ਦੀ ਇਸ ਕਾਰਵਾਈ ਤੋਂ ਬਾਅਦ ਮੰਤਰੀ ਨਾਲ ਆਏ ਆਗੂਆਂ ਨੇ ਪੰਜਾਬੀ ਏਕਤਾ ਦੇ ਨਾਅਰੇ ਲਗਾਏ।

ਜ਼ਿਕਰਯੋਗ ਹੈ ਕਿ ਬੀਤੇ ਦਿਨ ਤੜਕਸਾਰ ਮੋਗਾ ਦੇ ਥਾਣਾ ਸਦਰ 'ਤੇ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਹੈਂਡ ਗ੍ਰਨੇਡ ਸੁੱਟ ਕੇ ਹਮਲਾ ਕਰ ਦਿੱਤਾ ਸੀ। ਪੁਲੀਸ ਸੂਤਰਾਂ ਅਨੁਸਾਰ ਧਮਾਕੇ ਵਿੱਚ ਵਰਤਿਆ ਗਿਆ ਪਦਾਰਥ ਘੱਟ ਸ਼ਕਤੀਸ਼ਾਲੀ ਹੋਣ ਕਾਰਨ ਵੱਡਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ, ਹਾਲਾਂਕਿ ਥਾਣੇ ਅੰਦਰ ਖੜ੍ਹੀਆਂ ਦੋ ਗੱਡੀਆਂ ਦੇ ਸ਼ੀਸ਼ੇ ਟੁੱਟ ਗਏ।

ਘਟਨਾ ਤੋਂ ਤੁਰੰਤ ਬਾਅਦ ਸਾਈਬਰ ਸੈੱਲ, ਕ੍ਰਾਈਮ ਬ੍ਰਾਂਚ ਅਤੇ ਫੋਰੈਂਸਿਕ ਟੀਮਾਂ ਨੇ ਦੇਰ ਰਾਤ ਤੱਕ ਡੂੰਘੀ ਜਾਂਚ ਕੀਤੀ। ਪੁਲੀਸ ਨੇ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਹਮਲਾਵਰਾਂ ਦੀ ਪਛਾਣ ਕਰ ਲਈ ਹੈ ਅਤੇ ਉਨ੍ਹਾਂ ਦੀ ਗ੍ਰਿਫਤਾਰੀ ਲਈ ਜ਼ਿਲ੍ਹੇ ਭਰ ਵਿੱਚ ਹਾਈ ਅਲਰਟ ਜਾਰੀ ਕਰਦਿਆਂ ਵੱਖ-ਵੱਖ ਟੀਮਾਂ ਵੱਲੋਂ ਨਾਕਾਬੰਦੀ ਤੇਜ਼ ਕਰ ਦਿੱਤੀ ਗਈ ਹੈ।

## ਸਬ-ਇੰਸਪੈਕਟਰ 300 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ

**ਭਿੱਖੀਵਿੰਡ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਪੁਲਿਸ ਵਿੱਚ ਕਾਲੀਆਂ ਭੇਡਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਸੀ.ਆਈ.ਏ. (391) ਸਟਾਫ਼ ਦੀ ਪੁਲੀਸ ਪਾਰਟੀ ਨੇ ਥਾਣਾ ਖਾਲੜਾ ਵਿਖੇ ਤਾਇਨਾਤ ਇੱਕ ਸਬ-ਇੰਸਪੈਕਟਰ ਸਾਹਿਬ ਸਿੰਘ ਨੂੰ ਡਰੱਗ ਮਨੀ ਅਤੇ 300 ਗ੍ਰਾਮ ਹੈਰੋਇਨ ਸਮੇਤ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਅਧਿਕਾਰੀ ਕਾਫ਼ੀ ਸਮੇਂ ਤੋਂ ਸਰਹੱਦੀ ਖੇਤਰ ਦੇ ਥਾਣਾ ਖਾਲੜਾ ਵਿਖੇ ਬਤੌਰ ਥਾਣਾ ਮੁਖੀ (SHO) ਅਤੇ ਸਬ-ਇੰਸਪੈਕਟਰ ਵਜੋਂ ਸੇਵਾਵਾਂ ਨਿਭਾ ਰਿਹਾ ਸੀ।

ਸੂਤਰਾਂ ਅਨੁਸਾਰ ਇੱਕ ਹੈਰਾਨੀਜਨਕ ਤੱਥ ਇਹ ਵੀ ਸਾਹਮਣੇ ਆਇਆ ਹੈ ਕਿ ਉਕਤ ਸਬ-ਇੰਸਪੈਕਟਰ ਪਹਿਲਾਂ ਖ਼ੁਦ ਹੀ ਹੈਰੋਇਨ ਬਰਾਮਦ ਕਰਨ ਦੇ ਦਾਅਵੇ ਕਰਕੇ ਅਖ਼ਬਾਰਾਂ ਵਿੱਚ ਖ਼ਬਰਾਂ ਲਗਵਾਉਂਦਾ ਸੀ ਅਤੇ ਆਪਣੇ ਮਨ ਦੀ ਤਸੱਲੀ ਕਰਿਆ ਕਰਦਾ ਸੀ, ਜਦੋਂਕਿ ਪਿੱਠ ਪਿੱਛੇ ਉਹ ਖ਼ੁਦ ਇਸ ਧੰਦੇ ਵਿੱਚ ਲਿਪਤ ਸੀ।

ਗ੍ਰਿਫ਼ਤਾਰੀ ਤੋਂ ਬਾਅਦ ਪੁਲੀਸ ਵੱਲੋਂ ਸਬ ਇੰਸਪੈਕਟਰ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਕੋਲੋਂ ਲਗਾਤਾਰ ਪੁੱਛਗਿੱਛ ਕੀਤੀ ਜਾ ਰਹੀ ਹੈ। ਪੁਲੀਸ ਮੁਤਾਬਕ ਜਾਂਚ ਦੌਰਾਨ ਇਸ ਗੱਲ ਦਾ ਪਤਾ ਲਗਾਇਆ ਜਾਵੇਗਾ ਕਿ ਨਸ਼ੇ ਦੀ ਇਹ ਖੇਪ ਕਿੱਥੋਂ ਲਿਆਂਦੀ ਗਈ ਸੀ, ਇਸ ਨੂੰ ਕਿੱਥੇ ਸਪਲਾਈ ਕੀਤਾ ਜਾਣਾ ਸੀ ਅਤੇ ਇਸ ਮਾਮਲੇ ਵਿੱਚ ਹੋਰ ਕਿਹੜੇ-ਕਿਹੜੇ ਲੋਕ ਸ਼ਾਮਲ ਹਨ।

ਇਕੱਤਰ ਜਾਣਕਾਰੀ ਅਨੁਸਾਰ, ਮੁਲਜ਼ਮ ਸਬ-ਇੰਸਪੈਕਟਰ ਸਾਹਿਬ ਸਿੰਘ ਨੂੰ ਕਾਬੂ ਕਰਨ ਲਈ ਸੀ.ਆਈ.ਏ. ਸਟਾਫ਼ ਦੀ ਪੁਲਿਸ ਟੀਮ ਦੀ ਅਗਵਾਈ ਐੱਸ.ਪੀ. (ਇਨਵੈਸਟੀਗੇਸ਼ਨ) ਰਿਪੁਤਾਪਨ ਸਿੰਘ ਵੱਲੋਂ ਖ਼ੁਦ ਕੀਤੀ ਗਈ ਸੀ। ਪੁਲੀਸ ਨੇ ਯੋਜਨਾਬੱਧ ਤਰੀਕੇ ਨਾਲ ਕਾਰਵਾਈ ਕਰਦਿਆਂ ਮੁਲਜ਼ਮ ਨੂੰ ਝਬਾਲ ਦੇ ਨਜ਼ਦੀਕੀ ਪਿੰਡ ਮੱਜੂਪੁਰ ਕੋਲੋਂ ਦਬੋਚ ਲਿਆ।

ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਕਾਫ਼ੀ ਚਰਚਾ ਹੋ ਰਹੀ ਹੈ। ਪੁਲੀਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਕਾਨੂੰਨ ਸਭ ਲਈ ਬਰਾਬਰ ਹੈ। ਜੇਕਰ ਪੁਲੀਸ ਮਹਿਕਮੇ ਦਾ ਕੋਈ ਵੀ ਮੁਲਾਜ਼ਮ ਅਜਿਹੇ ਗੈਰ-ਕਾਨੂੰਨੀ ਕੰਮਾਂ ਵਿੱਚ ਸ਼ਾਮਲ ਪਾਇਆ ਜਾਂਦਾ ਹੈ, ਤਾਂ ਉਸ ਖ਼ਿਲਾਫ਼ ਨਿਯਮਾਂ ਮੁਤਾਬਕ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਫ਼ਿਲਹਾਲ ਪੁਲੀਸ ਹਰ ਪੱਖੋਂ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ।

## 'ਸਤਲੁਜ' ਫ਼ਿਲਮ 'ਤੇ ਪਾਬੰਦੀ ਖ਼ਿਲਾਫ਼ SGPC ਵੱਲੋਂ ਅੱਜ ਰੋਸ ਮਾਰਚ ਦਾ ਐਲਾਨ

**ਅੰਮ੍ਰਿਤਸਰ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਪੰਜਾਬ ਵਿੱਚ ਖਾੜਕੂਵਾਦ ਦੇ ਦੌਰ ਦੌਰਾਨ ਸਿੱਖਾਂ 'ਤੇ ਹੋਏ ਕਥਿਤ ਤਸ਼ੱਦਦ 'ਤੇ ਆਧਾਰਿਤ ਫ਼ਿਲਮ 'ਸਤਲੁਜ' ਉੱਪਰ ਲਾਈ ਪਾਬੰਦੀ ਖ਼ਿਲਾਫ਼ 10 ਜੁਲਾਈ ਨੂੰ ਅੰਮ੍ਰਿਤਸਰ ਵਿਖੇ ਡਿਪਟੀ ਕਮਿਸ਼ਨਰ (ਡੀ.ਸੀ.) ਦਫ਼ਤਰ ਤੱਕ ਇੱਕ ਵਿਸ਼ਾਲ ਰੋਸ ਮਾਰਚ ਕੱਢਿਆ ਜਾਵੇਗਾ। ਇਸ ਵਿਰੋਧ ਪ੍ਰਦਰਸ਼ਨ ਦੇ ਪ੍ਰੋਗਰਾਮ ਦਾ ਐਲਾਨ ਕਰਦਿਆਂ ਐੱਸ.ਜੀ.ਪੀ.ਸੀ. ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਰੋਸ ਮਾਰਚ ਦਾ ਮੁੱਖ ਮਕਸਦ ਫ਼ਿਲਮ ਨੂੰ ਰੋਕਣ ਵਿਰੁੱਧ ਜਥੇਬੰਦੀ ਦਾ ਸਖ਼ਤ ਵਿਰੋਧ ਦਰਜ ਕਰਵਾਉਣਾ ਅਤੇ ਸਰਕਾਰ ਨੂੰ ਇਸ ਪਾਬੰਦੀ ਨੂੰ ਤੁਰੰਤ ਹਟਾਉਣ ਦੀ ਅਪੀਲ ਕਰਨਾ ਹੈ। ਮਾਰਚ ਦੀ ਸਮਾਪਤੀ 'ਤੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਰਾਹੀਂ ਸਰਕਾਰ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਜਾਵੇਗਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਫ਼ਿਲਮ 'ਸਤਲੁਜ' ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੂੰ ਬੇਨਕਾਬ ਕਰਨ ਅਤੇ ਉਨ੍ਹਾਂ ਬੇਗੁਨਾਹ ਸਿੱਖ ਨੌਜਵਾਨਾਂ ਲਈ ਇਨਸਾਫ਼ ਮੰਗਣ ਦੇ ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਯਤਨਾਂ ਨੂੰ ਦਰਸਾਉਂਦੀ ਹੈ, ਜਿਨ੍ਹਾਂ ਨੂੰ ਕਥਿਤ ਤੌਰ 'ਤੇ ਝੂਠੇ ਪੁਲੀਸ ਮੁਕਾਬਲਿਆਂ ਵਿੱਚ ਮਾਰ ਦਿੱਤਾ ਗਿਆ ਸੀ।

ਉਨ੍ਹਾਂ ਕਿਹਾ ਕਿ ਇਹ ਫ਼ਿਲਮ ਸਿੱਖ ਨੌਜਵਾਨਾਂ 'ਤੇ ਹੋਏ ਅੱਤਿਆਚਾਰਾਂ ਨੂੰ ਪਰਦੇ 'ਤੇ ਲਿਆਉਂਦੀ ਹੈ ਅਤੇ ਸਰਕਾਰੀ ਜਬਰ ਦੇ ਉਸ ਦੌਰ ਦੇ ਦਸਤਾਵੇਜ਼ੀ ਤੱਥਾਂ ਨੂੰ ਪੇਸ਼ ਕਰਦੀ ਹੈ।

## ਵਾਇਨਾਡ ਜ਼ਿਲ੍ਹੇ ਵਿੱਚ ਜ਼ਮੀਨ ਖਿਸਕਣਮਰਨ ਵਾਲਿਆਂ ਦੀ ਗਿਣਤੀ 6 ਹੋਈ; 2 ਅਜੇ ਵੀ ਲਾਪਤਾ

**ਨਵੀਂ ਦਿੱਲੀ, 9 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**

ਕੇਰਲ ਦੇ ਵਾਇਨਾਡ ਜ਼ਿਲ੍ਹੇ ਵਿੱਚ ਵਾਪਰੇ ਦਰਦਨਾਕ ਜ਼ਮੀਨ ਖਿਸਕਣ (ਲੈਂਡਸਲਾਈਡ) ਦੇ ਹਾਦਸੇ ਵਿੱਚ ਮਰਨ ਵਾਲਿਆਂ ਦੀ ਗਿਣਤੀ ਵੀਰਵਾਰ ਨੂੰ ਛੇ ਤੱਕ ਪਹੁੰਚ ਗਈ ਹੈ। ਬਚਾਅ ਕਾਰਜਾਂ ਦੌਰਾਨ ਤਿੰਨ ਹੋਰ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਅਧਿਕਾਰੀਆਂ ਮੁਤਾਬਕ ਮ੍ਰਿਤਕਾਂ ਦੀ ਪਛਾਣ ਤਿੰਨ ਪਰਵਾਸੀ ਮਜ਼ਦੂਰਾਂ-ਉੱਤਰ ਪ੍ਰਦੇਸ਼ ਦੇ ਸਰਵੇਅਰ ਅਜ਼ਹਰੂਦੀਨ ਅੰਸਾਰੀ, ਹਿਮਾਚਲ ਪ੍ਰਦੇਸ਼ ਦੇ ਇੰਜੀਨੀਅਰ ਰਾਹੁਲ ਸ਼ਰਮਾ ਅਤੇ ਬਿਹਾਰ ਦੇ ਐਕਸਕਾਵੇਟਰ (ਖੁਦਾਈ ਮਸ਼ੀਨ) ਓਪਰੇਟਰ ਮੁਹੰਮਦ ਇਮਰਾਨ ਵਜੋਂ ਹੋਈ ਹੈ।

ਮੀਡੀਆ ਨੂੰ ਸੰਬੋਧਨ ਕਰਦਿਆਂ ਕੇਰਲ ਦੇ ਮੰਤਰੀ ਏ.ਪੀ. ਅਨਿਲ ਕੁਮਾਰ ਅਤੇ ਟੀ. ਸਿੱਦੀਕ ਨੇ ਦੱਸਿਆ ਕਿ ਇੱਕ ਲਾਸ਼ ਖੋਜ ਖੇਤਰ ਦੇ ਜ਼ੋਨ 1 ਵਿੱਚੋਂ ਅਤੇ ਦੂਜੀ ਨਦੀ ਵਿੱਚੋਂ ਮਿਲੀ ਹੈ। ਉਨ੍ਹਾਂ ਕਿਹਾ ਕਿ ਹੁਣ ਖੋਜ ਮੁਹਿੰਮ ਨੂੰ ਜ਼ੋਨ 1 ਅਤੇ 2 ਸਮੇਤ ਨਦੀ ਦੇ ਨੇੜਲੇ ਇਲਾਕਿਆਂ ਵਿੱਚ ਕੇਂਦਰਿਤ ਕੀਤਾ ਜਾ ਰਿਹਾ ਹੈ।

ਇਨ੍ਹਾਂ ਤਾਜ਼ਾ ਬਰਾਮਦਗੀਆਂ ਤੋਂ ਬਾਅਦ ਹੁਣ ਦੋ ਲੋਕ ਅਜੇ ਵੀ ਲਾਪਤਾ ਹਨ, ਜਿਨ੍ਹਾਂ ਦੀ ਭਾਲ ਲਈ ਸਰਚ ਅਪਰੇਸ਼ਨ ਲਗਾਤਾਰ ਜਾਰੀ ਹੈ। ਜ਼ਿਕਰਯੋਗ ਹੈ ਕਿ ਇਹ ਹਾਦਸਾ 7 ਜੁਲਾਈ ਨੂੰ 'ਅਨਾਕਾਮਪੋਇਲ-ਮੇਪਾਡੀ ਸੁਰੰਗ ਪ੍ਰੋਜੈਕਟ' ਦੇ ਨਿਰਮਾਣ ਸਥਾਨ 'ਤੇ ਵਾਪਰਿਆ ਸੀ, ਜੋ ਵਾਇਨਾਡ ਅਤੇ ਕੋਜ਼ੀਕੋਡ ਜ਼ਿਲ੍ਹਿਆਂ ਵਿਚਕਾਰ ਸੰਪਰਕ ਨੂੰ ਬਿਹਤਰ ਬਣਾਉਣ ਲਈ ਬਣਾਈ ਜਾ ਰਹੀ ਹੈ

## ਬਰਿੰਦਰ ਕੁਮਾਰ ਗੋਇਲ ਵਲੋਂ ਰਿਆੜਕੀ ਰਾਜਬਾਹ ਸਿਸਟਮ ਅਧੀਨ ਨਹਿਰਾਂ ਅਤੇ ਰਾਜਬਾਹ ਸਠਿਆਲੀ ਦੀ ਕੰਕਰੀਟ ਲਾਈਨਿੰਗ ਦੇ ਕੰਮ ਅਤੇ ਖਾਲੇ ਪੱਕੇ ਕਰਨ ਦਾ ਉਦਘਾਟਨ

**ਚੰਡੀਗੜ੍ਹ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਗੁਰਦਾਸਪੁਰ ਪਹੁੰਚੇ। ਉਨ੍ਹਾਂ ਵਲੋਂ ਰਿਆੜਕੀ ਰਾਜਬਾਹ ਸਿਸਟਮ ਦੇ ਅਧੀਨ ਆਉਂਦੀਆਂ ਨਹਿਰਾਂ ਅਤੇ ਰਾਜਬਾਹ ਸਠਿਆਲੀ ਦੀ ਕੰਕਰੀਟ ਲਾਈਨਿੰਗ ਦਾ ਕੰਮ (ਲੰਬਾਈ 69 ਕਿ.ਮੀ ਅਨੁਮਾਨਤ ਲਾਗਤ 30.50 ਕਰੋੜ ਰੁਪਏ) ਅਤੇ ਖਾਲ਼ੇ (ਲੰਬਾਈ 45.73 ਕਿ.ਮੀ ਅਨੁਮਾਨਤ ਲਾਗਤ 12.20 ਕਰੋੜ ਰੁਪਏ) ਨਾਲ ਪੱਕੇ ਕਰਨ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸ: ਗੁਰਇਕਬਾਲ ਸਿੰਘ ਮਾਹਲ ਹਲਕਾ ਇੰਚਾਰਜ ਕਾਦੀਆਂ ਰਮਨ ਬਹਿਲ ਹਲਕਾ ਇੰਚਾਰਜ ਗੁਰਦਾਸਪੁਰ, ਐੱਸ ਡੀ ਓ ਨਹਿਰੀ ਕੁਲਦੀਪ ਸਿੰਘ, ਐੱਸ ਡੀ ਓ ਡਰੇਨਜ ਅਮਿਤ ਲੂਣਾ, ਜੇ.ਈ ਗੁਰਿੰਦਰ ਸਿੰਘ ਅਤੇ ਜਲ ਸਰੋਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਨਹਿਰੀ ਸਿੰਚਾਈ ਨੂੰ ਮਜ਼ਬੂਤ ਕਰਨ, ਖੇਤੀਬਾੜੀ ਨੂੰ ਹੋਰ ਲਾਭਕਾਰੀ ਬਣਾਉਣ ਅਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਇਤਿਹਾਸਕ ਕੰਮ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਰਿਆੜਕੀ ਰਾਜਬਾਹ ਸਿਸਟਮ ਦੇ ਅਧੀਨ ਆਉਂਦੀਆਂ ਨਹਿਰਾਂ ਅਤੇ ਰਾਜਬਾਹ ਨਾਲ 45000 ਏਕੜ ਨੂੰ ਨਹਿਰੀ ਪਾਣੀ ਮਿਲੇਗਾ। ਉਨ੍ਹਾਂ ਦੱਸਿਆ ਕਿ ਪਹਿਲਾਂ ਇਸ ਰਜਬਾਹੇ ਦੀ ਕਪੈਸਟੀ 215 ਕਿਊਸਿਕ ਸੀ, ਪਰ ਹੁਣ 385 ਕਿਊਸਿਕ ਹੋ ਗਈ ਹੈ। ਉਨ੍ਹਾਂ ਕਿਹਾ ਕਿ ਨਹਿਰੀ ਵਿਭਾਗ ਵਲੋਂ ਪਿਛਲੇ ਸਾਲਾਂ ਤੋਂ ਨਿਰੰਤਰ ਮਿਹਨਤ ਕੀਤੀ ਹੈ, ਜਿਸ ਸਦਕਾ ਧਰਤੀ ਹੇਠਲਾ ਪਾਣੀ ਬਚਾਇਆ ਗਿਆ ਹੈ ਅਤੇ ਨਹਿਰੀ ਪਾਣੀ ਖੇਤਾਂ ਤੱਕ ਪਹੁੰਚਾਇਆ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾ ਕੇ ਸਰਕਾਰ ਨੇ ਨਾ ਸਿਰਫ਼ ਕਿਸਾਨਾਂ ਨੂੰ ਵੱਡੀ ਰਾਹਤ ਦਿੱਤੀ ਹੈ, ਸਗੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਵੱਲ ਵੀ ਇਤਿਹਾਸਕ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹਜ਼ਾਰਾਂ ਕਿਲੋਮੀਟਰ ਨਹਿਰਾਂ ਅਤੇ ਖਾਲਿਆਂ ਦੀ ਉਸਾਰੀ ਅਤੇ ਮੁਰੰਮਤ ਕਰਕੇ ਸਿੰਚਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ। ਪਹਿਲਾਂ ਪੰਜਾਬ ਦੇ ਹਿੱਸੇ ਦਾ ਕੇਵਲ 26 ਫ਼ੀਸਦੀ ਪਾਣੀ ਹੀ ਸਿੰਚਾਈ ਲਈ ਵਰਤਿਆ ਜਾਂਦਾ ਸੀ, ਜਦਕਿ ਹੁਣ ਇਹ ਹਿੱਸਾ ਵਧ ਕੇ ਲਗਭਗ 80 ਫ਼ੀਸਦੀ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਸ ਨੂੰ 86 ਫ਼ੀਸਦੀ ਤੱਕ ਲਿਜਾਣ ਦਾ ਟੀਚਾ ਹੈ।

ਬਰਸਾਤ ਦੇ ਮੌਸਮ ਦੀਆਂ ਤਿਆਰੀਆਂ ਬਾਰੇ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਸਾਲ ਹੜ੍ਹਾਂ ਦੌਰਾਨ ਜਿੱਥੇ-ਜਿੱਥੇ ਕਮਜ਼ੋਰ ਅਤੇ ਸੰਵੇਦਨਸ਼ੀਲ ਥਾਵਾਂ ਦੀ ਪਛਾਣ ਹੋਈ ਸੀ, ਉੱਥੇ ਮਜ਼ਬੂਤੀਕਰਨ ਅਤੇ ਮੁਰੰਮਤ ਦੇ ਸਾਰੇ ਕੰਮ ਪਹਿਲਾਂ ਹੀ ਮੁਕੰਮਲ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਵਲੋਂ ਲਗਾਤਾਰ ਵੱਖ ਵੱਖ ਡਰੇਨਜ ਦੀਆਂ ਸਫਾਈ ਦਾ ਜਾਇਜ਼ਾ ਵੀ ਲਿਆ ਜਾ ਰਿਹਾ ਹੈ ਅੱਜ ਅਧਿਕਾਰੀਆਂ ਨਾਲ ਗੁਰਦਾਸਪੁਰ-ਨਬੀਪੁਰ ਡਰੇਨਜ ਦੇ ਸਫਾਈ ਪ੍ਰਬੰਧਾਂ ਦਾ ਨਿਰੀਖਣ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਾਰੇ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਗਏ ਹਨ ਤਾਂ ਜੋ ਬਰਸਾਤ ਦੇ ਮੌਸਮ ਦੌਰਾਨ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵਲੋਂ ਜੋ ਲੋਕਾਂ ਨਾਲ ਵਾਅਦੇ ਕੀਤੇ ਗਏ ਸਨ, ਉਹ ਪੂਰੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮੁਫ਼ਤ ਬਿਜਲੀ ਦੀ ਸਹੂਲਤ ਨਿਰਵਿਘਨ ਜਾਰੀ ਹੈ। 10 ਲੱਖ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਗਈ।

## ਪੰਥਕ ਏਕਤਾ ਲਈ ਗਾਜ਼ੀਆਬਾਦ ਵਿਖੇ ਐੱਨ.ਸੀ.ਆਰ. ਸਿੱਖ ਕਨਵੈਨਸ਼ਨ 11 ਨੂੰ: ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਾਜ਼ੀਆਬਾਦ ਦੀ ਸਮੂਹ ਸੰਗਤ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਂਝੇ ਯਤਨਾਂ ਅਤੇ ਸਹਿਯੋਗ ਨਾਲ ਪੰਥਕ ਏਕਤਾ, ਕੌਮੀ ਜਾਗਰੂਕਤਾ ਅਤੇ ਸਿੱਖ ਕੌਮ ਦੀ ਚੜ੍ਹਦੀਕਲਾ ਨੂੰ ਸਮਰਪਿਤ ਇੱਕ ਵਿਸ਼ੇਸ਼ ਐੱਨ.ਸੀ.ਆਰ. ਸਿੱਖ ਕਨਵੈਨਸ਼ਨ 11 ਜੁਲਾਈ 2026, ਦਿਨ ਸ਼ਨੀਵਾਰ, ਸ਼ਾਮ 4:00 ਵਜੇ ਸੰਸਾਰਾ ਬੈਂਕੁਇਟ ਹਾਲ, ਵਸੁੰਧਰਾ, ਗਾਜ਼ੀਆਬਾਦ ਵਿਖੇ ਕਰਵਾਈ ਜਾ ਰਹੀ ਹੈ।

ਸਰਦਾਰ ਕਾਲਕਾ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਸਿੱਖ ਪੰਥ ਦੀ ਏਕਤਾ, ਆਪਸੀ ਭਾਈਚਾਰੇ ਅਤੇ ਸਾਂਝੀ ਸੋਚ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਮੰਤਵ ਨਾਲ ਕਰਵਾਈ ਜਾ ਰਹੀ ਇਹ ਕਨਵੈਨਸ਼ਨ ਸੰਗਤਾਂ ਨੂੰ ਇੱਕ ਸਾਂਝੇ ਮੰਚ 'ਤੇ ਇਕੱਠੇ ਕਰਕੇ ਪੰਥ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨ ਅਤੇ ਭਵਿੱਖ ਲਈ ਸਾਂਝੀ ਦਿਸ਼ਾ ਤੈਅ ਕਰਨ ਦਾ ਅਹਿਮ ਉਪਰਾਲਾ ਹੋਵੇਗੀ।

ਉਨ੍ਹਾਂ ਐੱਨ.ਸੀ.ਆਰ., ਦਿੱਲੀ, ਗਾਜ਼ੀਆਬਾਦ, ਨੋਇਡਾ, ਗ੍ਰੇਟਰ ਨੋਇਡਾ, ਗੁਰੂਗ੍ਰਾਮ, ਫਰੀਦਾਬਾਦ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਵਸਦੀਆਂ ਸਮੂਹ ਸੰਗਤਾਂ ਨੂੰ ਇਸ ਕਨਵੈਨਸ਼ਨ ਵਿੱਚ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਸਰਦਾਰ ਕਾਲਕਾ ਨੇ ਕਿਹਾ, ਆਓ, ਪੰਥ ਦੀ ਬਿਹਤਰੀ, ਕੌਮ ਦੀ ਏਕਤਾ ਅਤੇ ਚੜ੍ਹਦੀਕਲਾ ਲਈ ਆਪਾਂ ਸਾਰੇ ਇੱਕਜੁੱਟ ਹੋਈਏ ਅਤੇ ਇਸ ਇਤਿਹਾਸਕ ਕਨਵੈਨਸ਼ਨ ਨੂੰ ਆਪਣੀ ਭਰਪੂਰ ਹਾਜ਼ਰੀ ਨਾਲ ਕਾਮਯਾਬ ਬਣਾਈਏ।

## ਸੰਪਾਦਕੀ

# ਪੰਜਾਬ ਦੇ ਲੋਕਾਂ ਨੂੰ ਰਾਜਨੀਤਿਕ ਪਾਰਟੀਆਂ ਤੋਂ ਨਵੀਆਂ ਉਮੀਦਾਂ ਅਤੇ ਭਵਿੱਖ ਦੀ ਚਿੰਤਾ

ਪੰਜਾਬ ਦੀ ਰਾਜਨੀਤੀ ਹਮੇਸ਼ਾ ਹੀ ਦੇਸ਼ ਦੀ ਸਿਆਸਤ ਵਿੱਚ ਇੱਕ ਵੱਖਰਾ ਸਥਾਨ ਰੱਖਦੀ ਆਈ ਹੈ। ਪੰਜਾਬ ਦੀ ਰਾਜਨੀਤਿਕ ਸੋਚ ਸਿਰਫ਼ ਸੱਤਾ ਦੀ ਲੜਾਈ ਤੱਕ ਸੀਮਿਤ ਨਹੀਂ, ਸਗੋਂ ਕਿਸਾਨੀ, ਧਾਰਮਿਕ ਪਛਾਣ, ਖੇਤਰੀ ਹੱਕਾਂ ਅਤੇ ਸਮਾਜਿਕ ਮੁੱਦਿਆਂ ਨਾਲ ਡੂੰਘੇ ਤੌਰ ਤੇ ਜੁੜੀ ਹੋਈ ਹੈ। ਬਦਲਦੇ ਸਮੇਂ ਦੇ ਨਾਲ ਪੰਜਾਬ ਦੀ ਰਾਜਨੀਤੀ ਵਿੱਚ ਵੀ ਵੱਡੇ ਬਦਲਾਅ ਆਏ ਹਨ ਅਤੇ ਹੁਣ ਵੋਟਰ ਪਹਿਲਾਂ ਨਾਲੋਂ ਵੱਧ ਸਮਝਦਾਰ ਅਤੇ ਸਰਕਾਰ ਤੋਂ ਜਵਾਬਦੇਹੀ ਦੀ ਉਮੀਦ ਰੱਖਦੇ ਹਨ।

ਪੰਜਾਬ ਵਿਚ ਲੰਮੇ ਸਮੇਂ ਤੋਂ ਦੋ ਰਾਜਨੀਤਿਕ ਪਾਰਟੀਆਂ ਨੇ ਰਾਜ ਕੀਤਾ ਹੈ। ਇੱਕ ਕੇਂਦਰ ਦੀ ਕਾਂਗਰਸ ਸਰਕਾਰ ਅਤੇ ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ। ਇਹ ਦੋਵੇਂ ਪਾਰਟੀਆਂ ਆਪਣੀ ਵਿਚਾਰਧਾਰ ਅਨੁਸਾਰ ਸੂਬੇ ਦੀ ਅਗਵਾਈ ਕਰਦੀਆਂ ਰਹੀਆਂ ਹਨ। ਆਪਣੇ—ਆਪਣੇ ਏਜੰਡੇ ਅਨੁਸਾਰ ਲੋਕ—ਭਲਾਈ ਸਕੀਮਾਂ ਦੇ ਦਾਅਵੇ ਅਤੇ ਵਿਕਾਸ ਕਰਦੀਆਂ ਰਹੀਆਂ ਹਨ। ਸਮੇਂ ਦੇ ਨਾਲ ਲੋਕਾਂ ਦੀ ਸੋਚ ਵਿੱਚ ਤਬਦੀਲੀ ਆਈ ਅਤੇ ਇੱਕ ਨਵੀਂ ਪਾਰਟੀ (ਆਮ ਆਦਮੀ ਪਾਰਟੀ) ਉੱਭਰ ਕੇ ਆਈ ਅਤੇ ਪੰਜਾਬ ਵਿਚ ਨਵੇਂ ਰਾਜਨੀਤਿਕ ਵਿਕਲਪ ਦਾ ਮਾਹੌਲ ਬਣਿਆ।

2022 ਵਿਚ ਕਈ ਦਹਾਕਿਆਂ ਤੋਂ ਚੱਲਦਾ ਸਿਲਸਿਲਾ ਵਾਰੀ ਵਾਰੀ ਇੱਕ ਦਮ ਹੀ ਬਦਲ ਗਿਆ। ਪੰਜਾਬ ਦੇ ਇਤਿਹਾਸ ਵਿਚ ਇੱਕ ਨਵਾਂ ਮੋੜ ਆਇਆ। ਜਦੋਂ ਆਮ ਆਦਮੀ ਪਾਰਟੀ 117 ਸੀਟਾਂ ਵਿਚੋਂ 92 ਸੀਟਾਂ ਤੋਂ ਜਿੱਤ ਹਾਸਲ ਕਰ ਕੇ ਪੰਜਾਬੀਆਂ ਨੂੰ ਇਕ ਨਵੀਂ ਸੋਚ ਅਤੇ ਵਿਕਾਸ ਕਾਰਜਾਂ ਦੇ ਆਧਾਰ ਤੇ ਸਰਕਾਰ ਬਨਾਉਣ ਵਿਚ ਸਫਲ ਰਹੀ।

ਆਮ ਆਦਮੀ ਪਾਰਟੀ ਨੇ ਭ੍ਰਿਸ਼ਟਾਚਾਰ ਵਿਰੁੱਧ ਲੜਾਈ, ਸਿੱਖਿਆ ਅਤੇ ਸਿਹਤ ਖੇਤਰ ਵਿੱਚ ਸੁਧਾਰਾਂ ਦੇ ਵਾਅਦਿਆਂ ਨੇ ਵੱਡੀ ਗਿਣਤੀ ਵਿੱਚ ਵੋਟਰਾਂ ਨੂੰ ਪ੍ਰਭਾਵਿਤ ਕੀਤਾ। ਇਸ ਨਾਲ ਰਵਾਇਤੀ ਦੋ—ਧੁਰੀ ਸਿਆਸਤ ਦੀ ਥਾਂ ਬਹੁਪੱਖੀ ਮੁਕਾਬਲੇ ਦਾ ਦੌਰ ਸ਼ੁਰੂ ਹੋਇਆ, ਜਿਸ ਨਾਲ ਲੋਕਤੰਤਰ ਹੋਰ ਮਜਬੂਤ ਬਣਿਆ।

ਪੰਜਾਬ ਦੀ ਆਰਥਿਕਤਾ ਦਾ ਮੁੱਖ ਆਧਾਰ ਅੱਜ ਵੀ ਖੇਤੀਬਾੜੀ ਹੈ। ਇਸ ਲਈ ਕਿਸਾਨੀ ਨਾਲ ਜੁੜੇ ਮੁੱਦੇ ਹਮੇਸ਼ਾ ਚੋਣੀ ਰਾਜਨੀਤੀ ਦੇ ਕੇਂਦਰ ਵਿੱਚ ਰਹਿੰਦੇ ਹਨ। ਖੇਤੀ ਕਾਨੂੰਨਾਂ ਵਿਰੁੱਧ ਕਿਸਾਨ ਅੰਦੋਲਨ ਨੇ ਇਹ ਸਾਬਤ ਕੀਤਾ ਕਿ ਪੰਜਾਬ ਦਾ ਕਿਸਾਨ ਆਪਣੇ ਹੱਕਾਂ ਲਈ ਇੱਕਜੁੱਟ ਹੋ ਕੇ ਸ਼ਾਂਤਮਈ ਅਤੇ ਪ੍ਰਭਾਵਸ਼ਾਲੀ ਸੰਘਰਸ਼ ਕਰਨ ਦੀ ਸਮਰੱਥਾ ਰੱਖਦਾ ਹੈ। ਇਸ ਅੰਦੋਲਨ ਨੇ ਨਾ ਸਿਰਫ਼ ਰਾਜ, ਸਗੋਂ ਪੂਰੇ ਦੇਸ਼ ਦੀ ਰਾਜਨੀਤੀ ਨੂੰ ਪ੍ਰਭਾਵਿਤ ਕੀਤਾ ਅਤੇ ਆਪਣੀ ਪੰਜਾਬੀਅਤ ਹੋਣ ਦੀ ਸ਼ਾਨਦਾਰ ਤਰੀਕੇ ਨਾਲ ਜੇਤੂ ਕਰਾਰ ਦਿੱਤਾ।

ਇਸ ਦੇ ਨਾਲ ਹੀ ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ, ਉਦਯੋਗਾਂ ਦੀ ਮੰਦਹਾਲੀ ਅਤੇ ਵਾਤਾਵਰਣ ਸੰਬੰਧੀ ਚੁਣੌਤੀਆਂ ਅੱਜ ਵੀ ਪੰਜਾਬ ਸਾਹਮਣੇ ਵੱਡੇ ਸਵਾਲ ਬਣੇ ਹੋਏ ਹਨ। ਨੌਜਵਾਨਾਂ ਦਾ ਵਿਦੇਸ਼ਾਂ ਵੱਲ ਵਧਦਾ ਰੁਝਾਨ ਇਹ ਦਰਸਾਉਂਦਾ ਹੈ ਕਿ ਰੁਜ਼ਗਾਰ ਦੇ ਨਵੇਂ ਮੌਕੇ ਅਤੇ ਉਦਯੋਗਿਕ ਵਿਕਾਸ ਸਮੇਂ ਦੀ ਵੱਡੀ ਮੰਗ ਹਨ। ਧਰਤੀ ਹੇਠਲੇ ਪਾਣੀ ਦਾ ਘਟਦਾ ਪੱਧਰ, ਪ੍ਰਦੂਸ਼ਣ ਅਤੇ ਫ਼ਸਲੀ ਵਿਭਿੰਨਤਾ ਦੀ ਕਮੀ ਭਵਿੱਖ ਲਈ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ।

ਪੰਜਾਬ ਦੀ ਰਾਜਨੀਤੀ ਉੱਤੇ ਇਤਿਹਾਸ ਦਾ ਵੀ ਡੂੰਘਾ ਪ੍ਰਭਾਵ ਰਿਹਾ ਹੈ। 1980 ਦੇ ਦਹਾਕੇ ਵਿਚ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਹੋਇਆ, ਉਸ ਤੋਂ ਬਾਅਦ ਦੀਆਂ ਸਥਿਤੀਆਂ ਨੇ ਸਮਾਜ ਅਤੇ ਰਾਜਨੀਤੀ ਦੋਵੇਂ ਹੀ ਪ੍ਰਭਾਵਿਤ ਹੋਈਆਂ। ਅੱਜ ਦਾ ਪੰਜਾਬ ਸ਼ਾਂਤੀ ਅਤੇ ਤਰੱਕੀ ਵੱਲ ਵਧ ਰਿਹਾ ਹੈ, ਪਰ ਇਤਿਹਾਸ ਤੋਂ ਸਬਕ ਲੈ ਕੇ ਸਮਾਜਿਕ ਸਦਭਾਵਨਾ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਬਣਾਈ ਰੱਖਣਾ ਬਹੁਤ ਹੀ ਜ਼ਰੂਰੀ ਹੈ।

ਅੱਜ ਦੇ ਸਮੇਂ ਵਿੱਚ ਪੰਜਾਬ ਦੇ ਲੋਕ ਸਿਰਫ਼ ਚੋਣੀ ਵਾਅਦਿਆਂ ਨਾਲ ਸੰਤੁਸ਼ਟ ਨਹੀਂ ਹੁੰਦੇ। ਉਹ ਵਿਕਾਸਸ਼ੀਲ ਨਤੀਜੇ ਚਾਹੁੰਦੇ ਹਨ। ਜਿਵੇਂ ਕਿ ਸਿੱਖਿਆ, ਸਿਹਤ, ਰੁਜ਼ਗਾਰ, ਸੜਕਾਂ, ਵਪਾਰਿਕ ਉਦਯੋਗ ਅਤੇ ਖੇਤੀ—ਹਰ ਖੇਤਰ ਵਿੱਚ ਵਿਕਾਸ ਚਾਹੁੰਦੇ ਹਨ।

**-ਛੱਤਰਪਾਲ ਸਿੰਘ**

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਪੁਖ਼ਤਾ ਅੰਕੜਿਆਂ ਬਾਝੋਂ ਅਧੂਰੀ ਹੈ ਈਥਾਨੌਲ ਨੀਤੀ


**ਦਿਨੇਸ਼ ਸ਼ਰਮਾ**

ਅੱਜਕੱਲ੍ਹ ਅਲਕੋਹਲ ਇੱਕ ਵੱਡੇ ਵਿਵਾਦ ਦੇ ਕੇਂਦਰ ਵਿੱਚ ਹੈ। ਪੈਟਰੋਲ ਵਿੱਚ ਈਥਾਨੌਲ ਮਿਲਾਉਣ ਦੀ ਨੀਤੀ ਨੂੰ ਹਮਲਾਵਰ ਢੰਗ ਨਾਲ ਅੱਗੇ ਵਧਾਉਣ ਦੇ ਸਰਕਾਰੀ ਫ਼ੈਸਲੇ ਦੀ ਪਿਛਲੇ ਕੁਝ ਹਫ਼ਤਿਆਂ ਤੋਂ ਤਿੱਖੀ ਜਨਤਕ ਆਲੋਚਨਾ ਹੋ ਰਹੀ ਹੈ, ਹਾਲਾਂਕਿ ਇਹ ਨੀਤੀ ਸਾਲ 2022 ਤੋਂ ਲਾਗੂ ਹੈ। ਪੈਟਰੋਲ ਵਿੱਚ 20 ਫ਼ੀਸਦੀ ਈਥਾਨੌਲ ਮਿਲਾਉਣ ਦਾ ਸ਼ੁਰੂਆਤੀ ਟੀਚਾ ਪਹਿਲਾਂ 2030 ਮਿੱਥਿਆ ਗਿਆ ਸੀ ਪਰ ਬਾਅਦ ਵਿੱਚ ਇਸ ਨੂੰ ਘਟਾ ਕੇ 2025 ਕਰ ਦਿੱਤਾ ਗਿਆ। ਇਸ ਨੀਤੀ ਦੇ ਫਾਇਦਿਆਂ ਬਾਰੇ ਕਈ ਤਰ੍ਹਾਂ ਦੇ ਦਾਅਵੇ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਊਰਜਾ ਸੁਰੱਖਿਆ, ਵਿਦੇਸ਼ੀ ਮੁਦਰਾ ਦੀ ਬੱਚਤ ਤੋਂ ਲੈ ਕੇ ਕਿਸਾਨਾਂ ਦੀ ਭਲਾਈ ਤੱਕ ਸ਼ਾਮਲ ਹੈ। ਦੂਜੇ ਪਾਸੇ ਵਾਹਨ ਚਾਲਕ ਇੰਜਣ ਖ਼ਰਾਬ ਹੋਣ ਅਤੇ ਮਾਈਲੇਜ ਘਟਣ ਦੀਆਂ ਸ਼ਿਕਾਇਤਾਂ ਕਰ ਰਹੇ ਹਨ। ਇਸ ਦੇ ਬਚਾਅ ਵਿੱਚ ਸਰਕਾਰ ਦਾ ਕਹਿਣਾ ਹੈ ਕਿ ਇਹ ਨੀਤੀ ਤੱਥਾਂ 'ਤੇ ਆਧਾਰਿਤ ਹੈ ਅਤੇ ਇਸ ਪਿੱਛੇ ਪੁਖ਼ਤਾ ਅੰਕੜੇ ਹਨ। ਹਾਲਾਂਕਿ ਸਰਕਾਰ ਵੱਲੋਂ ਉਦਯੋਗਿਕ ਜਥੇਬੰਦੀਆਂ ਦੇ ਜਿਨ੍ਹਾਂ ਅਧਿਐਨਾਂ ਦਾ ਹਵਾਲਾ ਦਿੱਤਾ ਜਾ ਰਿਹਾ ਹੈ, ਉਹ ਗੁਪਤ ਅਤੇ ਕਿਧਰੇ ਛਪੇ ਨਹੀਂ ਹਨ।

ਵਾਹਨਾਂ 'ਤੇ ਈਥਾਨੌਲ-ਮਿਸ਼ਰਿਤ ਬਾਲਣ ਦੇ ਪੈਣ ਵਾਲੇ ਪ੍ਰਭਾਵਾਂ ਬਾਰੇ ਸਰਕਾਰੀ ਦਾਅਵਿਆਂ ਦੀ ਪੁਸ਼ਟੀ ਕਰਨ ਵਾਲਾ ਕੋਈ ਵੀ ਸੁਤੰਤਰ ਜਾਂ ਨਿਰਪੱਖ ਅਧਿਐਨ ਮੌਜੂਦ ਨਹੀਂ ਹੈ। ਜੇਕਰ ਈਥਾਨੌਲ-ਮਿਸ਼ਰਿਤ ਪੈਟਰੋਲ ਦੀ ਵਰਤੋਂ ਕਰਨ ਵਾਲੀਆਂ ਕਾਰਾਂ ਦੀ ਮਾਈਲੇਜ ਘਟ ਰਹੀ ਹੈ (ਹੁਣ ਕਾਰ ਨਿਰਮਾਤਾ ਕੰਪਨੀਆਂ ਨੇ ਵੀ ਮੰਨਿਆ ਹੈ) ਅਤੇ ਵਾਹਨਾਂ ਦੇ ਇੰਜਣ ਖ਼ਰਾਬ ਹੋ ਰਹੇ ਹਨ ਤਾਂ ਇਸ ਨਾਲ ਆਮ ਲੋਕਾਂ 'ਤੇ ਆਰਥਿਕ ਬੋਝ ਹੋਰ ਵਧੇਗਾ। ਇਸ ਤੋਂ ਇਲਾਵਾ, ਖੇਤੀਬਾੜੀ ਅਤੇ ਖੁਰਾਕ ਮਾਹਿਰਾਂ ਨੇ ਚੇਤਾਵਨੀ ਦਿੱਤੀ ਹੈ ਕਿ ਈਥਾਨੌਲ ਦੀ ਵਧਦੀ ਮੰਗ ਕਾਰਨ ਭੋਜਨ ਸੁਰੱਖਿਆ ਪ੍ਰਭਾਵਿਤ ਹੋ ਸਕਦੀ ਹੈ। ਅਜਿਹਾ ਇਸ ਲਈ ਕਿਉਂਕਿ ਕਿਸਾਨ ਰਵਾਇਤੀ ਫ਼ਸਲਾਂ ਛੱਡ ਕੇ ਵੱਧ ਪਾਣੀ ਖਪਤ ਕਰਨ ਵਾਲੀ ਗੰਨੇ ਦੀ ਖੇਤੀ ਵੱਲ ਮੁੜ ਸਕਦੇ ਹਨ ਅਤੇ ਈਥਾਨੌਲ ਬਣਾਉਣ ਵਾਲੀਆਂ ਕੰਪਨੀਆਂ ਮੱਕੀ ਅਤੇ ਝੋਨੇ ਦੀ ਵਰਤੋਂ ਕੱਚੇ ਮਾਲ ਵਜੋਂ ਕਰ ਰਹੀਆਂ ਹਨ। ਸਰਕਾਰ ਨੂੰ ਆਲੋਚਕਾਂ ਦੀ ਨੀਅਤ 'ਤੇ ਸਵਾਲ ਚੁੱਕਣ ਅਤੇ ਜਨਤਕ ਰੋਸ ਨੂੰ ਖਾਰਜ ਕਰਨ ਦੀ ਬਜਾਏ ਆਪਣੀ ਨੀਤੀ ਦੇ ਉਦੇਸ਼ਾਂ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਅਤੇ ਇਸ ਦੇ ਫਾਇਦਿਆਂ ਦੇ ਪੁਖ਼ਤਾ ਸਬੂਤ ਪੇਸ਼ ਕਰਨੇ ਚਾਹੀਦੇ ਹਨ।

ਅਕਸਰ ਬ੍ਰਾਜ਼ੀਲ ਦੀ ਉਦਾਹਰਨ ਦਿੱਤੀ ਜਾਂਦੀ ਹੈ ਜਿੱਥੇ 1980ਵਿਆਂ ਦੇ ਦਹਾਕੇ ਵਿੱਚ ਈਥਾਨੌਲ ਮਿਲਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਸੀ। ਪਰ ਇਸ ਦੇ ਲੰਮੇ ਸਮੇਂ ਦੇ ਪ੍ਰਭਾਵ ਹੁਣ ਸਾਹਮਣੇ ਆ ਰਹੇ ਹਨ। ਇਹ ਨੀਤੀ 1970ਵਿਆਂ ਦੇ ਦਹਾਕੇ ਵਿੱਚ ਖੰਡ (ਚੀਨੀ) ਦੇ ਲੋੜੋਂ ਵੱਧ ਉਤਪਾਦਨ ਦਾ ਸਿੱਧਾ ਨਤੀਜਾ ਸੀ ਅਤੇ ਇਸ ਨੂੰ ਖੰਡ ਉਦਯੋਗ ਦੇ ਦਬਾਅ (ਸ਼ੂਗਰ ਲਾਬੀ) ਹੇਠ ਲਾਗੂ ਕੀਤਾ ਗਿਆ ਸੀ। ਪਿਛਲੇ ਚਾਰ ਦਹਾਕਿਆਂ ਦੌਰਾਨ ਇਸ ਨੀਤੀ ਕਾਰਨ ਜ਼ਮੀਨ ਦੀ ਵਰਤੋਂ ਦੇ ਪੈਟਰਨ ਵਿੱਚ ਵੱਡੀ ਤਬਦੀਲੀ ਆਈ ਹੈ। ਬਾਲਣ ਵਾਲੀਆਂ ਫ਼ਸਲਾਂ ਲਈ ਜਗ੍ਹਾ ਬਣਾਉਣ ਵਾਸਤੇ ਐਮਾਜ਼ੋਨ ਦੇ ਜੰਗਲਾਂ ਦੀ ਅੰਨ੍ਹੇਵਾਹ ਕਟਾਈ ਕੀਤੀ ਗਈ ਜਿਸ ਕਾਰਨ ਵੱਡੀ ਮਾਤਰਾ ਵਿੱਚ ਗ੍ਰੀਨਹਾਊਸ ਗੈਸਾਂ ਦਾ ਨਿਕਾਸ ਹੋਇਆ। ਉਂਝ ਵੀ ਭਾਰਤ ਦੇ ਜਲਵਾਯੂ ਅਤੇ ਮਿੱਟੀ ਦੇ ਹਾਲਾਤ ਬ੍ਰਾਜ਼ੀਲ ਵਰਗੇ ਨਹੀਂ ਹਨ ਜੋ ਇੰਨੇ ਵੱਡੇ ਪੱਧਰ 'ਤੇ ਊਰਜਾ ਫ਼ਸਲਾਂ (ਐਨਰਜੀ ਪਲਾਂਟੇਸ਼ਨ) ਦਾ ਬੋਝ ਝੱਲ ਸਕਣ।

ਕਿਸੇ ਵੀ ਨਵੀਂ ਤਕਨਾਲੋਜੀ ਵਾਂਗ ਹਰਿਆਵਲ ਤਕਨਾਲੋਜੀ (ਈਥਾਨੌਲ-ਮਿਸ਼ਰਿਤ ਪੈਟਰੋਲ ਜਾਂ ਇਲੈਕਟ੍ਰਿਕ ਵਾਹਨ) ਜਦੋਂ ਵੱਡੇ ਪੱਧਰ 'ਤੇ ਲਾਗੂ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਦੇ ਅਣਚਾਹੇ ਮਾੜੇ ਪ੍ਰਭਾਵ ਸਾਹਮਣੇ ਆ ਸਕਦੇ ਹਨ। ਜਿਸ ਤਰ੍ਹਾਂ ਕੋਈ ਵੀ ਨਵੀਂ ਵੈਕਸੀਨ ਜਾਂ ਦਵਾਈ ਬਾਜ਼ਾਰ ਵਿੱਚ ਲਿਆਉਣ ਤੋਂ ਪਹਿਲਾਂ ਉਸ ਦੇ ਕਲੀਨਿਕਲ ਟਰਾਇਲ ਜਾਂ ਡਾਕਟਰੀ ਪਰੀਖਣ



ਕੀਤੇ ਜਾਂਦੇ ਹਨ, ਉਸੇ ਤਰ੍ਹਾਂ ਸਾਰੀਆਂ ਨਵੀਆਂ ਤਕਨਾਲੋਜੀਆਂ ਦਾ ਵੱਖ-ਵੱਖ ਹਾਲਾਤ ਵਿੱਚ ਲੰਮੇ ਸਮੇਂ ਤੱਕ ਜ਼ਮੀਨੀ ਪਰੀਖਣ ਹੋਣਾ ਚਾਹੀਦਾ ਹੈ। ਇਸ ਦੇ ਨਾਲ ਹੀ ਇਸ ਨਾਲ ਸਬੰਧਿਤ ਅੰਕੜੇ ਸੁਤੰਤਰ ਮਾਹਿਰਾਂ ਦੀ ਪੜਚੋਲ ਲਈ ਜਨਤਕ ਕੀਤੇ ਜਾਣੇ ਚਾਹੀਦੇ ਹਨ।

ਆਵਾਜਾਈ ਅਰਥਚਾਰੇ ਦਾ ਇੱਕ ਅਹਿਮ ਹਿੱਸਾ ਹੈ ਅਤੇ ਕੋਈ ਵੀ ਨਵੀਂ ਤਕਨਾਲੋਜੀ ਲਾਗੂ ਕਰਨ ਤੋਂ ਪਹਿਲਾਂ ਉਸ ਦਾ ਹਰ ਪੱਖ ਤੋਂ ਅਧਿਐਨ ਕੀਤਾ ਜਾਣਾ ਚਾਹੀਦਾ ਹੈ। ਇਸ ਬਾਰੇ ਸਿਰਫ਼ ਨਿਰਮਾਤਾਵਾਂ ਨਾਲ ਹੀ ਨਹੀਂ ਸਗੋਂ ਸਾਰੇ ਹਿੱਸੇਦਾਰਾਂ ਨਾਲ ਡੂੰਘੀ ਵਿਚਾਰ-ਚਰਚਾ ਹੋਣੀ ਲਾਜ਼ਮੀ ਹੈ। ਇਹ ਬੇਹੱਦ ਹੈਰਾਨੀਜਨਕ ਹੈ ਕਿ ਸਰਕਾਰ ਨੇ ਵਾਹਨ ਚਾਲਕਾਂ ਦੀਆਂ ਸ਼ਿਕਾਇਤਾਂ ਜਿਵੇਂ ਕਿ ਮਾਈਲੇਜ ਘਟਣਾ ਅਤੇ ਗੱਡੀਆਂ ਦੇ ਲੋਹੇ ਤੇ ਰਬੜ ਦੇ ਪੁਰਜ਼ਿਆਂ ਦਾ ਖ਼ਰਾਬ ਹੋਣਾ, ਨੂੰ ਦਬਾਉਣ ਲਈ ਵਾਹਨ ਨਿਰਮਾਤਾ ਕੰਪਨੀਆਂ ਦਾ ਸਹਾਰਾ ਲਿਆ ਹੈ। ਦੁਨੀਆ ਭਰ ਵਿੱਚ ਵਾਹਨ ਨਿਰਮਾਤਾ ਕੰਪਨੀਆਂ ਅੰਕੜਿਆਂ 'ਚ ਹੇਰਾਫੇਰੀ ਕਰਨ ਲਈ ਜਾਣੀਆਂ ਜਾਂਦੀਆਂ ਹਨ, ਜਿਵੇਂ ਕਿ ਅਮਰੀਕਾ ਵਿੱਚ 2015 ਦੇ ਫੋਕਸਵੈਗਨ ਐਮਿਸ਼ਨ ਸਕੈਂਡਲ 'ਚ ਦੇਖਣ ਨੂੰ ਮਿਲਿਆ ਸੀ। ਇਸ ਕਾਰ ਨਿਰਮਾਤਾ ਕੰਪਨੀ ਨੇ ਆਪਣੀਆਂ ਕਾਰਾਂ ਦੇ ਡੀਜ਼ਲ ਇੰਜਣਾਂ ਵਿੱਚ ਅਜਿਹਾ ਸਾਫਟਵੇਅਰ ਫਿੱਟ ਕੀਤਾ ਸੀ ਜੋ ਟੈਸਟਿੰਗ ਦੌਰਾਨ ਪ੍ਰਦੂਸ਼ਣ ਦੇ ਅੰਕੜਿਆਂ ਨੂੰ ਲੁਕਾ ਲੈਂਦਾ ਸੀ ਤਾਂ ਜੋ ਸਰਕਾਰੀ ਮਾਪਦੰਡਾਂ ਨੂੰ ਪੂਰਾ ਕੀਤਾ ਜਾ ਸਕੇ। ਨਤੀਜੇ ਵਜੋਂ ਨਿਰਧਾਰਿਤ ਹੱਦ ਨਾਲੋਂ 40 ਗੁਣਾ ਵੱਧ ਪ੍ਰਦੂਸ਼ਣ ਫੈਲਾਉਣ ਵਾਲੀਆਂ ਕਾਰਾਂ ਨੂੰ ਵੀ ਪ੍ਰਦੂਸ਼ਣ-ਮੁਕਤ ਦੱਸ ਕੇ ਪਾਸ ਕਰ ਦਿੱਤਾ ਗਿਆ।

ਜੇਕਰ ਪੈਟਰੋਲੀਅਮ ਮੰਤਰੀ ਦੇ ਦਾਅਵੇ ਮੁਤਾਬਿਕ ਈਥਾਨੌਲ ਨੀਤੀ ਸੱਚਮੁੱਚ ਵਿਗਿਆਨ 'ਤੇ ਅਧਾਰਿਤ ਹੈ ਤਾਂ ਸਰਕਾਰ ਨੂੰ ਅਜਿਹੇ ਸਾਰੇ ਅਧਿਐਨਾਂ ਦੇ ਨਤੀਜੇ ਜਨਤਕ ਕਰਨੇ ਚਾਹੀਦੇ ਹਨ, ਜੋ ਤੇਲ ਦੀ ਔਸਤ, ਵੱਖ-ਵੱਖ ਪੁਰਜ਼ਿਆਂ ਤੇ ਇੰਜਣ 'ਤੇ ਮਿਸ਼ਰਿਤ ਬਾਲਣ ਦੇ ਲੰਮੇ ਸਮੇਂ ਦੇ ਪ੍ਰਭਾਵਾਂ ਅਤੇ ਵੱਖ-ਵੱਖ ਹਾਲਾਤ ਵਿੱਚ ਵੱਖ-ਵੱਖ ਕਿਸਮਾਂ ਦੇ ਵਾਹਨਾਂ 'ਤੇ ਕੀਤੇ ਗਏ ਪਰੀਖਣਾਂ ਨਾਲ ਸਬੰਧਿਤ ਹੋਣ। ਇਸ ਤੋਂ ਇਲਾਵਾ ਸਾਨੂੰ ਈਥਾਨੌਲ-ਮਿਸ਼ਰਿਤ ਬਾਲਣ ਦੇ ਵਾਤਾਵਰਣ-ਪੱਖੀ ਹੋਣ ਬਾਰੇ ਅਜਿਹੇ ਵਿਗਿਆਨਕ ਸਬੂਤਾਂ ਦੀ ਲੋੜ ਹੈ ਜੋ ਈਥਾਨੌਲ ਦੇ ਸੰਪੂਰਨ ਵਾਤਾਵਰਣਕ ਅਤੇ ਕਾਰਬਨ ਪ੍ਰਭਾਵਾਂ ਯਾਨੀ ਕੱਚੇ ਮਾਲ ਦੇ ਉਤਪਾਦਨ ਤੋਂ ਲੈ ਕੇ ਕਾਰਾਂ ਵਿੱਚ ਇਸ ਦੀ ਅਸਲ ਵਰਤੋਂ ਤੱਕ ਦਾ ਲੇਖਾ-ਜੋਖਾ ਸਾਬਤ ਕਰਦੇ ਹੋਣ। ਫਿਰ ਸਾਨੂੰ ਇਸ ਮਿਸ਼ਰਿਤ ਬਾਲਣ ਦੀ ਵਰਤੋਂ ਦੇ ਲਾਭ-ਹਾਨੀ ਦਾ ਵਿਸ਼ਲੇਸ਼ਣ ਕਰਨ ਦੀ ਵੀ ਲੋੜ ਹੈ। ਇਹ ਇਸ ਲਈ ਬੇਹੱਦ ਅਹਿਮ ਹੈ ਕਿਉਂਕਿ ਮਾਈਲੇਜ ਘਟਣ ਬਾਰੇ ਗੰਭੀਰ ਚਿੰਤਾਵਾਂ ਸਾਹਮਣੇ ਆ ਰਹੀਆਂ ਹਨ। ਜੇਕਰ ਮਾਈਲੇਜ ਵਿੱਚ ਮਹਿਜ਼ 5 ਫ਼ੀਸਦੀ ਦੀ ਵੀ ਗਿਰਾਵਟ ਆਉਂਦੀ ਹੈ ਅਤੇ ਵਾਹਨ ਚਾਲਕਾਂ ਨੂੰ ਵੱਧ ਪੈਟਰੋਲ ਖਰੀਦਣ ਲਈ ਮਜਬੂਰ ਹੋਣਾ ਪੈਂਦਾ ਹੈ ਤਾਂ ਆਰਥਿਕ ਲਾਭ ਅਤੇ ਵਿਦੇਸ਼ੀ ਮੁਦਰਾ ਦੀ ਬੱਚਤ ਦੇ ਸਾਰੇ ਸਰਕਾਰੀ ਦਾਅਵੇ ਹਵਾ ਹੋ ਜਾਂਦੇ ਹਨ।

ਇਹੀ ਤਰਕ ਦਿੱਲੀ ਸਰਕਾਰ ਵੱਲੋਂ ਐਲਾਨੀ ਗਈ ਇਲੈਕਟ੍ਰਿਕ ਵਾਹਨ ਨੀਤੀ 'ਤੇ ਵੀ ਲਾਗੂ ਹੁੰਦਾ ਹੈ। ਇਹ ਨੀਤੀ ਦੋ-ਪਹੀਆ ਅਤੇ ਤਿੰਨ-ਪਹੀਆ ਵਾਹਨਾਂ ਨੂੰ ਨਿਸ਼ਾਨਾ ਬਣਾਉਂਦੀ ਹੈ ਜਿਸ ਤਹਿਤ ਪੈਟਰੋਲ ਨਾਲ ਚੱਲਣ ਵਾਲੇ ਮੋਟਰਸਾਈਕਲਾਂ ਅਤੇ ਆਟੋ-ਰਿਕਸ਼ਿਆਂ ਦੀ ਰਜਿਸਟ੍ਰੇਸ਼ਨ ਬੰਦ ਕਰਨ ਦੀਆਂ ਸਮਾਂ-ਸੀਮਾਵਾਂ ਮਿੱਥੀਆਂ ਗਈਆਂ ਹਨ। ਮੁੱਖ ਮੰਤਰੀ ਨੇ ਦਾਅਵਾ ਕੀਤਾ ਹੈ ਕਿ ਇਹ ਨੀਤੀ ਵਿਗਿਆਨ 'ਤੇ ਆਧਾਰਿਤ ਹੈ ਪਰ ਇਸ ਸਖ਼ਤ ਕਦਮ ਨੂੰ ਸਹੀ ਠਹਿਰਾਉਣ ਲਈ ਸਿਰਫ਼ ਚੋਣਵੇਂ ਅੰਕੜਿਆਂ ਦਾ ਹੀ ਸਹਾਰਾ ਲਿਆ ਗਿਆ ਹੈ। ਭਾਵੇਂ ਇਹ ਸੱਚ ਹੈ ਕਿ ਦਿੱਲੀ ਵਿੱਚ ਕੁੱਲ ਵਾਹਨਾਂ ਦਾ 62 ਫ਼ੀਸਦੀ ਹਿੱਸਾ ਦੋ-ਪਹੀਆ ਵਾਹਨਾਂ ਦਾ ਹੈ ਪਰ ਟਰਾਂਸਪੋਰਟ ਕਾਰਨ ਫੈਲਣ ਵਾਲੇ ਬਰੀਕ ਕਣਾਂ (ਪੀ ਐੱਮ 2.5) ਦੇ ਪ੍ਰਦੂਸ਼ਣ ਵਿੱਚ ਇਨ੍ਹਾਂ ਦਾ ਹਿੱਸਾ ਸਿਰਫ਼ 15 ਫ਼ੀਸਦੀ ਹੈ। ਇਸ ਦੇ ਉਲਟ ਹਲਕੇ ਅਤੇ ਭਾਰੀ ਕਮਰਸ਼ੀਅਲ ਵਾਹਨ ਟਰਾਂਸਪੋਰਟ ਪ੍ਰਦੂਸ਼ਣ ਵਿੱਚ 39 ਫ਼ੀਸਦੀ ਦਾ ਯੋਗਦਾਨ ਪਾਉਂਦੇ ਹਨ, ਭਾਵੇਂ ਕਿ ਸ਼ਹਿਰ ਦੇ ਕੁੱਲ ਵਾਹਨਾਂ ਵਿੱਚ ਇਨ੍ਹਾਂ ਦੀ ਗਿਣਤੀ 3 ਫ਼ੀਸਦੀ ਤੋਂ ਵੀ ਘੱਟ ਹੈ। ਇਹ ਖੁਲਾਸਾ ਨੈਸ਼ਨਲ ਇੰਸਟੀਚਿਊਟ ਆਫ਼ ਐਡਵਾਂਸਡ ਸਟੱਡੀਜ਼ ਬੰਗਲੁਰੂ ਦੇ ਗੁਫ਼ਰਾਨ ਬੇਗ ਵੱਲੋਂ ਪ੍ਰਕਾਸ਼ਿਤ 2025 ਦੇ ਨੀਤੀ ਦਸਤਾਵੇਜ਼ ਵਿੱਚ ਕੀਤਾ ਗਿਆ ਹੈ। ਇਸ ਤੱਥ ਆਧਾਰਿਤ ਸਬੂਤ ਨੂੰ ਦੇਖਦਿਆਂ ਇੰਝ ਜਾਪਦਾ ਹੈ ਕਿ ਵਾਤਾਵਰਣ ਅਤੇ ਮਨੁੱਖੀ ਸਿਹਤ ਨੂੰ ਸਭ ਤੋਂ ਵੱਡਾ ਫਾਇਦਾ ਵਪਾਰਕ ਵਾਹਨਾਂ ਅਤੇ ਬੱਸਾਂ ਦੇ ਪ੍ਰਦੂਸ਼ਣ ਨੂੰ ਨੱਥ ਪਾ ਕੇ ਹੋਵੇਗਾ। ਜਨਤਕ ਨੀਤੀਆਂ ਹਮੇਸ਼ਾ ਤੱਥਾਂ 'ਤੇ ਅਧਾਰਿਤ ਅਤੇ ਦਰਜਾਬੰਦੀ ਪ੍ਰਣਾਲੀ ਵਾਲੀਆਂ ਹੋਣੀਆਂ ਚਾਹੀਦੀਆਂ ਹਨ।

ਦਸੰਬਰ 2025 ਵਿੱਚ ਦਿੱਲੀ ਵਿੱਚ ਹਵਾ ਪ੍ਰਦੂਸ਼ਣ ਦੇ ਮੁੱਦੇ ਨਾਲ ਨਜਿੱਠਣ ਵਾਲੀ ਵਾਤਾਵਰਣ ਸਬੰਧੀ ਸੰਸਦੀ ਸਥਾਈ ਕਮੇਟੀ ਨੇ ਟੁੱਟਵੇਂ ਰੂਪ 'ਚ ਨੀਤੀਆਂ ਬਣਾਉਣ ਵਿਰੁੱਧ ਚੇਤਾਵਨੀ ਦਿੱਤੀ ਸੀ। ਕਮੇਟੀ ਨੇ ਸਿਫ਼ਾਰਸ਼ ਕੀਤੀ ਸੀ ਕਿ ਪ੍ਰਦੂਸ਼ਣ ਵਿਰੋਧੀ ਕਦਮ ਸੂਬਾ ਪੱਧਰ 'ਤੇ ਚੁੱਕਣ ਦੀ ਬਜਾਏ ਸਮੁੱਚੇ ਹਵਾ-ਖੇਤਰ ਦੇ ਆਧਾਰ 'ਤੇ ਚੁੱਕੇ ਜਾਣੇ ਚਾਹੀਦੇ ਹਨ। ਅਜਿਹੀ ਵਿਆਪਕ ਪਹੁੰਚ ਦੀ ਗ਼ੈਰ-ਮੌਜੂਦਗੀ ਵਿੱਚ ਦਿੱਲੀ ਅੰਦਰ ਇਲੈਕਟ੍ਰਿਕ ਵਾਹਨਾਂ ਵੱਲ ਵਧਣ ਦਾ ਕਦਮ ਉਮੀਦ ਮੁਤਾਬਿਕ ਵਾਤਾਵਰਣਕ ਫਾਇਦੇ ਨਹੀਂ ਦੇ ਸਕੇਗਾ, ਖ਼ਾਸ ਕਰਕੇ ਉਦੋਂ ਜਦੋਂ ਦਿੱਲੀ ਦੇ ਪ੍ਰਦੂਸ਼ਣ ਫੈਲਾਉਣ ਵਾਲੇ ਵਾਹਨ ਗੁਆਂਢੀ ਸੂਬਿਆਂ ਵਿੱਚ ਚਲੇ ਜਾਣਗੇ ਅਤੇ ਸਾਂਝੇ ਹਵਾ-ਖੇਤਰ ਵਿੱਚ ਲਗਾਤਾਰ ਪ੍ਰਦੂਸ਼ਣ ਵਧਾਉਂਦੇ ਰਹਿਣਗੇ।

ਜਨਤਕ ਨੀਤੀਆਂ ਘੜਨ ਦਾ ਅਮਲ ਹਮੇਸ਼ਾ ਭਰੋਸੇਯੋਗ ਅਤੇ ਢੁਕਵੇਂ ਤੱਥਾਂ 'ਤੇ ਅਧਾਰਿਤ ਹੋਣਾ ਚਾਹੀਦਾ ਹੈ ਨਾ ਕਿ ਨਿੱਜੀ ਰਾਏ, ਫੌਰੀ ਮੁਨਾਫ਼ਿਆਂ, ਸੌੜੇ ਸਿਆਸੀ ਤੇ ਵਪਾਰਕ ਹਿੱਤਾਂ ਜਾਂ ਕਿਸੇ ਖ਼ਾਸ ਵਿਚਾਰਧਾਰਾ 'ਤੇ। ਨੀਤੀਗਤ ਫੈਸਲੇ ਪਾਰਦਰਸ਼ੀ, ਨਿਰਪੱਖ ਅਤੇ ਸਿਰਫ਼ ਤੇ ਸਿਰਫ਼ ਲੋਕ-ਭਲਾਈ ਦੀ ਭਾਵਨਾ ਤੋਂ ਪ੍ਰੇਰਿਤ ਹੋਣੇ ਚਾਹੀਦੇ ਹਨ।

ਨੀਤੀ-ਘਾੜਿਆਂ ਨੂੰ ਆਪਣੇ ਦਾਅਵਿਆਂ ਦੀ ਪੁਸ਼ਟੀ ਲਈ ਮੌਜੂਦਾ ਤੱਥਾਂ ਦੀ ਵਰਤੋਂ ਕਰਨੀ ਚਾਹੀਦੀ ਹੈ ਜਾਂ ਫਿਰ ਨਵੇਂ ਸਿਰੇ ਤੋਂ ਖੋਜ ਕਾਰਜ ਕਰਵਾਉਣੇ ਚਾਹੀਦੇ ਹਨ। ਜਿਵੇਂ-ਜਿਵੇਂ ਨਵੇਂ ਤੱਥ ਸਾਹਮਣੇ ਆਉਂਦੇ ਹਨ, ਉਵੇਂ-ਉਵੇਂ ਆਪਸ ਵਿੱਚ ਜੁੜੇ ਸਾਰੇ ਪਹਿਲੂਆਂ ਨੂੰ ਧਿਆਨ ਵਿੱਚ ਰੱਖਦਿਆਂ ਨੀਤੀਆਂ ਦੀ ਨਜ਼ਰਸਾਨੀ ਅਤੇ ਉਨ੍ਹਾਂ ਵਿੱਚ ਸੋਧ ਕੀਤੀ ਜਾਣੀ ਚਾਹੀਦੀ ਹੈ। ਆਖਰਕਾਰ ਇੱਥੇ ਸਵਾਲ ਲੋਕਾਂ ਦੀ ਸਿਹਤ, ਵਾਤਾਵਰਣ ਅਤੇ ਦੇਸ਼ ਦੇ ਅਰਥਚਾਰੇ ਦਾ ਹੈ ਜੋ ਕਿਸੇ ਵੀ ਕੀਮਤ 'ਤੇ ਦਾਅ 'ਤੇ ਨਹੀਂ ਲਾਇਆ ਜਾ ਸਕਦਾ।

# ਲੋਕ ਗਿਣਤੀ ਫਾਰਮ ਭਰ ਕੇ ਬੀ.ਐਲ.ਓਜ਼ ਕੋਲ ਜਮ੍ਹਾਂ ਕਰਵਾਉਣ: ਜ਼ਿਲ੍ਹਾ ਚੋਣ ਅ.ਫਸਰ



**ਬਠਿੰਡਾ, 9 ਜੁਲਾਈ**
**-ਗੁਰਤੇਜ ਅਤਲਾ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਜ਼ਿਲ੍ਹੇ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਸਪੈਸ਼ਲ ਇੰਟੈਂਸਿਵ ਰਿਵੀਜ਼ਨ ਐੱਸ.ਆਈ.ਆਰ.) ਦੌਰਾਨ ਵੋਟਰਾਂ ਦੀ 100 ਫ਼ੀਸਦੀ ਡਾਟਾ ਦੀ ਡਿਜੀਟਾਈਜ਼ੇਸ਼ਨ ਪੂਰੀ ਕਰਨ 'ਤੇ ਚਾਉਕੇ ਅਤੇ ਜੱਜਲ ਦੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਦਾ ਸਨਮਾਨ ਕੀਤਾ।

ਚੌਕੇ ਦੇ ਬੀ.ਐਲ.ਓ. ਸੰਦੀਪ ਸਿੰਘ ਅਤੇ ਜੱਜਲ ਦੇ ਬੀ.ਐਲ.ਓ. ਮੈਂਗਲ ਸਿੰਘ ਨੂੰ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐੱਸ.ਡੀ.ਐੱਮ. ਤਲਵੰਡੀ ਸਾਬੋ ਮੈਡਮ ਵੀਰਪਾਲ ਕੌਰ ਅਤੇ ਚੋਣ ਤਹਿਸੀਲਦਾਰ ਹਰਜਿੰਦਰ ਕੌਰ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਦੋਵਾਂ ਬੀ.ਐਲ.ਓਜ਼ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੀ.ਐਲ.ਓਜ਼ ਤੋਂ ਵੀ ਵੱਧ ਚਾਉਕੇ ਅਤੇ ਜੱਜਲ ਦੇ ਵੋਟਰ ਵਧਾਈ ਦੇ ਹੱਕਦਾਰ ਹਨ, ਜਿਨ੍ਹਾਂ ਨੇ ਆਪਣੀ 100 ਫ਼ੀਸਦੀ ਗਿਣਤੀ ਕਰਵਾ ਕੇ ਇਹ ਉਪਲਬਧੀ ਸੰਭਵ ਬਣਾਈ।

ਸ੍ਰੀ ਧੀਮਾਨ ਨੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਤਹਿਤ ਬੀ.ਐਲ.ਓਜ਼ ਵੱਲੋਂ ਆਪਣੇ-ਆਪਣੇ ਖੇਤਰਾਂ ਦੇ ਸਾਰੇ ਵੋਟਰਾਂ ਨੂੰ ਗਿਣਤੀ ਫਾਰਮ ਵੰਡੇ ਦਿੱਤੇ ਗਏ ਹਨ। ਇਹ ਫਾਰਮ ਉਨ੍ਹਾਂ ਵੋਟਰਾਂ ਨੂੰ ਦਿੱਤੇ ਗਏ ਹਨ, ਜਿਨ੍ਹਾਂ ਦੇ ਨਾਮ ਸਾਲ 2003 ਦੀਆਂ ਵੋਟਰ ਸੂਚੀਆਂ ਵਿੱਚ ਦਰਜ ਸਨ ਅਤੇ ਜਿਨ੍ਹਾਂ ਦੀ ਪਛਾਣ ਮੌਜੂਦਾ ਸਮੇਂ ਨਾਲ ਵੀ ਮੈਪ ਕੀਤੀ ਗਈ ਹੈ।

ਵੋਟਰਾਂ ਨੂੰ ਆਪਣੇ ਗਿਣਤੀ ਫਾਰਮ ਭਰ ਕੇ ਵਾਪਸ ਬੀ.ਐਲ.ਓਜ਼ ਕੋਲ ਜਮ੍ਹਾਂ ਕਰਵਾਉਣੇ ਹਨ। ਉਨ੍ਹਾਂ ਕਿਹਾ ਕਿ ਜਿੱਥੇ ਪੇਂਡੂ ਖੇਤਰਾਂ ਦੇ ਲੋਕ ਉਤਸ਼ਾਹ ਨਾਲ ਆਪਣੇ ਫਾਰਮ ਭਰ ਕੇ ਬੀ.ਐਲ.ਓਜ਼ ਕੋਲ ਜਮ੍ਹਾਂ ਕਰਵਾ ਰਹੇ ਹਨ, ਉੱਥੇ ਸ਼ਹਿਰੀ ਖੇਤਰਾਂ ਦੇ ਵੋਟਰਾਂ ਵੱਲੋਂ ਮੁਕਾਬਲਤਨ ਘੱਟ ਉਤਸ਼ਾਹ ਦਿਖਾਇਆ ਗਿਆ ਹੈ।

ਸ੍ਰੀ ਧੀਮਾਨ ਨੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਗਿਣਤੀ ਫਾਰਮ ਸਮੇਂ ਸਿਰ ਭਰ ਕੇ ਬੀ.ਐਲ.ਓਜ਼ ਕੋਲ ਜਮ੍ਹਾਂ ਕਰਵਾਉਣ ਅਤੇ ਗਲਤੀ-ਰਹਿਤ ਤੇ ਪਾਰਦਰਸ਼ੀ ਵੋਟਰ ਸੂਚੀ ਤਿਆਰ ਕਰਨ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਹੋਰ ਬੀ.ਐਲ.ਓਜ਼ ਨੂੰ ਵੀ ਸੰਦੀਪ ਸਿੰਘ ਅਤੇ ਮੰਗਲ ਸਿੰਘ ਤੋਂ ਪ੍ਰੇਰਨਾ ਲੈਂਦਿਆਂ ਐੱਸ.ਆਈ.ਆਰ. ਰਿਕਾਰਡ ਦੀ 100 ਫ਼ੀਸਦੀ ਡਿਜੀਟਾਈਜ਼ੇਸ਼ਨ ਯਕੀਨੀ ਬਣਾਉਣ ਦੀ ਅਪੀਲ ਕੀਤੀ।

# ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਅੰਦਰ ਜਾਰੀ ਕੀਤੇ ਵੱਖ-ਵੱਖ ਪਾਬੰਦੀਆਂ ਦੇ ਹੁਕਮ

**ਹੁਸ਼ਿਆਰਪੁਰ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ।

ਇਨ੍ਹਾਂ ਹੁਕਮਾਂ ਅਨੁਸਾਰ ਜ਼ਿਲ੍ਹੇ ਵਿਚ ਪੋਲਟਰੀ ਫਾਰਮਾਂ/ਰਾਇਸ ਸ਼ੈਲਰਾਂ/ਭੱਠਿਆਂ ਅਤੇ ਹੋਰ ਸਮਾਲ ਸਕੇਲ ਇੰਡਸਟਰੀਜ਼ ਦੇ ਮਾਲਕਾਂ ਨਾਲ-ਨਾਲ ਹੋਰ ਨੌਕਰ ਰੱਖਣ ਵਾਲਿਆਂ ਦੇ ਨਾਮ ਅਤੇ ਆਪਣੇ ਅਧੀਨ ਕੰਮ ਕਰਨ ਵਾਲੇ ਵਿਅਕਤੀਆਂ ਦਾ ਨਾਮ, ਪੂਰਾ ਪਤਾ, ਤਿੰਨ ਫੋਟੋਆਂ (ਸੱਜੇ, ਖੱਬੇ ਅਤੇ ਸਾਹਮਣੇ ਤੋਂ ਪੋਜ਼) ਸਮੇਤ ਆਪਣੇ ਘਰਾਂ ਵਿਚ ਰਜਿਸਟਰ ਲਾ ਕੇ ਰੱਖਣ ਅਤੇ ਉਨ੍ਹਾਂ ਦੇ ਸਾਰੇ ਰਿਸ਼ਤੇਦਾਰਾਂ ਦੇ ਐਡਰੈਸ ਲਿਖ ਕੇ ਰੱਖਣ ਦੇ ਹੁਕਮ ਜਾਰੀ ਕੀਤੇ ਹਨ। ਨੌਕਰ ਦੇ ਫਿੰਗਰ ਪ੍ਰਿੰਟ ਮਾਲਕ ਆਪਣੇ ਰਜਿਸਟਰ ਵਿਚ ਲਾ ਕੇ ਰੱਖਣ ਅਤੇ ਇਹ ਸਾਰਾ ਰਿਕਾਰਡ ਇਲਾਕੇ ਦੇ ਸਬੰਧਤ ਥਾਣੇ ਜਾਂ ਪੁਲਿਸ ਚੌਂਕੀ ਵਿਚ ਵੀ ਤੁਰੰਤ ਦਰਜ ਕਰਵਾਉਣ। ਇਸ ਦੇ ਨਾਲ ਹੀ ਮਕਾਨ/ਦੁਕਾਨ ਮਾਲਕਾਂ, ਮਕਾਨ/ਦੁਕਾਨ 'ਤੇ ਕਾਬਜ਼ ਵਿਅਕਤੀਆਂ, ਮਕਾਨਾਂ/ਦੁਕਾਨਾਂ ਦੇ ਇੰਚਾਰਜ ਵਿਅਕਤੀਆਂ ਨੂੰ ਵੀ ਹੁਕਮ ਦਿੱਤੇ ਗਏ ਹਨ ਕਿ ਉਨ੍ਹਾਂ ਵੱਲੋਂ ਜੋ ਵੀ ਮਕਾਨ/ਦੁਕਾਨ ਕਿਰਾਏ 'ਤੇ ਦਿੱਤੇ ਹੋਣ ਜਾਂ ਭਵਿੱਖ ਵਿਚ ਦਿੱਤੇ ਜਾਣ, ਉਨ੍ਹਾਂ ਵਿਚ ਰਹਿਣ ਵਾਲੇ ਵਿਅਕਤੀ ਦਾ ਨਾਮ ਅਤੇ ਪੂਰਾ ਪਤਾ ਆਪਣੇ ਇਲਾਕੇ ਦੇ ਥਾਣੇ, ਪੁਲਿਸ ਚੌਕੀ ਵਿਚ ਤੁਰੰਤ ਦਰਜ ਕਰਵਾਇਆ ਜਾਵੇ।



ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਡੀਲਿਸਟ ਖੇਤਰ ਵਿਚੋਂ ਹਰੇ ਅੰਬ, ਨਿੰਮ, ਪਿੱਪਲ ਤੇ ਬੋਹੜ ਦੇ ਦਰੱਖਤਾਂ ਨੂੰ ਕੱਟਣ 'ਤੇ ਵੀ ਪਾਬੰਦੀ ਲਗਾਈ ਹੈ। ਹੁਕਮਾਂ ਅਨੁਸਾਰ ਜੇਕਰ ਉਕਤ ਦਰੱਖਤਾਂ ਨੂੰ ਵਿਸ਼ੇਸ਼ ਹਾਲਾਤ ਵਿਚ ਕੱਟਣਾਂ ਜ਼ਰੂਰੀ ਹੋਵੇ ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ। ਇਸ ਮੰਤਵ ਲਈ ਵਣ ਵਿਭਾਗ ਵੱਲੋਂ ਉਹ ਹੀ ਪ੍ਰਕਿਰਿਆ ਅਪਣਾਈ ਜਾਵੇਗੀ, ਜਿਹੜੀ ਕਿ ਪੰਜਾਬ ਭੂਮੀ ਸੁਰੱਖਿਆ ਐਕਟ-1900 ਦਫਾ-4 ਅਤੇ 5 ਅਧੀਨ ਬੰਦ ਰਕਬੇ ਵਿਚ ਪਰਮਿੱਟ ਦੇਣ ਲਈ ਅਪਣਾਈ ਜਾਂਦੀ ਹੈ। ਜੇਕਰ ਡੀਲਿਸਟ ਏਰੀਏ ਤੋਂ ਇਲਾਵਾ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਕਿਸੇ ਵੀ ਜਗ੍ਹਾ 'ਤੇ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਦਰੱਖਤਾਂ ਨੂੰ ਕੱਟਣਾ ਜ਼ਰੂਰੀ ਹੋਵੇ, ਤਾਂ ਉਸਦੀ ਪ੍ਰਵਾਨਗੀ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫ਼ਤਰ ਤੋਂ ਲੈਣ ਉਪਰੰਤ ਹੀ ਕੱਟੇ ਜਾਣ।

ਇਸ ਤੋਂ ਇਲਾਵਾ ਜ਼ਿਲ੍ਹੇ ਦੀ ਹੱਦ ਅੰਦਰ ਮਿਲਟਰੀ ਉਲਾਈਵ ਹਰੇ ਰੰਗ (ਮਿਲਟਰੀ ਰੰਗ) ਦੀਆਂ ਜੀਪਾਂ, ਮੋਟਰ ਸਾਈਕਲਾਂ, ਮੋਟਰ ਗੱਡੀਆਂ ਦੀ ਵਰਤੋਂ ਕਰਨ 'ਤੇ ਪਾਬੰਦੀ ਹੈ। ਇਹ ਹੁਕਮ ਮਿਲਟਰੀ ਅਧਿਕਾਰੀਆਂ 'ਤੇ ਲਾਗੂ ਨਹੀਂ ਹੋਵੇਗਾ। ਇਸੇ ਤਰ੍ਹਾਂ ਆਰਮਡ ਫੋਰਸਿਸ/ਪੰਜਾਬ ਪੁਲਿਸ/ਬੀ.ਐਸ.ਐਫ ਅਤੇ ਮਿਲਟਰੀ ਰੰਗ ਦੀ ਵਰਦੀ ਦੀ ਵਰਤੋਂ ਅਣ-ਅਧਿਕਾਰਤ (ਬਾਲਗ ਵਿਅਕਤੀ) ਵੱਲੋਂ ਨਹੀਂ ਕੀਤੀ ਜਾਵੇਗੀ ਅਤੇ ਇਨ੍ਹਾਂ ਵਰਦੀਆਂ ਨੂੰ ਅਣ-ਅਧਿਕਾਰਤ ਵਿਅਕਤੀਆਂ ਨੂੰ ਵੇਚਣ ਅਤੇ ਖਰੀਦ ਕਰਨ 'ਤੇ ਵੀ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਆਰਮਡ ਫੋਰਸਿਸ/ਪੰਜਾਬ ਪੁਲਿਸ/ਬੀ.ਐਸ.ਐਫ/ਮਿਲਟਰੀ ਅਧਿਕਾਰੀਆਂ 'ਤੇ ਲਾਗੂ ਨਹੀਂ ਹੋਵੇਗਾ।

ਇਕ ਹੋਰ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਵੱਡੀਆਂ-ਛੋਟੀਆਂ ਨਹਿਰਾਂ, ਚੋਅ ਦੇ ਬੰਨ੍ਹ ਅਤੇ ਦਰਿਆ ਬਿਆਸ ਦੇ ਕੰਢੇ ਬਣੇ ਧੁੱਸੀ ਬੰਨ੍ਹ ਵਿਚ ਕਿਸੇ ਵੀ ਵਿਅਕਤੀ ਵਲੋਂ ਡੰਗਰਾਂ ਨੂੰ ਪਾਣੀ ਪਿਲਾਉਣ ਜਾਂ ਨਹਾਉਣ 'ਤੇ ਮੁਕੰਮਲ ਪਾਬੰਦੀ ਲਾਈ ਹੈ। ਇਸੇ ਤਰ੍ਹਾਂ ਕਿਸੇ ਵੀ ਵਿਅਕਤੀ ਵਲੋਂ ਪਸ਼ੂਆਂ ਨੂੰ ਸ਼ਰੇਆਮ ਸੜਕਾਂ 'ਤੇ ਜਾਂ ਜਨਤਕ ਥਾਵਾਂ 'ਤੇ ਚਰਾਉਣ 'ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ।

ਇਸੇ ਤਰ੍ਹਾਂ ਜ਼ਿਲ੍ਹਾ ਮੈਜਿਸਟ੍ਰੇਟ ਨੇ 18-ਐਮੂਨੀਸ਼ਨ ਡਿਪੂ, ਉੱਚੀ ਬੱਸੀ, ਤਹਿਸੀਲ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ ਦੀ ਬਾਹਰਲੀ ਚਾਰਦੀਵਾਰੀ ਦੇ ਇਕ ਹਜ਼ਾਰ ਗਜ਼ (914 ਮੀਟਰ) ਦੇ ਘੇਰੇ ਅੰਦਰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਪੂਰਨ ਰੋਕ ਲਗਾ ਦਿੱਤੀ ਹੈ। ਇਹ ਹੁਕਮ 7 ਸਤੰਬਰ 2026 ਤੱਕ ਲਾਗੂ ਰਹਿਣਗੇ।

# ਚੰਨੀ ਦੇ ਸਿਰਫ 3 ਮਹੀਨਿਆਂ ਦੇ ਕੰਮ, ਬਾਕੀਆਂ ਦੇ ਪੰਜ ਸਾਲ ਦੇ ਕੰਮਾਂ ਤੇ ਵੀ ਭਾਰੀ : ਸੋਨੀ ਸਰਪੰਚ /ਰਾਕੇਸ਼ ਛਿੰਦੂ

**ਮਾਛੀਵਾੜਾ ਸਾਹਿਬ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਾਰੀਆਂ ਪਾਰਟੀਆਂ ਨੇ ਕਮਰ ਕੱਸੇ ਕੱਸਣੇ ਸ਼ੁਰੂ ਕਰ ਦਿੱਤੇ ਹਨ, ਸਾਰੀਆਂ ਪਾਰਟੀਆਂ ਵੱਲੋਂ ਮੁੱਖ ਮੰਤਰੀ ਦੇ ਚਿਹਰਿਆਂ ਨੂੰ ਵੀ ਐਲਾਨਣ ਦੀਆਂ ਤਿਆਰੀਆਂ ਕੀਤੀਆਂ ਗਈਆਂ ਹਨ, ਪਰ ਇਹ ਪਹਿਲੀ ਵਾਰੀ ਹੋਇਆ ਹੈ ਕਿ ਪੂਰੇ ਪੰਜਾਬ ਭਰ ਵਿੱਚ ਹੀ ਕਾਂਗਰਸ ਪਾਰਟੀ ਵੱਲੋਂ ਮੁੱਖ ਮੰਤਰੀ ਚਿਹਰਾ ਚਰਨਜੀਤ ਚੰਨੀ ਨੂੰ ਐਲਾਨੇ ਜਾਣ ਦੀਆਂ ਚਰਚਾਵਾਂ ਦਿਨ ਪ੍ਰਤੀ ਦਿਨ ਪੂਰੇ ਜੋਸ਼ੋ ਖਰੋਸ਼ ਨਾਲ ਤੇਜ਼ ਹੁੰਦੀਆਂ ਜਾ ਰਹੀਆਂ ਹਨ। ਪੰਜਾਬ ਭਰ ਵਿੱਚ ਕਾਂਗਰਸ ਪਾਰਟੀ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਇੱਕ ਵਾਰ ਫਿਰ ਮੁੱਖ ਮੰਤਰੀ ਦੇ ਅਹੁਦੇ ਦਾ ਚਿਹਰਾ ਐਲਾਨਣ ਦੀ ਮੰਗ ਜ਼ੋਰ ਫੜ ਰਹੀ ਹੈ। ਇਥੋਂ ਤੱਕ ਕਿ ਕਈ ਵਿਰੋਧੀ ਪਾਰਟੀਆਂ ਵਾਲੇ ਵੀ ਮੰਨਦੇ ਹਨ ਕਿ ਜੇਕਰ ਚਰਨਜੀਤ ਸਿੰਘ ਚੰਨੀ ਨੂੰ ਕਾਂਗਰਸ ਪਾਰਟੀ ਵੱਲੋਂ ਮੁੱਖ ਮੰਤਰੀ ਦਾ ਚਿਹਰਾ ਐਲਾਨਿਆ ਗਿਆ ਤਾਂ ਦੂਜਿਆਂ ਪਾਰਟੀਆਂ ਲਈ ਕਾਂਗਰਸ ਪਾਰਟੀ ਦਾ ਮੁਕਾਬਲਾ ਕਰਨਾ ਬਹੁਤ ਔਖਾ ਹੋ ਜਾਵੇਗਾ।ਇਸ ਸਬੰਧੀ ਉੱਘੇ ਖੇਡ ਪ੍ਰਮੋਟਰ,ਸੋਸ਼ਲ ਮੀਡੀਆ ਬਲਾਕ ਮਾਛੀਵਾੜਾ ਸਾਹਿਬ ਕਾਂਗਰਸ ਪਾਰਟੀ ਦੇ ਇੰਚਾਰਜ ਸੁਖਦੀਪ ਸਿੰਘ ਸੋਨੀ ਸਰਪੰਚ ਅਤੇ ਯੂਥ ਆਗੂ ਰਾਕੇਸ਼ ਕੁਮਾਰ



ਸ਼ਿੰਦੂ ਨੇ ਕਿਹਾ ਕਿ ਪੰਜਾਬ ਦੀ ਜਨਤਾ ਅਤੇ ਖਾਸ ਤੌਰ 'ਤੇ ਰਵਿਦਾਸੀਆ ਭਾਈਚਾਰਾ ਚਰਨਜੀਤ ਸਿੰਘ ਚੰਨੀ ਨੂੰ 2027 ਵਿੱਚ ਮੁੱਖ ਮੰਤਰੀ ਵਜੋਂ ਦੇਖਣਾ ਚਾਹੁੰਦਾ ਹੈ। ਸੁਖਦੀਪ ਸੋਨੀ ਨੇ ਕਿਹਾ ਕਿ ਸਾਲ 2022 ਵਿੱਚ ਜਦੋਂ ਚਰਨਜੀਤ ਸਿੰਘ ਚੰਨੀ ਸਿਰਫ ਤਿੰਨ ਮਹੀਨਿਆਂ ਲਈ ਪੰਜਾਬ ਦੇ ਮੁੱਖ ਮੰਤਰੀ ਰਹੇ ਸਨ, ਤਾਂ ਉਨ੍ਹਾਂ ਨੇ ਉਹ ਇਤਿਹਾਸਕ ਫੈਸਲੇ ਲਏ ਜੋ ਪਿਛਲੀਆਂ ਸਰਕਾਰਾਂ ਪੰਜ ਸਾਲਾਂ ਦੇ ਕਾਰਜਕਾਲ ਵਿੱਚ ਵੀ ਨਹੀਂ ਕਰ ਸਕੀਆਂ। ਉਨ੍ਹਾਂ ਦੇ ਕਾਰਜਕਾਲ ਦੌਰਾਨ ਆਮ ਲੋਕਾਂ ਨੂੰ ਰਾਹਤ ਦੇਣ ਵਾਲੇ ਅਤੇ ਜ਼ਮੀਨੀ ਪੱਧਰ 'ਤੇ ਅਸਰ ਪਾਉਣ ਵਾਲੇ ਫੈਸਲੇ ਲਏ ਗਏ ਸਨ। ਉਨ੍ਹਾਂ ਕਿਹਾ ਕਿ ਚੰਨੀ ਸਾਹਿਬ ਦੀ ਸਾਦਗੀ, ਜ਼ਮੀਨ ਨਾਲ ਜੁੜੀ ਸੋਚ ਅਤੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਦੀ ਨੀਤੀ ਕਾਰਨ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚ ਉਨ੍ਹਾਂ ਲਈ ਖਾਸ ਥਾਂ ਬਣੀ ਹੈ। ਇਸੇ ਕਰਕੇ ਅੱਜ ਪੂਰੇ ਪੰਜਾਬ ਵਿੱਚੋਂ ਆਵਾਜ਼ਾਂ ਉੱਠ ਰਹੀਆਂ ਹਨ ਕਿ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਚਰਨਜੀਤ ਸਿੰਘ ਚੰਨੀ ਨੂੰ ਹੀ ਮੁੱਖ ਮੰਤਰੀ ਦਾ ਚਿਹਰਾ ਐਲਾਨੇ।

ਉਹਨਾਂ ਨੇ ਕਿਹਾ ਕਿ ਰਵਿਦਾਸੀਆ ਭਾਈਚਾਰੇ ਸਮੇਤ ਪੰਜਾਬ ਦੇ ਹਰ ਵਰਗ ਨੂੰ ਚੰਨੀ ਸਾਹਿਬ ਤੋਂ ਵੱਡੀਆਂ ਉਮੀਦਾਂ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਜੇਕਰ ਪਾਰਟੀ ਹਾਈਕਮਾਨ ਚੰਨੀ ਨੂੰ ਫਿਰ ਤੋਂ ਅਗਵਾਈ ਸੌਂਪਦੀ ਹੈ ਤਾਂ ਕਾਂਗਰਸ ਪਾਰਟੀ ਪੰਜਾਬ ਵਿੱਚ ਮਜ਼ਬੂਤੀ ਨਾਲ ਵਾਪਸੀ ਕਰੇਗੀ।

ਫਿਲਹਾਲ ਪਾਰਟੀ ਵੱਲੋਂ 2027 ਦੀਆਂ ਚੋਣਾਂ ਸਬੰਧੀ ਕਿਸੇ ਵੀ ਚਿਹਰੇ ਦੇ ਨਾਂ ਦਾ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ ਹੈ, ਪਰ ਮਾਛੀਵਾੜਾ ਸਾਹਿਬ ਸਮੇਤ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚੋਂ ਚੰਨੀ ਦੇ ਹੱਕ ਵਿੱਚ ਆਵਾਜ਼ਾਂ ਉੱਠਣੀਆਂ ਸ਼ੁਰੂ ਹੋ ਗਈਆਂ ਹਨ। ਕਾਂਗਰਸ ਪਾਰਟੀ ਦੇ ਆਗੂ ਅਤੇ ਵਰਕਰ ਵੀ ਬਹੁਤਾਤ ਗਿਣਤੀ ਵਿੱਚ ਚਰਨਜੀਤ ਸਿੰਘ ਚੰਨੀ ਨੂੰ ਹੀ ਮੁੱਖ ਮੰਤਰੀ ਵੱਲੋਂ ਦਿਖਣਾ ਚਾਹੁੰਦੇ ਹਨ। ਚਰਨਜੀਤ ਸਿੰਘ ਚੰਨੀ ਦੀ ਲੋਕ ਪ੍ਰਿਅਤਾ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਦੂਜੀ ਪਾਰਟੀਆਂ ਵਾਲੇ ਭਾਵੇਂ ਉਹ ਐਸ.ਸੀ.,ਬੀ.ਸੀ. ਜਾਂ ਜਨਰਲ ਵਰਗ ਦੇ ਹੀ ਕਿਉਂ ਨਾ ਹੋਣ ਉਹ ਵੀ ਚਰਨਜੀਤ ਸਿੰਘ ਚੰਨੀ ਨੂੰ ਖੂਬ ਪਸੰਦ ਕਰਦੇ ਹਨ ਅਤੇ ਮੰਨਦੇ ਹਨ ਕਿ ਦੂਸਰੀਆਂ ਸਾਰੀਆਂ ਪਾਰਟੀਆਂ ਨੂੰ ਹਰਾਉਣ ਲਈ ਚਰਨਜੀਤ ਸਿੰਘ ਚੰਨੀ ਨੂੰ ਹੀ ਮੁੱਖ ਮੰਤਰੀ ਦਾ ਚਿਹਰਾ ਐਲਾਨਿਆ ਜਾਣਾ ਚਾਹੀਦਾ ਹੈ।

# ਸੁਨਾਮ ਵਿਖੇ 20 ਜੁਲਾਈ ਨੂੰ ਲੱਗਣ ਵਾਲੇ ਮੈਗਾ ਰੋਜ਼ਗਾਰ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਸੰਗਰੂਰ, 9 ਜੁਲਾਈ**
**ਜਗਦੇਵ ਰੰਚਨਾਂ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਦੀ ਅਗਵਾਈ ਹੇਠ 20 ਜੁਲਾਈ ਨੂੰ ਮਹਾਰਾਜਾ ਪੈਲੇਸ, ਸੁਨਾਮ ਵਿਖੇ ਕਰਵਾਏ ਜਾ ਰਹੇ ਮੈਗਾ ਰੋਜ਼ਗਾਰ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਸਬੰਧੀ ਅੱਜ ਵਧੀਕ ਡਿਪਟੀ ਕਮਿਸ਼ਨਰ (ਜ) ਅੰਕੁਰ ਮਹਿੰਦਰੂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਕੇ ਤਿਆਰੀਆਂ ਦਾ ਜਾਇਜ਼ਾ ਲਿਆ।

ਮੀਟਿੰਗ ਦੌਰਾਨ ਏ.ਡੀ.ਸੀ. ਅੰਕੁਰ ਮਹਿੰਦਰੂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਹਦਾਇਤ ਦਿੰਦਿਆਂ ਕਿਹਾ ਕਿ ਮੇਲੇ ਦੇ ਸਫਲ ਆਯੋਜਨ ਲਈ ਹਰ ਵਿਭਾਗ ਆਪਣੀ ਜ਼ਿੰਮੇਵਾਰੀ ਨੂੰ ਸਮੇਂ ਸਿਰ ਅਤੇ ਸੁਚੱਜੇ ਢੰਗ ਨਾਲ ਨਿਭਾਏ। ਉਨ੍ਹਾਂ ਕਿਹਾ ਕਿ ਰੋਜ਼ਗਾਰ ਮੇਲੇ ਵਿੱਚ ਵੱਧ ਤੋਂ ਵੱਧ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਜ਼ਿਲ੍ਹੇ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਕਾਲਜਾਂ, ਆਈ.ਟੀ.ਆਈਜ਼, ਬਹੁ-ਤਕਨੀਕੀ ਕਾਲਜਾਂ ਅਤੇ ਹੋਰ ਵਿਦਿਅਕ ਸੰਸਥਾਵਾਂ ਨਾਲ ਤੁਰੰਤ ਸੰਪਰਕ ਕਰਕੇ ਵਿਦਿਆਰਥੀਆਂ ਨੂੰ ਇਸ ਮੇਲੇ ਬਾਰੇ ਜਾਗਰੂਕ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਇਹ ਮੈਗਾ ਰੋਜ਼ਗਾਰ ਮੇਲਾ ਸੰਗਰੂਰ, ਬਰਨਾਲਾ ਅਤੇ ਮਾਲੇਰਕੋਟਲਾ ਜ਼ਿਲ੍ਹਿਆਂ ਦੇ ਨੌਜਵਾਨਾਂ ਲਈ ਰੁਜ਼ਗਾਰ ਹਾਸਲ ਕਰਨ ਦਾ ਸੁਨਹਿਰੀ ਮੌਕਾ ਹੈ ਅਤੇ ਇਸ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਯੋਗ ਉਮੀਦਵਾਰਾਂ ਨੂੰ ਪ੍ਰੇਰਿਤ ਕੀਤਾ ਜਾਵੇ।

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਅਧਿਕਾਰੀ ਸਿੰਪੀ ਸਿੰਗਲਾ ਨੇ ਦੱਸਿਆ ਕਿ ਰੋਜ਼ਗਾਰ ਮੇਲੇ ਵਿੱਚ ਕਰੀਬ 60 ਨਾਮੀ ਕੰਪਨੀਆਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ, ਜਿਨ੍ਹਾਂ ਵੱਲੋਂ ਲਗਭਗ 3,000 ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਮੇਲੇ ਵਿੱਚ ਸੰਗਰੂਰ, ਬਰਨਾਲਾ ਅਤੇ ਮਾਲੇਰਕੋਟਲਾ ਜ਼ਿਲ੍ਹਿਆਂ ਦੇ ਨੌਜਵਾਨ ਵੱਖ-ਵੱਖ ਖੇਤਰਾਂ ਦੀਆਂ ਕੰਪਨੀਆਂ ਵਿੱਚ ਨੌਕਰੀ ਲਈ ਇੰਟਰਵਿਊ ਦੇ ਸਕਣਗੇ। ਉਨ੍ਹਾਂ ਅਪੀਲ ਕੀਤੀ ਕਿ ਯੋਗਤਾ ਅਨੁਸਾਰ ਲੋੜੀਂਦੇ ਦਸਤਾਵੇਜ਼ਾਂ ਸਮੇਤ ਵੱਧ ਤੋਂ ਵੱਧ ਨੌਜਵਾਨ ਇਸ ਮੈਗਾ ਰੋਜ਼ਗਾਰ ਮੇਲੇ ਵਿੱਚ ਸ਼ਾਮਲ ਹੋ ਕੇ ਆਪਣੇ ਰੁਜ਼ਗਾਰ ਦੇ ਸੁਪਨੇ ਨੂੰ ਸਾਕਾਰ ਕਰਨ।




# ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਪਟਿਆਲਾ ਦੇ 77 ਵਿਦਿਆਰਥੀਆਂ ਨੂੰ ਮਾਰੂਤੀ ਸੁਜ਼ੂਕੀ ਕੰਪਨੀ ਵੱਲੋਂ ਨਿਯੁਕਤੀ ਪੱਤਰ ਦੇਣ ਲਈ ਪ੍ਰੋਗਰਾਮ ਦਾ ਆਯੋਜਨ

**ਪਟਿਆਲਾ, 9 ਜੁਲਾਈ**
**-ਛਤਰਪਾਲ ਸਿੰਘ-**



ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨਾਭਾ ਰੋਡ ਪਟਿਆਲਾ ਦੇ ਡਿਪਟੀ ਡਾਇਰੈਕਟਰ -ਕਮ- ਪ੍ਰਿੰਸੀਪਲ ਰਾਕੇਸ਼ ਕੁਮਾਰ ਬੰਗਾ ਦੀ ਅਗਵਾਈ ਹੇਠ ਮੋਟਰ ਮਕੈਨਿਕ ਟ੍ਰੇਡ, ਡੀਜ਼ਲ ਮਕੈਨਿਕ, ਆਟੋ ਬੋਡੀ ਪੇਂਟ, ਆਟੋ ਬੋਡੀ ਰਿਪੇਅਰ, ਮਸ਼ੀਨਇੰਸਟ ਟ੍ਰੇਡ, ਵੈਲਡਰ, ਟਰਨਰ, ਫਿਟਰ ਅਤੇ ਹੋਰ ਟ੍ਰੇਡਾ ਦੇ 77 ਵਿਦਿਆਰਥੀਆਂ ਜਿਨ੍ਹਾਂ ਨੇ ਆਪਣਾਂ ਦੋ ਸਾਲ ਦਾ ਕੋਰਸ ਪੂਰਾ ਕਰ ਲਿਆ ਗਿਆ ਹੈ ਉਹਨਾਂ ਨੂੰ ਮਾਰੂਤੀ ਸੁਜ਼ੂਕੀ ਕੰਪਨੀ ਵੱਲੋਂ ਰੁਜ਼ਗਾਰ ਲਈ ਸੈਲਕਟ ਕੀਤਾ ਗਿਆ ਹੈ। ਇਸ ਤਹਿਤ ਇਹਨਾਂ ਵਿਦਿਆਰਥੀਆਂ ਨੂੰ ਮਾਰੂਤੀ ਸੁਜ਼ੂਕੀ ਕੰਪਨੀ ਵੱਲੋਂ ਭੇਜੇ ਗਏ ਨਿਯੁਕਤੀ ਪੱਤਰ ਦੇਣ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਵੱਲੋਂ ਸਾਰੇ ਆਏਂ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਜਿਸ ਵਿੱਚ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ, ਭੁਪਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਿਟੀ 1, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਉਪਕਾਰ ਸਿੰਘ, ਟ੍ਰੇਨਿੰਗ ਅਫ਼ਸਰ ਸੁਖਵੰਤ ਸਿੰਘ, ਟ੍ਰੇਨਿੰਗ ਅਫ਼ਸਰ ਮੇਜਰ ਸਿੰਘ, ਟ੍ਰੇਨਿੰਗ ਅਫ਼ਸਰ ਹਰਜੋਤ ਸਿੰਘ, ਇੰਸਟਕਟਰ ਨਿਰਮਲ ਸਿੰਘ, ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੇ ਸ਼ਿਰਕਤ ਕੀਤੀ। ਇਸ ਮੌਕੇ ਡਿਪਟੀ ਡਾਇਰੈਕਟਰ -ਕਮ- ਪ੍ਰਿੰਸੀਪਲ ਰਾਕੇਸ਼ ਕੁਮਾਰ ਬੰਗਾ ਨੇ ਕਿਹਾ ਕਿ ਮਰੂਤੀ ਸਜ਼ੂਕੀ ਕੰਪਨੀ ਵੱਲੋਂ ਆਈ ਟੀ ਆਈ ਦੇ 77 ਵਿਦਿਆਰਥੀਆਂ ਨੂੰ ਕੰਪਨੀ ਲਈ ਸੈਲਕਟ ਕਰਨਾ ਸ਼ਲਾਘਾਯੋਗ ਕਦਮ ਹੈ। ਉਹਨਾਂ ਦੱਸਿਆ ਕਿ ਇਹਨਾਂ ਵਿਦਿਆਰਥੀਆਂ ਨੂੰ ਪਹਿਲੇ ਸਾਲ 22000 ਹਜ਼ਾਰ ਪ੍ਰਤੀ ਮਹੀਨਾ ਦੇਣੇ ਹਨ, ਦੂਜੇ ਸਾਲ 46000 ਹਜ਼ਾਰ ਪ੍ਰਤੀ ਮਹੀਨਾ, ਤੀਜੇ ਸਾਲ 48000 ਹਜ਼ਾਰ ਪ੍ਰਤੀ ਮਹੀਨਾ, ਚੌਥੇ ਸਾਲ 50000 ਹਜ਼ਾਰ ਪ੍ਰਤੀ ਮਹੀਨਾ ਦੇਣੇ ਹਨ ਅਤੇ ਇਹਨਾਂ ਵਿਦਿਆਰਥੀਆਂ ਨੂੰ ਕੰਪਨੀ ਵੱਲੋਂ ਰਹਿਣ ਦਾ ਪ੍ਰਬੰਧ, ਖਾਣਾਂ, ਮੈਡੀਕਲ ਸਹੂਲਤ, ਵਰਦੀ ਵੀ ਕੰਪਨੀ ਵੱਲੋਂ ਦਿੱਤੀ ਜਾਣੀ ਹੈ। ਇਸ ਤੋਂ ਬਾਅਦ ਪੰਜਵੇਂ ਸਾਲ ਕੰਪਨੀ ਵੱਲੋਂ ਇਹਨਾਂ ਵਿਦਿਆਰਥੀਆਂ ਦਾ ਟੈਸਟ ਲੈਣਾ ਹੈ ਜਿਹੜੇ ਵਿਦਿਆਰਥੀ ਇਸ ਟੈਸਟ ਨੂੰ ਪਾਸ ਕਰ ਲੈਣਗੇ ਉਹਨਾਂ ਨੂੰ ਕੰਪਨੀ ਵੱਲੋਂ ਰੈਗੂਲਰ ਕਰ ਲਿਆ ਜਾਵੇਗਾ ਅਤੇ ਇਹਨਾਂ ਦੀ ਤਨਖਾਹ 90000 ਹਜ਼ਾਰ ਪ੍ਰਤੀ ਮਹੀਨਾ ਦਿੱਤੀ ਜਾਵੇਗੀ। ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹੋ ਵੱਧ ਵੱਧ ਹੱਥੀਂ ਕਿਰਤ ਲਈ ਆਈ ਟੀ ਦੇ ਕੌਰਸ ਕਰਨ ਲਈ ਅੱਗੇ ਆਉਣ।

# ਪਟਿਆਲਾ ’ਚ ਆਰਥਿਕ ਤੰਗੀ ਕਾਰਨ ਪਰਿਵਾਰ ਦੇ 4 ਜੀਆਂ ਨੇ ਨਿਗਲਿਆ ਜ਼ਹਿਰ, ਪਿਓ-ਧੀ ਦੀ ਮੌਤ

## ਅ.ਫ਼ਸਰਜ਼ ਕਲੋਨੀ ’ਚ ਵਾਪਰੀ ਦਿਲ ਦਹਿਲਾਉਣ ਵਾਲੀ ਘਟਨਾ; ਪ੍ਰਾਈਵੇਟ ਬੈਂਕ ਮੁਲਾਜ਼ਮ ਤੇ 13 ਸਾਲਾ ਬੱਚੀ ਦੀ ਗਈ ਜਾਨ, ਮਾਂ-ਪੁੱਤ ਦੀ ਹਾਲਤ ਗੰਭੀਰ

**ਪਟਿਆਲਾ, 9 ਜੁਲਾਈ**
**-ਬਲਜੀਤ ਸਰਨਾ-**

ਇੱਥੋਂ ਦੀ ਵੀ.ਆਈ.ਪੀ. ਰਿਹਾਇਸ਼ੀ ਖੇਤਰ ਅਫ਼ਸਰਜ਼ ਕਲੋਨੀ ਵਿੱਚ ਇੱਕ ਬੇਹੱਦ ਦਿਲ ਦਹਿਲਾਉਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਪੈਸਿਆਂ ਦੇ ਲੈਣ-ਦੇਣ ਅਤੇ ਘਰੇਲੂ ਕਲੇਸ਼ ਤੋਂ ਤੰਗ ਆ ਕੇ ਇੱਕੋ ਪਰਿਵਾਰ ਦੇ ਚਾਰ ਜੀਆਂ ਵੱਲੋਂ ਜ਼ਹਿਰੀਲੀ ਚੀਜ਼ ਨਿਗਲ ਲਈ ਗਈ। ਇਸ ਖ਼ੌਫ਼ਨਾਕ ਕਦਮ ਕਾਰਨ ਪਰਿਵਾਰ ਦੇ ਮੁਖੀ ਅਤੇ ਉਸ ਦੀ ਮਾਸੂਮ ਧੀ ਦੀ ਇਲਾਜ ਦੌਰਾਨ ਮੌਤ ਹੋ ਗਈ, ਜਦੋਂਕਿ ਪਤਨੀ ਅਤੇ ਪੁੱਤਰ ਜ਼ਿੰਦਗੀ ਤੇ ਮੌਤ ਦੀ ਜੰਗ ਲੜ ਰਹੇ ਹਨ। ਮ੍ਰਿਤਕਾਂ ਦੀ ਪਛਾਣ ਵਿਕਾਸ ਬਤਿਸ਼ (45), ਜੋ ਕਿ ਇੱਕ ਨਿੱਜੀ ਬੈਂਕ ਵਿੱਚ ਮੁਲਾਜ਼ਮ ਸੀ, ਅਤੇ ਉਸ ਦੀ 13 ਸਾਲਾ ਧੀ ਖੁਸ਼ੀ ਬਤਿਸ਼ ਵਜੋਂ ਹੋਈ ਹੈ। ਪੁਲੀਸ ਤੋਂ ਮਿਲੀ ਜਾਣਕਾਰੀ ਮੁਤਾਬਕ ਇਹ ਖ਼ੁਦਕੁਸ਼ੀ ਵਾਲੀ ਘਟਨਾ ਬੁੱਧਵਾਰ ਰਾਤ ਨੂੰ ਪਰਿਵਾਰ ਦੀ ਰਿਹਾਇਸ਼ ’ਤੇ ਵਾਪਰੀ। ਜ਼ਹਿਰੀਲੀ ਚੀਜ਼ ਖਾਣ ਤੋਂ ਤੁਰੰਤ ਬਾਅਦ ਜਦੋਂ ਚਾਰਾਂ ਦੀ ਤਬੀਅਤ ਵਿਗੜ ਗਈ, ਤਾਂ ਵਿਕਾਸ ਦੇ ਸਹੁਰੇ ਪਰਿਵਾਰ ਵੱਲੋਂ ਉਨ੍ਹਾਂ ਨੂੰ ਤੁਰੰਤ ਇਲਾਜ ਲਈ ਸਰਕਾਰੀ ਰਾਜਿੰਦਰਾ ਹਸਪਤਾਲ ਦਾਖ਼ਲ ਕਰਵਾਇਆ ਗਿਆ। ਪਰ ਡਾਕਟਰਾਂ ਦੀਆਂ ਅਣਥੱਕ ਕੋਸ਼ਿਸ਼ਾਂ ਦੇ ਬਾਵਜੂਦ ਵਿਕਾਸ ਬਤਿਸ਼ ਅਤੇ ਖੁਸ਼ੀ ਦਮ ਤੋੜ ਗਏ। ਵਿਕਾਸ ਦੀ ਪਤਨੀ ਤਮੰਨਾ ਬਤਿਸ਼ (43) ਅਤੇ 11 ਸਾਲਾ ਪੁੱਤਰ ਕਾਨਵ ਬਤਿਸ਼ ਦੀ ਹਾਲਤ ਬੇਹੱਦ ਨਾਜ਼ੁਕ ਬਣੀ ਹੋਈ ਹੈ, ਜਿਨ੍ਹਾਂ ਨੂੰ ਡਾਕਟਰਾਂ ਦੀ ਨਿਗਰਾਨੀ ਹੇਠ ਆਈ.ਸੀ.ਯੂ. ਵਿੱਚ ਰੱਖਿਆ ਗਿਆ ਹੈ। ਮਾਮਲੇ ਸਬੰਧੀ ਗੱਲਬਾਤ ਕਰਦਿਆਂ ਡੀ.ਐਸ.ਪੀ. ਸਿਟੀ-1 ਸੰਜੀਵ ਸਿੰਗਲਾ ਨੇ ਦੱਸਿਆ ਕਿ ਮੁਢਲੀ ਜਾਂਚ ਤੋਂ ਇਹ ਸੰਕੇਤ ਮਿਲੇ ਹਨ ਕਿ ਇਹ ਖ਼ੌਫ਼ਨਾਕ ਕਦਮ ਵਿੱਤੀ ਲੈਣ-ਦੇਣ ਨੂੰ ਲੈ ਕੇ ਚੱਲ ਰਹੇ ਘਰੇਲੂ ਵਿਵਾਦ ਕਾਰਨ ਚੁੱਕਿਆ ਗਿਆ ਪ੍ਰਤੀਤ ਹੁੰਦਾ ਹੈ। ਪੁਲੀਸ ਵੱਲੋਂ ਮ੍ਰਿਤਕਾਂ ਦੀਆਂ ਦੇਹਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਤਾਂ ਜੋ ਮੌਤ ਦੇ ਅਸਲ ਕਾਰਨਾਂ ਦੀ ਪੁਸ਼ਟੀ ਹੋ ਸਕੇ। ਪੁਲੀਸ ਦੀਆਂ ਟੀਮਾਂ ਵੱਲੋਂ ਮੌਕੇ ’ਤੇ ਪਹੁੰਚ ਕੇ ਰਿਸ਼ਤੇਦਾਰਾਂ ਅਤੇ ਗੁਆਂਢੀਆਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ। ਡੀ.ਐਸ.ਪੀ. ਸਿੰਗਲਾ ਨੇ ਕਿਹਾ ਕਿ ਮਾਮਲੇ ਦੀ ਹਰ ਪਹਿਲੂ ਤੋਂ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਦੀ ਰਿਪੋਰਟ ਦੇ ਆਧਾਰ ’ਤੇ ਹੀ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਭੜਕੇ ਫੀਲਡ ਕਾਮਿਆਂ ਵੱਲੋਂ ਬੀ ਐਮ ਐਲ ਕੰਪਲੈਕਸ ਵਿਖੇ ਕੀਤੀ ਨਾਰੇਬਾਜੀ



**ਪਟਿਆਲਾ, 9 ਜੁਲਾਈ**
**-ਅਰਸ਼ਦੀਪ ਸਿੰਘ-**

ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਜੋਨ ਪਟਿਆਲਾ ਵੱਲੋਂ ਫੀਲਡ ਮੁਲਾਜ਼ਮਾਂ ਦੀਆਂ ਮੰਗਾਂ ਦੇ ਹੱਲ ਲਈ ਕਾਰਜਕਾਰੀ ਇੰਜੀਨੀਅਰ ਭਾਖੜਾ ਮੇਨ ਲਾਈਨ ਪਟਿਆਲਾ ਦੇ ਖਿਲਾਫ ਜਸਵੀਰ ਸਿੰਘ ਖੋਖਰ, ਨਰੇਸ਼ ਕੁਮਾਰ ਧਰਮਪਾਲ ਲੋਟ, ਨਾਥ ਸਿੰਘ ਬੁਜਰਕ ਦੀ ਅਗਵਾਈ ਹੇਠ ਰੋਸ ਧਰਨਾ ਦਿੱਤਾ ਗਿਆ । ਰੋਸ ਧਰਨੇ ਨੂੰ ਸੰਬੋਧਨ ਕਰਦੇਆਂ ਜਥੇਬੰਦੀ ਦੇ ਸੂਬਾ ਆਗੂ ਦਰਸ਼ਨ ਸਿੰਘ ਬੇਲੂ ਮਾਜਰਾ, ਜੋਨ ਜਨਰਲ ਸਕੱਤਰ ਲਖਵਿੰਦਰ ਸਿੰਘ ਖਾਨਪੁਰ, ਛੱਜੂ ਰਾਮ , ਕ੍ਰਿਸ਼ਨ ਚੰਦ ਕੁਲਵਾਣੂ ,ਰਜਿੰਦਰ ਧਾਲੀਵਾਲ, ਹਰਵੀਰ ਸਿੰਘ ਸੁਨਾਮ ਆਦੀ ਨੇ ਮੰਗ ਕੀਤੀ ਕਿ ਸੇਵਾ ਮੁਕਤ ਅਤੇ ਮੌਜੂਦਾ ਮੁਲਾਜ਼ਮ ਨੂੰ ਪੇ ਕਮਿਸ਼ਨ ਦੇ ਬਕਾਏ ਜੋ ਸਰਕਾਰ ਵੱਲੋਂ ਕਿਸ਼ਤਾਂ ਵਿੱਚ ਦੇਣੇ ਹਨ। ਉਸ ਦੀ ਪਹਿਲੀ ਕਿਸ਼ਤ ਅਪ੍ਰੈਲ 2026 ਤੋਂ ਪੈਂਡਿੰਗ ਹੈ ਨੂੰ ਤੁਰੰਤ ਜਾਰੀ ਕੀਤੀ ਜਾਵੇ, ਫੀਲਡ ਮੁਲਾਜ਼ਮਾਂ ਦੇ ਮੈਡੀਕਲ ਤੇ ਜੀ ਪੀ ਫੰਡ ਦੇ ਬਕਾਏ ਦਿੱਤੇ ਜਾਣ ,ਬਕਾਇਆ ਵਰਦੀਆਂ ਜਾਰੀ ਕੀਤੀਆਂ ਜਾਣ, ਫੀਲਡ ਮੁਲਾਜ਼ਮਾਂ ਨੂੰ ਲੋੜੀ ਦੇ ਔਜਾਰ ਦਿੱਤੇ ਜਾਣ, ਮੁਲਾਜ਼ਮਾਂ ਨੂੰ ਹੈਡਾਂ ਤੇ ਬਿਜਲੀ ਪਾਣੀ ਦਾ ਪ੍ਰਬੰਧ ਕੀਤਾ ਜਾਵੇ ਅਤੇ ਹੈਡਾਂ ਤੇ ਸਟਾਫ ਪੂਰਾ ਕੀਤਾ ਜਾਵੇ, ਹੈਡਾਂ ਤੇ ਲਈ ਜਾ ਰਹੀ 12 ਘੰਟੇ ਡਿਊਟੀ ਨੂੰ ਅੱਠ ਘੰਟੇ ਵਿੱਚ ਕੀਤਾ ਜਾਵੇ, ਸਮੂਹ ਹੈਡਾਂ ਤੇ ਟਾਰਚਾਂ ਦਿੱਤੀਆਂ ਜਾਣ, ਗੇਜ ਰੀਡਰਾਂ ਅਤੇ ਬੇਲਦਾਰਾਂ ਨੂੰ ਬਣਦੀਆਂ ਛੁੱਟੀਆਂ ਦਿੱਤੀਆਂ ਜਾਣ । ਅੱਜ ਦੇ ਰੋਸ ਧਰਨੇ ਨੂੰ ਦੀਪਕ ਕੁਮਾਰ, ਕ੍ਰਿਸ਼ਨ ਕੁਮਾਰ ,ਨਰੇਸ਼ ਭਜਨ ਸਿੰਘ ਲੱਗ, ਮਾਨ ਸਿੰਘ, ਭਜਨ ਸਿੰਘ ਰੋਹਟੀ , ਬੀਰੂ ਰਾਮ ,ਰਮੇਸ ਸਿੰਘ , ਫੈਡਰੇਸ਼ਨ ਦੇ ਜਿਲਾ ਜਨਰਲ ਸਕੱਤਰ ਜਸਵਿੰਦਰ ਸਿੰਘ ਸੋਜਾ ਆਦੀ ਨੇ ਸ਼ਮੂਲੀਅਤ ਕੀਤੀ। ਅਤੇ ਐਕਸਨ ਭਾਖੜਾ ਮੇਨ ਲਾਈਨ ਪਟਿਆਲਾ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਗੱਲਬਾਤ ਰਾਹੀਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ।ਕਾਰਜਕਾਰੀ ਇੰਜੀਨੀਅਰ ਭਾਖੜਾ ਮੇਨ ਲਾਇਨ ਦੇ ਧਰਨੇ ਤੋਂ ਬਾਅਦ ਜਥੇਬੰਦੀ ਵੱਲੋਂ ਵਹੀਕਲ ਮਾਰਚ ਕਰਕੇ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਚੱਲ ਰਹੇ ਇੱਕ ਜੁਲਾਈ ਤੋਂ 10 ਜੁਲਾਈ ਤੱਕ ਸਰਕਲ ਪੱਧਰ ਦੇ ਰੋਸ ਪੱਤਰ ਜੋ ਸਰਕਾਰ ਨੂੰ ਭੇਜਣੇ ਹਨ । ਜਲ ਸਪਲਾਈ ਸਰਕਲ ਪਟਿਆਲਾ ਨੂੰ ਰੋਸ ਪੱਤਰ ਦਿੱਤਾ ਗਿਆ ।

# ਬ੍ਰਹਮ ਮਹਿੰਦਰਾ ਅਤੇ ਮੋਹਿਤ ਮਹਿੰਦਰਾ ਦੇ ਗ੍ਰਹਿ ਵਿਖੇ ਭੂਪੇਸ਼ ਬਘੇਲ ਦੀ ਅਹਿਮ ਬੈਠਕ



**ਚੰਡੀਗੜ੍ਹ 9 ਜੁਲਾਈ**
**-ਛਤਰਪਾਲ ਸਿੰਘ-**

ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਨੇ ਅੱਜ ਸੀਨੀਅਰ ਕਾਂਗਰਸੀ ਆਗੂਆਂ ਬ੍ਰਹਮ ਮਹਿੰਦਰਾ ਅਤੇ ਮੋਹਿਤ ਮਹਿੰਦਰਾ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਨਾਸ਼ਤੇ ਦੌਰਾਨ ਹੋਈ ਇਹ ਬੈਠਕ ਲਗਭਗ ਇੱਕ ਘੰਟੇ ਤੋਂ ਵੱਧ ਚੱਲੀ, ਜਿਸ ਵਿੱਚ ਪੰਜਾਬ ਕਾਂਗਰਸ ਦੀ ਮੌਜੂਦਾ ਸਥਿਤੀ, ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਰਣਨੀਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਦੱਸਣ ਯੋਗ ਹੈ ਕਿ ਬੈਠਕ ਦੌਰਾਨ ਪਾਰਟੀ ਦੇ ਜ਼ਮੀਨੀ ਢਾਂਚੇ ਨੂੰ ਹੋਰ ਸਰਗਰਮ ਕਰਨ, ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਆਉਣ ਵਾਲੇ ਸਮੇਂ ਵਿੱਚ ਲੋਕ ਮੁੱਦਿਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ’ਤੇ ਖ਼ਾਸ ਜ਼ੋਰ ਦਿੱਤਾ ਗਿਆ। ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਸੀਨੀਅਰ ਆਗੂਆਂ ਦੇ ਤਜਰਬੇ ਦਾ ਲਾਭ ਲੈਣ ਬਾਰੇ ਵੀ ਚਰਚਾ ਹੋਈ। ਇਸ ਮੌਕੇ ਪੰਜਾਬ ਪ੍ਰਦੇਸ਼ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਮੋਹਿਤ ਮਹਿੰਦਰਾ ਨੇ ਦੱਸਿਆ ਕਿ ਪਾਰਟੀ ਅੰਦਰ ਬਿਹਤਰ ਤਾਲਮੇਲ ਅਤੇ ਏਕਤਾ ਨੂੰ ਹੋਰ ਮਜ਼ਬੂਤ ਬਣਾਉਣ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ ਤਾਂ ਜੋ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਕਾਂਗਰਸ ਇੱਕਜੁੱਟ ਹੋ ਕੇ ਲੋਕਾਂ ਵਿਚ ਜਾ ਸਕੇ।

ਉਨਾਂ ਦਾ ਮੰਨਣਾ ਹੈ ਕਿ ਪੰਜਾਬ ਕਾਂਗਰਸ ਇਨ੍ਹੀਂ ਦਿਨੀਂ ਸੰਗਠਨਾਤਮਕ ਪੱਧਰ ’ਤੇ ਲਗਾਤਾਰ ਸਰਗਰਮੀਆਂ ਵਧਾ ਰਹੀ ਹੈ ਅਤੇ ਸੀਨੀਅਰ ਆਗੂਆਂ ਨਾਲ ਹੋ ਰਹੀਆਂ ਅਜਿਹੀਆਂ ਮੁਲਾਕਾਤਾਂ ਨੂੰ ਇਸੇ ਲੜੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ।

# ਚੇਤਨਾ ਪ੍ਰੋਜੈਕਟ ਤਹਿਤ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੇ ਕੀਤੀ ਸਰਕਾਰੀ ਦਫ਼ਤਰਾਂ ਦੀ ਵਿੱਦਿਅਕ ਯਾਤਰਾ

**ਚੰਡੀਗੜ੍ਹ 9 ਜੁਲਾਈ**
**-ਛਤਰਪਾਲ ਸਿੰਘ-**



ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ੁਰੂ ਕੀਤੀ ਗਈ ਨਿਵੇਕਲੀ ਪਹਿਲ ‘ਚੇਤਨਾ ਪ੍ਰੋਜੈਕਟ’ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਮਾਡਲ ਟਾਊਨ ਦੇ ਵਿਦਿਆਰਥੀਆਂ ਨੇ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਦਾ ਵਿਦਿਅਕ ਦੌਰਾ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਰਕਾਰੀ ਕੰਮਕਾਜ ਦੀ ਪ੍ਰਕਿਰਿਆ, ਪ੍ਰਸ਼ਾਸਨਿਕ ਢਾਂਚੇ ਅਤੇ ਵੱਖ-ਵੱਖ ਵਿਭਾਗਾਂ ਦੀ ਕਾਰਜ-ਪ੍ਰਣਾਲੀ ਤੋਂ ਨੇੜਿਓਂ ਜਾਣੂ ਕਰਵਾਉਣਾ ਹੈ। ਡਾ. ਅਗਰਵਾਲ ਨੇ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਲਈ ਭਵਿੱਖ ਵਿੱਚ ਬਹੁਤ ਲਾਹੇਵੰਦ ਸਾਬਤ ਹੁੰਦੇ ਹਨ। ਇਸ ਨਾਲ ਨਾ ਸਿਰਫ਼ ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਦਾ ਹੈ, ਸਗੋਂ ਉਨ੍ਹਾਂ ਨੂੰ ਆਪਣੇ ਕਰੀਅਰ ਸਬੰਧੀ ਟੀਚੇ ਨਿਰਧਾਰਤ ਕਰਨ ਅਤੇ ਪ੍ਰਸ਼ਾਸਨਿਕ ਪ੍ਰਣਾਲੀ ਨੂੰ ਸਮਝਣ ਦਾ ਵੀ ਮੌਕਾ ਮਿਲਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਉਨ੍ਹਾਂ ਦੇ ਭਵਿੱਖੀ ਟੀਚਿਆਂ, ਕਰੀਅਰ ਵਿਕਲਪਾਂ ਅਤੇ ਚਿੰਤਾਵਾਂ ਬਾਰੇ ਖੁੱਲ੍ਹ ਕੇ ਚਰਚਾ ਕੀਤੀ। ਇਸ ਦੌਰਾਨ ਵਿਦਿਆਰਥੀਆਂ ਅਤੇ ਸਕੂਲ ਦੇ ਪ੍ਰਿੰਸੀਪਲ ਵੱਲੋਂ ਉਠਾਏ ਗਏ ਸਕੂਲ ਨਾਲ ਸਬੰਧਤ ਮਸਲਿਆਂ ਦੇ ਹੱਲ ਦਾ ਵੀ ਭਰੋਸਾ ਦਿੱਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਮਿਆਰ ਲਗਾਤਾਰ ਉੱਚਾ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ‘ਚੇਤਨਾ ਪ੍ਰੋਜੈਕਟ’ ਵਰਗੀਆਂ ਪਹਿਲਕਦਮੀਆਂ ਰਾਹੀਂ ਵਿਦਿਆਰਥੀਆਂ ਨੂੰ ਵਿਹਾਰਕ ਸਿੱਖਿਆ ਅਤੇ ਬਿਹਤਰ ਮਾਰਗਦਰਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਡਾ. ਹਿਮਾਂਸ਼ੂ ਅਗਰਵਾਲ ਨੇ ਵਿਦਿਆਰਥੀਆਂ ਨੂੰ ਡਿਪਟੀ ਕਮਿਸ਼ਨਰ ਦਫ਼ਤਰ, ਡੀ.ਸੀ. ਕੋਰਟ, ਰੋਜ਼ਗਾਰ ਦਫ਼ਤਰ, ਫਰਦ ਕੇਂਦਰ, ਸੇਵਾ ਕੇਂਦਰ, ਪੁਲਿਸ ਥਾਣੇ ਸਮੇਤ ਹੋਰ ਸਰਕਾਰੀ ਦਫ਼ਤਰਾਂ ਦਾ ਦੌਰਾ ਕਰਕੇ ਉਨ੍ਹਾਂ ਦੀ ਕਾਰਜ-ਪ੍ਰਣਾਲੀ ਨੂੰ ਸਮਝਣ ਅਤੇ ਆਪਣੇ ਸੁਝਾਅ ਤੇ ਫੀਡਬੈਕ ਸਾਂਝੇ ਕਰਨ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ‘ਚੇਤਨਾ ਪ੍ਰੋਜੈਕਟ’ ਦੀ ਸ਼ਲਾਘਾ ਕਰਦਿਆਂ ਡਿਪਟੀ ਕਮਿਸ਼ਨਰ ਤੋਂ ਕਲੈਟ, ਯੂ.ਪੀ.ਐਸ.ਸੀ., ਮੈਡੀਕਲ ਅਤੇ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਸਬੰਧੀ ਜਾਣਕਾਰੀ ਅਤੇ ਮਾਰਗਦਰਸ਼ਨ ਵੀ ਪ੍ਰਾਪਤ ਕੀਤਾ। ਇਸ ਦੌਰੇ ਤੋਂ ਬਾਅਦ ਵਿਦਿਆਰਥੀਆਂ ਨੇ ਆਪਣੇ ਸੁਝਾਅ ਤੇ ਫੀਡਬੈਕ ਵੀ ਦਿੱਤੀ। ਇਸ ਮੌਕੇ ਡਿਪਟੀ ਡੀ.ਈ.ਓ. ਰਵਿੰਦਰਪਾਲ ਸਿੰਘ, ਸਕੂਲ ਦੇ ਪ੍ਰਿੰਸੀਪਲ ਰਜੇਸ਼ ਕੁਮਾਰ ਅਤੇ ਹੋਰ ਅਧਿਆਪਕ ਵੀ ਹਾਜ਼ਰ ਸਨ।

## ਬਸੰਤ ਰਿਤੂ ਕਲੱਬ ਨੇ ਹਿੰਦੂ ਪਬਲਿਕ ਸਕੂਲ ਵਿਖੇ ਲਗਾਏ ਪੱਖੇ

# ਕਲੱਬ 34 ਸਾਲਾਂ ਤੋਂ ਪਠਨ ਸਮੱਗਰੀ, ਸਬਮਰਸੀਬਲ ਪੰਪ, ਪੱਖੇ ਅਤੇ ਕੂਲਰ ਦੀ ਸੇਵਾ ਦੇ ਕਰ ਰਿਹਾ ਹੈ : ਆਕਰਸ਼ ਸ਼ਰਮਾ



**ਪਟਿਆਲਾ, 9 ਜੁਲਾਈ**
**-ਅਮਨਦੀਪ ਸੱਭਰਵਾਲ-**

ਬਸੰਤ ਰਿਤੂ ਯੂਥ ਕਲੱਬ ਤ੍ਰਿ ?ਪੜੀ ਪਟਿਆਲਾ ਜ਼ੋ ਕਿ ਪਿਛਲੇ 34 ਸਾਲਾਂ ਤੋਂ ਸਰਕਾਰੀ ਅਤੇ ਅਰਧ ਸਰਕਾਰੀ ਸਕੂਲਾਂ ਵਿਖੇ ਵਰਦੀਆਂ, ਪਠਨ ਸਮੱਗਰੀ, ਛੱਤ ਵਾਲੇ ਪੱਖੇ, ਸਬਮਰਸੀਬਲ ਪੰਪ, ਕੂਲਰ, ਆਦਿ ਦੀ ਸੇਵਾ ਬਾਲ ਵਿਕਾਸ ਕੈਂਪਾਂ ਰਾਹੀਂ ਕਰ ਰਿਹਾ ਹੈ। ਅੱਜ ਹਿੰਦੂ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਤ੍ਰਿਪੜੀ ਵਿਖੇ ਬਸੰਤ ਰਿਤੂ ਕਲੱਬ ਵੱਲੋਂ ਬਾਲ ਵਿਕਾਸ ਕੈਂਪ ਆਯੋਜਿਤ ਕਰਕੇ ਸਕੂਲ ਵਿਖੇ 5 ਛੱਤ ਵਾਲੇ ਪੱਖੇ ਲਗਵਾਏ ਗਏ। ਕਲੱਬ ਦੇ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਅਤੇ ਸੰਸਥਾਪਕ ਰਾਜੇਸ਼ ਸ਼ਰਮਾ ਰਾਮਟੱਟਵਾਲੀ ਨੇ ਦੱਸਿਆ ਕਿ ਕਲੱਬ ਵੱਲੋਂ ਹੁਣ ਤੱਕ 34 ਸਾਲਾਂ ਵਿੱਚ ਸਰਕਾਰੀ ਅਤੇ ਅਰਧ ਸਰਕਾਰੀ ਸਕੂਲਾਂ ਦੇ ਲਗਭਗ 25000 ਬੱਚਿਆਂ ਦੀ ਪਠਨ ਸਮੱਗਰੀ ਦੇ ਕੇ ਜਿੱਥੇ ਸਹਾਇਤਾ ਕੀਤੀ ਗਈ ਹੈ ਉੱਥੇ ਸੱਤ ਸਬਮਰਸੀਬਲ ਪੰਪ, 500 ਛੱਤ ਵਾਲੇ ਪੱਖੇ ਅਤੇ ਕੂਲਰ ਆਦਿ ਦੀ ਸੇਵਾ ਵੀ ਕੀਤੀ ਜਾ ਚੁੱਕੀ ਹੈ ਅਤੇ ਉਨ੍ਹਾਂ ਇਹ ਵੀ ਆਖਿਆ ਕਿ ਬਿਨਾਂ ਲੋਕਾਂ ਦੀ ਸ਼ਮੂਲੀਅਤ ਤੋਂ ਕੋਈ ਵੀ ਸੇਵਾ ਦਾ ਕੰਮ ਸੁਚੱਜੇ ਢੰਗ ਨਾਲ ਨਹੀਂ ਕੀਤਾ ਜਾ ਸਕਦਾ। ਇਸ ਲਈ ਉਹਨਾਂ ਆਮ ਪਬਲਿਕ ਨੂੰ ਅਪੀਲ ਕਰਦੇ ਹੋਏ ਇਹ ਵੀ ਆਖਿਆ ਕਿ ਸਾਨੂੰ ਨਿਰਸਵਾਰਥ ਭਾਵਨਾ ਦੇ ਨਾਲ ਜਰੂਰਤਮੰਦ ਵਿਦਿਆਰਥੀਆਂ ਦੀ ਮਦਦ ਕਰਕੇ ਨਰ ਸੇਵਾ ਅਤੇ ਨਰਾਇਣ ਸੇਵਾ ਦੇ ਸ਼ਬਦ ਨੂੰ ਸਾਰਥਕ ਕਰਨ ਦੀ ਲੋੜ ਹੈ। ਸਕੂਲ ਦੇ ਪ੍ਰਿੰਸੀਪਲ ਐਸ.ਕੁਮਾਰ ਖੋਸਲਾ ਨੇ ਆਪਣੇ ਵਿਚਾਰ ਦਿੰਦੇ ਹੋਏ ਆਖਿਆ ਕਿ ਬਸੰਤ ਰਿਤੂ ਕਲੱਬ ਬੜੇ ਲੰਮੇ ਸਮੇਂ ਤੋਂ ਸਕੂਲਾਂ ਵਿੱਚ ਨਿਰਸਵਾਰਥ ਭਾਵਨਾ ਦੇ ਨਾਲ ਮਦਦ ਕਰਦਾ ਆ ਰਿਹਾ ਹੈ ਅਤੇ ਉਨ੍ਹਾਂ ਅੱਜ ਸਕੂਲ ਵਿੱਚ ਛੱਤ ਵਾਲੇ ਪੱਖਿਆ ਦੀ ਸੇਵਾ ਨਿਭਾਈ ਹੈ ਉਹ ਸ਼ਲਾਘਾਵਾਲੀ ਗੱਲ ਹੈ। ਸਾਨੂੰ ਸਾਰਿਆਂ ਨੂੰ ਆਪਣੇ ਜੀਵਨ ਨੂੰ ਸਾਰਥਕ ਬਣਾਉਣ ਲਈ ਨਿਰਸਵਾਰਥ ਭਾਵਨਾ ਦੇ ਨਾਲ ਸੇਵਾ ਦੇ ਕੰਮ ਕਰਨੇ ਚਾਹੀਦੇ ਹਨ ਤਾਂ ਕਿ ਉਹ ਚੰਗੇ ਸਮਾਜ ਦਾ ਨਿਰਮਾਣ ਕੀਤਾ ਜਾ ਸਕੇ।

# ਡਿਊਟੀ ਪ੍ਰਤੀ ਇਮਾਨਦਾਰੀ ਦੀ ਮਿਸਾਲ ਬਣੇ ਟ੍ਰੈਫ਼ਿਕ ਹੌਲਦਾਰ ਗੁਰਸੇਵਕ ਸਿੰਘ,



**ਲੁਧਿਆਣਾ, 9 ਜੁਲਾਈ**
**ਲਛਮਣ ਜੀਤ ਸਿੰਘ ਪੁਰਬਾ**

ਪੰਜਾਬ ਪੁਲਿਸ ਦੇ ਟ੍ਰੈਫ਼ਿਕ ਵਿੰਗ ਵਿੱਚ ਤਾਇਨਾਤ ਹੌਲਦਾਰ ਗੁਰਸੇਵਕ ਸਿੰਘ ਆਪਣੀ ਇਮਾਨਦਾਰੀ, ਕਰਤੱਵ ਨਿਭਾਉਣ ਦੀ ਭਾਵਨਾ ਅਤੇ ਲੋਕ ਸੇਵਾ ਕਾਰਨ ਇਲਾਕੇ ਵਿੱਚ ਇੱਕ ਮਿਸਾਲ ਬਣੇ ਹੋਏ ਹਨ। ਮਿੱਤਲ ਧਰਮ ਕੰਡਾ ਚੌਂਕ ਤੋਂ ਲੰਘਣ ਵਾਲੇ ਰਾਹਗੀਰ ਅਤੇ ਵਾਹਨ ਚਾਲਕ ਉਨ੍ਹਾਂ ਦੇ ਕੰਮ ਕਰਨ ਦੇ ਢੰਗ ਦੀ ਖੁੱਲ੍ਹ ਕੇ ਸ਼ਲਾਘਾ ਕਰਦੇ ਹਨ।

ਮਿੱਤਲ ਧਰਮ ਕੰਡਾ ਚੌਂਕ ਉਦਯੋਗਿਕ ਖੇਤਰ ਵਿੱਚ ਸਥਿਤ ਹੋਣ ਕਾਰਨ ਇੱਥੇ ਸਵੇਰੇ ਅਤੇ ਸ਼ਾਮ ਦੇ ਸਮੇਂ ਭਾਰੀ ਟ੍ਰੈਫ਼ਿਕ ਰਹਿੰਦਾ ਹੈ ਅਤੇ ਅਕਸਰ ਜਾਮ ਦੀ ਸਥਿਤੀ ਬਣ ਜਾਂਦੀ ਹੈ। ਅਜਿਹੇ ਸਮੇਂ ਵਿੱਚ ਫਲਾਈਓਵਰ ਹੇਠਾਂ ਆਪਣੀ ਡਿਊਟੀ ਨਿਭਾ ਰਹੇ ਹੌਲਦਾਰ ਗੁਰਸੇਵਕ ਸਿੰਘ ਪੂਰੀ ਤਨਦੇਹੀ ਨਾਲ ਆਵਾਜਾਈ ਨੂੰ ਸੁਚਾਰੂ ਬਣਾਈ ਰੱਖਦੇ ਹਨ। ਚਾਹੇ ਸਿਖਰ ਦੀ ਗਰਮੀ ਹੋਵੇ, ਮੂਸਲਾਧਾਰ ਬਰਸਾਤ ਜਾਂ ਹੋਰ ਕੋਈ ਵੀ ਮੌਸਮ, ਹੌਲਦਾਰ ਗੁਰਸੇਵਕ ਸਿੰਘ ਬਿਨਾਂ ਕਿਸੇ ਪਰਵਾਹ ਦੇ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਂਦੇ ਹਨ। ਉਹ ਟ੍ਰੈਫ਼ਿਕ ਜਾਮ ਨੂੰ ਤੁਰੰਤ ਖੁਲਵਾਉਣ ਅਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਈ ਰੱਖਣ ਲਈ ਲਗਾਤਾਰ ਮੁਸਤੈਦ ਰਹਿੰਦੇ ਹਨ, ਜਿਸ ਕਾਰਨ ਆਮ ਲੋਕਾਂ ਨੂੰ ਕਾਫ਼ੀ ਰਾਹਤ ਮਿਲਦੀ ਹੈ।

ਇਲਾਕਾ ਨਿਵਾਸੀਆਂ ਅਤੇ ਰੋਜ਼ਾਨਾ ਇਸ ਰਸਤੇ ਤੋਂ ਲੰਘਣ ਵਾਲੇ ਲੋਕਾਂ ਦਾ ਕਹਿਣਾ ਹੈ ਕਿ ਹੌਲਦਾਰ ਗੁਰਸੇਵਕ ਸਿੰਘ ਆਪਣੀ ਡਿਊਟੀ ਨੂੰ ਸਿਰਫ਼ ਇੱਕ ਨੌਕਰੀ ਨਹੀਂ, ਸਗੋਂ ਲੋਕ ਸੇਵਾ ਦਾ ਮਾਧਿਅਮ ਸਮਝ ਕੇ ਨਿਭਾ ਰਹੇ ਹਨ। ਉਨ੍ਹਾਂ ਦੀ ਇਮਾਨਦਾਰੀ, ਸਮਰਪਣ ਅਤੇ ਫ਼ਰਜ਼ ਪ੍ਰਤੀ ਭਾਵਨਾ ਦੀ ਇਲਾਕੇ ਵਿੱਚ ਖੂਬ ਚਰਚਾ ਹੋ ਰਹੀ ਹੈ ਅਤੇ ਲੋਕ ਉਨ੍ਹਾਂ ਨੂੰ ਪੰਜਾਬ ਪੁਲਿਸ ਲਈ ਇੱਕ ਪ੍ਰੇਰਣਾਦਾਇਕ ਚਿਹਰਾ ਮੰਨ ਰਹੇ ਹਨ।

# ਪਿੰਡ ਭੋਜੋਵਾਲੀ ਅਤੇ ਭੱਦਲਵੱਡ ਵਿਖੇ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ ’ਤੇ ਆਧਾਰਿਤ ਡਾਕੂਮੈਂਟਰੀ

**ਧੂਰੀ, 9 ਜੁਲਾਈ**
**ਜਗਦੇਵ ਰੰਚਨਾਂ**



ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੇ ਜੀਵਨ, ਫ਼ਲਸਫ਼ੇ ਅਤੇ ਮਹਾਨ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਦੂਜੇ ਦਿਨ ਧੂਰੀ ਹਲਕੇ ਦੇ ਪਿੰਡ ਭੋਜੋਵਾਲੀ ਅਤੇ ਭੱਦਲਵੱਡ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ ’ਤੇ ਆਧਾਰਿਤ 30 ਮਿੰਟ ਦੀ ਡਾਕੂਮੈਂਟਰੀ ਦਿਖਾਈ ਗਈ।

ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤੇ ਸਮਾਨਤਾ, ਮਨੁੱਖਤਾ, ਸਮਾਜਿਕ ਨਿਆਂ, ਭਾਈਚਾਰੇ ਅਤੇ ਸੇਵਾ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕਾਂ, ਨੌਜਵਾਨਾਂ ਅਤੇ ਮਹਿਲਾਵਾਂ ਨੇ ਡਾਕੂਮੈਂਟਰੀ ਦੇਖਦਿਆਂ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਪ੍ਰਾਪਤ ਕੀਤੀ।

ਇਸ ਮੌਕੇ ਪਿੰਡ ਭੱਦਲਵੱਡ ਦੇ ਸਰਪੰਚ ਕਰਮਜੀਤ ਸਿੰਘ ਅਤੇ ਪਿੰਡ ਭੋਜੋਵਾਲੀ ਦੇ ਸਰਪੰਚ ਜਗਸੀਰ ਸਿੰਘ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਡਾਕੂਮੈਂਟਰੀਆਂ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਗੁਰੂਆਂ ਦੀਆਂ ਸਿੱਖਿਆਵਾਂ ਨਾਲ ਜੋੜਨ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤਾ ਸਮਾਨਤਾ, ਆਪਸੀ ਭਾਈਚਾਰੇ ਅਤੇ ਮਨੁੱਖਤਾ ਦਾ ਸੰਦੇਸ਼ ਅੱਜ ਵੀ ਸਮਾਜ ਲਈ ਉਨਾ ਹੀ ਪ੍ਰਸੰਗਿਕ ਹੈ ਅਤੇ ਹਰ ਵਿਅਕਤੀ ਨੂੰ ਇਨ੍ਹਾਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ।

ਪਿੰਡ ਵਾਸੀਆਂ ਨੇ ਵੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਇਸ ਵਿਲੱਖਣ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਅਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ ਬਾਰੇ ਜਾਣਕਾਰੀ ਮਿਲ ਰਹੀ ਹੈ।


SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਪਟਿਆਲਾ ਜ਼ਿਲ੍ਹੇ ਦੇ 6 ਪਿੰਡਾਂ 'ਚ ਰੋਜ਼ਾਨਾ ਦਿਖਾਈ ਜਾ ਰਹੀ ਹੈ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ -ਏਡੀਸੀ ਮਾਨ

**ਪਟਿਆਲਾ, 9 ਜੁਲਾਈ**
**-ਛਤਰਪਾਲ ਸਿੰਘ-**



ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਬੀਤੀ ਰਾਤ ਮੁਹਿੰਮ ਦੇ ਪਹਿਲੇ ਦਿਨ ਪਟਿਆਲਾ ਜ਼ਿਲ੍ਹੇ ਦੇ ਨਾਭਾ ਬਲਾਕ ਦੇ ਪਿੰਡ ਫਤਹਿਪੁਰ, ਗਦਾਈਆ, ਸਨੌਰ ਬਲਾਕ ਦੇ ਬੀੜ ਕੌਲੀ ਤੇ ਗੌਂਸਪੁਰ ਤੇ ਸਮਾਣਾ ਬਲਾਕ ਦੇ ਪਿੰਡ ਚੌਹਠ ਤੇ ਖੇੜੀ ਫੱਤਾਂ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਪਵਿੱਤਰ ਸਿੱਖਿਆਵਾਂ 'ਤੇ ਆਧਾਰਿਤ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ ਇਸ ਦਸਤਾਵੇਜ਼ੀ ਨੂੰ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਦੇਖਿਆ ਅਤੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।

ਹੋਰ ਜਾਣਕਾਰੀ ਦਿੰਦਿਆਂ ਏਡੀਸੀ ਦਿਹਾਤੀ ਵਿਕਾਸ ਦਮਨਜੀਤ ਸਿੰਘ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਸ਼ਰਧਾ ਭਾਵਨਾ ਨਾਲ ਮਨਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸੇ ਕੜੀ ਤਹਿਤ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਇਹ ਡਾਕੂਮੈਂਟਰੀ ਸੂਬੇ ਦੇ ਹਰ ਕੋਨੇ ਤੱਕ ਗੁਰੂ ਸਾਹਿਬ ਦਾ ਸਦੀਵੀ ਸੰਦੇਸ਼ ਪਹੁੰਚਾ ਰਹੀ ਹੈ।

ਏਡੀਸੀ ਨੇ ਕਿਹਾ ਕਿ ਪਟਿਆਲਾ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਡਾਕੂਮੈਂਟਰੀ ਦਿਖਾਈ ਜਾਵੇਗੀ ਤਾਂ ਜੋ ਹਰ ਵਰਗ ਦੇ ਲੋਕ, ਖ਼ਾਸ ਕਰਕੇ ਨੌਜਵਾਨ ਪੀੜ੍ਹੀ, ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਬਰਾਬਰੀ ਵਾਲੇ ਸਮਾਜ ਦੇ ਸੰਕਲਪ ਤੋਂ ਜਾਣੂ ਹੋ ਸਕੇ। ਉਨ੍ਹਾਂ ਕਿਹਾ ਕਿ 30 ਮਿੰਟ ਦੀ ਇਹ ਦਸਤਾਵੇਜ਼ੀ ਸੰਖੇਪ ਹੋਣ ਦੇ ਬਾਵਜੂਦ ਬਹੁਤ ਪ੍ਰਭਾਵਸ਼ਾਲੀ ਹੈ, ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਸੌਖੇ, ਸਰਲ ਅਤੇ ਪ੍ਰਭਾਵੀ ਢੰਗ ਨਾਲ ਲੋਕਾਂ ਤੱਕ ਪਹੁੰਚਾ ਰਹੀ ਹੈ।

ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਡਾਕੂਮੈਂਟਰੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਗੁਰੂ ਰਵਿਦਾਸ ਜੀ ਨੇ ਆਪਣਾ ਸਾਰਾ ਜੀਵਨ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਅਸਮਾਨਤਾ ਵਰਗੀਆਂ ਕੁਰੀਤੀਆਂ ਨੂੰ ਖ਼ਤਮ ਕਰਨ ਅਤੇ ਭੇਦਭਾਵ ਰਹਿਤ, ਬਰਾਬਰੀ ਅਤੇ ਭਾਈਚਾਰੇ ਵਾਲੇ ਸਮਾਜ ਦੀ ਸਿਰਜਣਾ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਸਦਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ ਅਤੇ ਆਦਰਸ਼ਾਂ ਨਾਲ ਜੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੇ।

ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਹਰਦੀਪ ਸਿੰਘ ਮੁੰਡੀਆਂ ਨੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ 52 ਨਵ-ਨਿਯੁਕਤ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਚੰਡੀਗੜ੍ਹ, 9 ਜੁਲਾਈ**
**-ਹਰਮਨਪ੍ਰੀਤ ਕੌਰ-**

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ ਵਿਭਾਗ ਦੇ 52 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਪੰਜਾਬ ਭਵਨ ਵਿਖੇ ਕਰਵਾਏ ਸਮਾਗਮ ਦੌਰਾਨ ਉਨ੍ਹਾਂ ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਿਯੁਕਤੀਆਂ ਨਾ ਸਿਰਫ਼ ਵਿਭਾਗ ਵਿੱਚ ਮੁਲਾਜ਼ਮਾਂ ਦੀ ਘਾਟ ਨੂੰ ਪੂਰਾ ਕਰਨ ਵਿੱਚ ਸਹਾਈ ਸਾਬਤ ਹੋਣਗੀਆਂ, ਸਗੋਂ ਵਿਭਾਗ ਦੇ ਚਲ ਰਹੇ ਅਤੇ ਨਵੇਂ ਪ੍ਰਾਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੀਆਂ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨ੍ਹਾਂ 52 ਉਮੀਦਵਾਰਾਂ ਦੀ ਭਰਤੀ ਤਰਸ ਦੇ ਆਧਾਰ 'ਤੇ ਨੌਕਰੀ ਦੇਣ ਸਬੰਧੀ ਨੀਤੀ ਤਹਿਤ ਕੀਤੀ ਗਈ ਹੈ। ਨਿਯੁਕਤ ਕੀਤੇ ਗਏ ਉਮੀਦਵਾਰਾਂ ਵਿੱਚ 3 ਜੂਨੀਅਰ ਨਕਸ਼ਾ ਨਵੀਸ, 9 ਕਲਰਕ, 31 ਸੇਵਾਦਾਰ, 1 ਸਫ਼ਾਈ ਸੇਵਕ, 7 ਜੂਨੀਅਰ ਟੈਕਨੀਸ਼ੀਅਨ ਅਤੇ 1 ਹੈਲਪਰ ਟੈਕਨੀਸ਼ੀਅਨ ਸ਼ਾਮਲ ਹਨ।

ਸ. ਹਰਦੀਪ ਸਿੰਘ ਮੁੰਡੀਆਂ ਨੇ ਨਵ-ਨਿਯੁਕਤ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਲਗਨ ਅਤੇ ਸਮਰਪਣ ਨਾਲ ਨਿਭਾਉਣ ਲਈ ਪ੍ਰੇਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਪੀਣਯੋਗ ਪਾਣੀ ਅਤੇ ਸੈਨੀਟੇਸ਼ਨ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਯੋਗ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਵੀਆਂ ਭਰਤੀਆਂ ਨਾਲ ਵਿਭਾਗ ਦੀ ਕਾਰਜਕੁਸ਼ਲਤਾ ਵਿੱਚ ਹੋਰ ਸੁਧਾਰ ਆਵੇਗਾ ਅਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਵਿੱਚ ਮਦਦ ਮਿਲੇਗੀ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਵਿੱਚ ਪਾਰਦਰਸ਼ੀ ਢੰਗ ਨਾਲ ਭਰਤੀ ਪ੍ਰਕਿਰਿਆ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ ਜਿਸ ਤਹਿਤ ਹੁਣ ਤੱਕ ਮਾਨ ਸਰਕਾਰ ਨੇ ਨੌਜਵਾਨਾਂ ਨੂੰ 68000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸੇ ਲੜੀ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਅੱਜ ਦੀਆਂ ਨਿਯੁਕਤੀਆਂ ਸਮੇਤ ਸਾਲ 2022 ਤੋਂ ਹੁਣ ਤੱਕ ਵੱਖ-ਵੱਖ ਵਰਗਾਂ ਵਿੱਚ ਕੁੱਲ 520 ਨਿਯੁਕਤੀਆਂ ਕੀਤੀਆਂ ਜਾ ਚੁੱਕੀਆਂ ਹਨ। ਇਸ ਤੋਂ ਪਹਿਲਾਂ ਕੀਤੀਆਂ 468 ਨਿਯੁਕਤੀਆਂ ਵਿੱਚ 44 ਉਪ ਮੰਡਲ ਇੰਜੀਨੀਅਰ, 97 ਜੂਨੀਅਰ ਇੰਜੀਨੀਅਰ, 81 ਜੂਨੀਅਰ ਨਕਸ਼ਾ ਨਵੀਸ, 41 ਕਲਰਕ, 27 ਸਟੈਨੋਟਾਈਪਿਸਟ, 25 ਜੂਨੀਅਰ ਟੈਕਨੀਸ਼ੀਅਨ, 76 ਹੈਲਪਰ ਟੈਕਨੀਕਲ, 71 ਸੇਵਾਦਾਰ, 1 ਚੌਕੀਦਾਰ ਅਤੇ 5 ਸਫਾਈ ਸੇਵਕ ਸ਼ਾਮਲ ਹਨ। ਇਹ ਸਾਰੇ ਕਰਮਚਾਰੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ।

ਉਨ੍ਹਾਂ ਆਸ ਪ੍ਰਗਟਾਈ ਕਿ ਨਵ-ਨਿਯੁਕਤ ਮੁਲਾਜ਼ਮ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਵਿਭਾਗ ਦੀ ਪ੍ਰਗਤੀ ਅਤੇ ਲੋਕ ਸੇਵਾ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਯੋਗਦਾਨ ਪਾਉਣਗੇ।

ਭਾਰਤੀ ਚੋਣ ਕਮਿਸ਼ਨ ਦੇ ਡਿਪਟੀ ਚੋਣ ਕਮਿਸ਼ਨਰ, ਸ਼੍ਰੀ ਭਾਨੂ ਪ੍ਰਕਾਸ਼ ਯੇਤੂਰੂ, ਆਈਏਐਸ, ਅਤੇ ਮੁੱਖ ਚੋਣ ਅਧਿਕਾਰੀ, ਪੰਜਾਬ ਨੇ ਅੱਜ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) 2026 ਅਧੀਨ ਘਰ-ਘਰ ਜਾ ਕੇ ਗਣਨਾ ਫਾਰਮਾਂ ਦੀ ਵੰਡ ਅਤੇ ਵਾਪਸ ਪ੍ਰਾਪਤੀ ਪ੍ਰੀਕਿਰਿਆ ਦੀ ਸਮੀਖਿਆ ਕਰਨ ਲਈ ਲੁਧਿਆਣਾ ਵਿੱਚ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ। ਸ਼੍ਰੀਮਤੀ ਅਨਿੰਦਿਤਾ ਮਿੱਤਰਾ ਆਈ.ਏ.ਐਸ., ਸੀਈਓ ਪੰਜਾਬ ਅਤੇ ਲੁਧਿਆਣਾ, ਐਸ.ਬੀ.ਐਸ.ਨਗਰ, ਫਰੀਦਕੋਟ, ਮੋਗਾ, ਫਿਰੋਜ਼ਪੁਰ, ਫਾਜ਼ਿਲਕਾ, ਸ਼੍ਰੀ ਮੁਕਤਸਰ ਸਾਹਿਬ ਅਤੇ ਮਲੇਰਕੋਟਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਨੇ ਸਮੀਖਿਆ ਮੀਟਿੰਗ ਵਿੱਚ ਹਿੱਸਾ ਲਿਆ।

# ਖੇਤੀਬਾੜੀ ਉਤਪਾਦਾਂ ਦੀ ਗੁਣਵੱਤਾ ਅਤੇ ਸ਼ੁੱਧਤਾ ਦੀ ਭਰੋਸੇਮੰਦ ਪਛਾਣ : ਡਾ. ਹਰਸਿਮਰਨ ਕੌਰ ਗਿੱਲ

**ਲੁਧਿਆਣਾ, 9 ਜੁਲਾਈ**
**ਲਛਮਣ ਜੀਤ ਸਿੰਘ ਪੁਰਬਾ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਾ. ਹਰਸਿਮਰਨ ਕੌਰ ਗਿੱਲ ਨੇ ਇਸ ਦੀ ਜਾਣਕਾਰੀ ਮੀਡੀਆ ਨਾਲ ਸਾਂਝੀ ਕਰਦੇ ਹੋਏ ਕਿਹਾ ਕਿ ਐਗਮਾਰਕ (AGMARK) ਭਾਰਤ ਵਿੱਚ ਖੇਤੀਬਾੜੀ ਉਤਪਾਦਾਂ ਲਈ ਇੱਕ ਅਧਿਕਾਰਤ ਗੁਣਵੱਤਾ ਪ੍ਰਮਾਣੀਕਰਣ ਪ੍ਰਣਾਲੀ ਹੈ, ਜੋ ਇਹ ਯਕੀਨੀ ਬਣਾਉਂਦੀ ਹੈ ਕਿ ਉਤਪਾਦ ਨਿਰਧਾਰਤ ਮਿਆਰਾਂ ਅਨੁਸਾਰ ਸ਼ੁੱਧ, ਸੁਰੱਖਿਅਤ ਅਤੇ ਮਿਲਾਵਟ-ਰਹਿਤ ਹਨ।

ਇਹ ਪ੍ਰਮਾਣੀਕਰਣ ਮਾਰਕੀਟਿੰਗ ਅਤੇ ਇੰਸਪੈਕਸ਼ਨ ਡਾਇਰੈਕਟੋਰੇਟ (4$9) ਵੱਲੋਂ 1937 ਦੇ ਖੇਤੀਬਾੜੀ ਉਤਪਾਦ (ਗਰੇਡਿੰਗ ਅਤੇ ਮਾਰਕਿੰਗ) ਐਕਟ ਅਧੀਨ ਜਾਰੀ ਕੀਤਾ ਜਾਂਦਾ ਹੈ।

ਪੰਜਾਬ ਵਿੱਚ ਐਗਮਾਰਕ ਸਕੀਮ 1967 ਤੋਂ ਲਾਗੂ ਹੈ। ਉਤਪਾਦਕ ਨਿਰਧਾਰਤ ਪ੍ਰਕਿਰਿਆ ਪੂਰੀ ਕਰਕੇ ਅਤੇ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾ ਕੇ 5 ਸਾਲ ਲਈ ਐਗਮਾਰਕ ਪ੍ਰਮਾਣੀਕਰਣ ਪ੍ਰਾਪਤ ਕਰ ਸਕਦੇ ਹਨ। ਪ੍ਰਯੋਗਸ਼ਾਲਾ ਜਾਂਚ ਤੋਂ ਬਾਅਦ ਉਤਪਾਦਾਂ ਨੂੰ ਗੁਣਵੱਤਾ ਅਨੁਸਾਰ ਗਰੇਡ ਦਿੱਤਾ ਜਾਂਦਾ ਹੈ ਅਤੇ ਪੈਕਿੰਗ 'ਤੇ ਐਗਮਾਰਕ ਲੋਗੋ, ਸੀ.ਏ. ਨੰਬਰ ਅਤੇ ਹੋਰ ਲਾਜ਼ਮੀ ਵੇਰਵੇ ਦਰਜ ਕੀਤੇ ਜਾਂਦੇ ਹਨ।

ਐਗਮਾਰਕ ਪ੍ਰਮਾਣੀਕਰਣ ਨਾਲ ਕਿਸਾਨਾਂ ਅਤੇ ਉਤਪਾਦਕਾਂ ਨੂੰ ਉੱਚੀ ਮਾਰਕੀਟ ਕੀਮਤ, ਖਪਤਕਾਰਾਂ ਦਾ ਭਰੋਸਾ ਅਤੇ ਨਿਰਯਾਤ ਦੇ ਬਿਹਤਰ ਮੌਕੇ ਮਿਲਦੇ ਹਨ। ਇਹ ਪ੍ਰਣਾਲੀ ਭਾਰਤੀ ਖੇਤੀਬਾੜੀ ਉਤਪਾਦਾਂ ਨੂੰ ਦੇਸ਼ ਅਤੇ ਵਿਦੇਸ਼ ਦੀਆਂ ਮਾਰਕੀਟਾਂ ਵਿੱਚ ਗੁਣਵੱਤਾ ਦੀ ਮਜ਼ਬੂਤ ਪਛਾਣ ਪ੍ਰਦਾਨ ਕਰਦੀ ਹੈ।

# ਥਾਣਾ ਡੇਹਲੋਂ ਦੇ ਮੁਲਾਜ਼ਮ ਖ਼ਿਲਾਫ਼ ਲੋਕਾਂ ਦਾ ਧਰਨਾ, ਇਰਾਦਾ ਕਤਲ ਮਾਮਲੇ ਵਿੱਚ ਕਾਰਵਾਈ ਨਾ ਕਰਨ ਅਤੇ ਅਣਗਹਿਲੀ ਦੇ ਗੰਭੀਰ ਦੋਸ਼

**ਲੁਧਿਆਣਾ, 9 ਜੁਲਾਈ**
**ਲਛਮਣ ਜੀਤ ਸਿੰਘ ਪੁਰਬਾ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਥਾਣਾ ਡੇਹਲੋਂ ਦੇ ਅਧੀਨ ਆਉਂਦੇ ਇਲਾਕੇ ਵਿੱਚ ਤਾਇਨਾਤ ਪੁਲਿਸ ਮੁਲਾਜ਼ਮ ਪ੍ਰਦੀਪ ਸਿੰਘ ਦੇ ਖ਼ਿਲਾਫ਼ ਇਲਾਕਾ ਵਾਸੀਆਂ ਵੱਲੋਂ ਧਰਨਾ ਦੇ ਕੇ ਗੰਭੀਰ ਦੋਸ਼ ਲਗਾਏ ਗਏ। ਧਰਨਾਕਾਰੀਆਂ ਦਾ ਦੋਸ਼ ਸੀ ਕਿ ਇਰਾਦਾ ਕਤਲ ਦੇ ਇੱਕ ਮਾਮਲੇ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਸਮੇਂ ਸਿਰ ਕਾਰਵਾਈ ਨਹੀਂ ਕੀਤੀ ਗਈ। ਇਸ ਦੇ ਨਾਲ ਹੀ ਕਈ ਹੋਰ ਮਾਮਲਿਆਂ ਵਿੱਚ ਵੀ ਜਾਣਬੁੱਝ ਕੇ ਦੇਰੀ ਕਰਨ ਅਤੇ ਅਣਗਹਿਲੀ ਵਰਤਣ ਦੇ ਦੋਸ਼ ਵੀ ਮੁਲਾਜ਼ਮ 'ਤੇ ਲਗਾਏ ਗਏ।

ਇਸ ਸਬੰਧੀ ਜਦੋਂ ਥਾਣਾ ਇੰਚਾਰਜ ਵਿਜੇ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੁਲਾਜ਼ਮ ਖ਼ਿਲਾਫ਼ ਮਿਲੀਆਂ ਸ਼ਿਕਾਇਤਾਂ ਦੀ ਜਾਂਚ ਕਰਕੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਵਿਭਾਗ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਜਾਂ ਲਾਪਰਵਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਧਰਨੇ ਦੌਰਾਨ ਸ਼ਿਕਾਇਤਕਰਤਾ ਪ੍ਰੇਮ ਲਤਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਸ ਦੀ ਧੀ ਨੇ ਸਸੁਰਾਲ ਪੱਖ ਵੱਲੋਂ ਲਗਾਤਾਰ ਤੰਗ-ਪਰੇਸ਼ਾਨ ਕੀਤੇ ਜਾਣ ਕਾਰਨ ਆਤਮ ਹੱਤਿਆ ਕਰ ਲਈ ਸੀ।

ਉਨ੍ਹਾਂ ਦੋਸ਼ ਲਗਾਇਆ ਕਿ ਇਸ ਮਾਮਲੇ ਦਾ ਚਲਾਨ ਬਹੁਤ ਮੁਸ਼ੱਕਤ ਤੋਂ ਬਾਅਦ ਅਤੇ ਆਖ਼ਰੀ ਸਮੇਂ ਵਿੱਚ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜੋ ਪੁਲਿਸ ਦੀ ਗੰਭੀਰ ਅਣਗਹਿਲੀ ਨੂੰ ਦਰਸਾਉਂਦਾ ਹੈ।

ਧਰਨਾਕਾਰੀਆਂ ਨੇ ਇਹ ਵੀ ਦਾਅਵਾ ਕੀਤਾ ਕਿ ਇਸ ਪੁਲਿਸ ਮੁਲਾਜ਼ਮ ਖ਼ਿਲਾਫ਼ ਹੋਰ ਵੀ ਕਈ ਸ਼ਿਕਾਇਤਾਂ ਪਹਿਲਾਂ ਤੋਂ ਥਾਣੇ ਵਿੱਚ ਦਿੱਤੀਆਂ ਜਾ ਚੁੱਕੀਆਂ ਹਨ। ਹੁਣ ਸਭ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹਨ ਕਿ ਵਿਭਾਗ ਵੱਲੋਂ ਦੋਸ਼ਾਂ ਦੀ ਜਾਂਚ ਉਪਰੰਤ ਸੰਬੰਧਿਤ ਮੁਲਾਜ਼ਮ ਖ਼ਿਲਾਫ਼ ਕੀ ਕਾਰਵਾਈ ਕੀਤੀ ਜਾਂਦੀ ਹੈ।

# ਹਾਸਰਸ ਨਾਟਕ ਬਫਰਿੰਗ ਰਿਸ਼ਤੇ ਦੀ ਸਫਲ ਪੇਸ਼ਕਾਰੀ




**ਪਟਿਆਲਾ, 9 ਜੁਲਾਈ**
**-ਬਲਜੀਤ ਸਰਨਾ-**

ਨਿਊ ਲੈਂਪ ਫਿਲਮਜ਼ ਗਰੁੱਪ ਅਤੇ ਸੁਖ਼ਨਵਰ ਰੰਗਮੰਚ ਗਰੁੱਪ ਵੱਲੋਂ ਹਾਸਰਸ ਨਾਟਕ ਬਫ਼ਰਿੰਗ ਰਿਸ਼ਤੇ ਦੀ ਪੇਸ਼ਕਾਰੀ ਕਾਲੀ ਦਾਸ ਆਡੀਟੋਰੀਅਮ ਵਿਰਸਾ ਵਿਹਾਰ ਕੇਂਦਰ ਪਟਿਆਲਾ ਵਿਖੇ ਕੀਤੀ ਗਈ। ਇਸ ਨਾਟਕ ਦੇ ਲੇਖਕ ਅਤੇ ਨਿਰਦੇਸ਼ਕ ਨਵਦੀਪ ਕਲੇਰ ਸਨ ।ਜਿਨਾਂ ਨੇ ਆਪਣੇ ਕਲਾਕਾਰ ਸਾਥੀਆ ਨਾਲ ਮਿਲ ਕੇ ਇਸ ਨਾਟਕ ਦੀ ਸਫਲ ਪੇਸ਼ਕਾਰੀ ਰਾਹੀ ਸਮਾਜ ਦੀਆਂ ਗੰਭੀਰ ਅਤੇ ਮਹੱਤਵਪੂਰਨ ਸਮੱਸਿਆਵਾਂ ਦੀ ਚੇਤਨਾ ਜਗਾਉਣ ਦਾ ਇੱਕ ਸਫਲ ਉਦਮ ਕੀਤਾ ਹੈ ।

ਨਾਟਕ ਦੀ ਪੇਸ਼ਕਾਰੀ ਦੇਖਣ ਤੋਂ ਬਾਅਦ ਅੰਤਰਰਾਸ਼ਟਰੀ ਮਾਮਲਿਆਂ ਦੇ ਮਾਹਿਰ ਅਤੇ ਵਿਸ਼ਵ ਚਿੰਤਕ ਐਵਾਰਡੀ ਡਾਕਟਰ ਸਵਰਾਜ ਸਿੰਘ ਨੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਅਤੇ ਆਪਣੇ ਸੰਦੇਸ਼ ਰਾਹੀ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਕਿ ਮਨੁੱਖੀ ਰਿਸ਼ਤੇ ਸਮੁੱਚੀ ਮਨੁੱਖਤਾ ਦੀ ਸਥਿਤੀ ਦਾ ਮਹੱਤਵਪੂਰਨ ਸੂਚਕ ਹਨ। ਭਾਵੇਂ ਇਹ ਇੱਕ ਗੰਭੀਰ ਵਿਸ਼ਾ ਹੈ ਪਰ ਬਫ਼ਰਿੰਗ ਰਿਸ਼ਤੇ ਨਾਟਕ ਵਿੱਚ ਇਸ ਵਿਸ਼ੇ ਨੂੰ ਕਮੇਡੀ ਅਤੇ ਵਿਅੰਗ ਦੁਆਰਾ ਇਸ ਤਰੀਕੇ ਨਾਲ ਸੰਬੋਧਿਤ ਕੀਤਾ ਗਿਆ ।ਕਿ ਭਾਵੇਂ ਕਾਮੇਡੀ ਹੋਵੇ ਭਾਵੇਂ ਟਰੈਜਡੀ ਦੀ ਗੱਲ ਹੋਵੇ, ਇਹ ਸਮਾਜ ਨੂੰ ਸੁਨੇਹਾ ਦੇਣ ਦੀ ਉਸ ਵਿਸ਼ੇ ਬਾਰੇ ਚੇਤਨ ਕਰਨ ਅਤੇ ਜਾਗਰੂਕ ਲਿਆਉਣ ਦੀ ਸਫਲ ਗੱਲ ਕਰਦਾ ਹੈ ।ਅਤੇ ਸਮੁੱਚਾ ਨਾਟਕ ਅਤੇ ਇਸਦੇ ਸਾਰੇ ਹੀ ਕਲਾਕਾਰਾਂ ਨੇ ਆਪਣੀ ਖੂਬਸੂਰਤ ਪੇਸ਼ਕਾਰੀ ਨਾਲ ਆਪਣਾ ਸੁਨੇਹਾ ਦੇਣ ਵਿੱਚ ਸਫਲ ਰਹੇ ਹਨ।ਉਹਨਾਂ ਕਿਹਾ ਕਿ ਅੱਜ ਦੇ ਸਰਮਾਈਦਾਰੀ ਦੇ ਵਿਸ਼ਵੀਕਰਨ ਦੇ ਯੁਗ ਵਿੱਚ ਮਨੁੱਖੀ ਰਿਸ਼ਤਿਆਂ ਦੀ ਹਾਲਤ ਬਹੁਤ ਪਤਲੀ ਤੇ ਖਸਤਾ ਹੋ ਗਈ ਹੈ ।ਭਾਵੇਂ ਕਿ ਇਹ ਸਮੱਸਿਆ ਵਿਸ਼ਵ ਵਿਆਪੀ ਹੈ ਪ੍ਰੰਤੂ ਪੰਜਾਬ ਅਤੇ ਪੰਜਾਬੀ ਇਸ ਸਮੱਸਿਆ ਤੋਂ ਬਹੁਤ ਬੁਰੀ ਤਰ੍ਹਾਂ ਪ੍ਰਭਾਵਿਤ ਹਨ। ਕਿਉਂਕਿ ਪੰਜਾਬ ਵਿੱਚ ਹੋ ਰਹੇ ਵੱਡੇ ਪੱਧਰ ਦੇ ਪ੍ਰਵਾਸ ਨੇ ਪੰਜਾਬ ਸਮਾਜ ਨੂੰ ਪੰਜਾਬ ਦੇ ਸਮਾਜ ਨੂੰ ਬਹੁਤ ਅਸਥਿਰ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਮੈਂ ਨਾਟਕ ਨਾਲ ਜੁੜੇ ਸਾਰੇ ਕਲਾਕਾਰਾਂ ਨੂੰ ਵਧਾਈ ਦਿੰਦਾ ਹਾਂ ਜਿਨਾਂ ਨੇ ਇਨੀ ਗੰਭੀਰ ਅਤੇ ਮਹੱਤਵਪੂਰਨ ਸਮੱਸਿਆਵਾਂ ਬਾਰੇ ਸਮਾਜ ਦੀ ਚੇਤਨਾ ਜਗਾਉਣ ਦਾ ਇੱਕ ਸਫਲ ਉਦਮ ਕੀਤਾ ਹੈ ।

ਨਾਟਕ ਵਿਚਲੇ ਕਲਾਕਾਰਾਂ ਵਿੱਚ ਨਵਦੀਪ ਕਲੇਰ, ਮਨਜੀਤ ਸਿੰਘ, ਸੰਜੀਵ ਰਾਏ, ਪਵਨ ਜੋਹਲ, ਏਕਤਾਰ ਸਿੰਘ, ਕੁਲਵਿੰਦਰ ਕੌਰ ਪ੍ਰੀਤ ਥਿੰਦ ਅਤੇ ਅਨਮੋਲ ਸਿੰਘ ਆਦਿ ਕਲਾਕਾਰ ਸ਼ਾਮਿਲ ਸਨ। ਇਸ ਮੌਕੇ ਮੁੱਖ ਮਹਿਮਾਨ ਤੇਜਿੰਦਰ ਮਹਿਤਾ, ਚੇਅਰਮੈਨ ਜਿਲਾ ਯੋਜਨਾ ਬੋਰਡ ਪਟਿਆਲਾ, ਸਾਬਕਾ ਮੇਅਰ ਅਮਰਿੰਦਰ ਸਿੰਘ, ਕੁਲਾਰ ਪ੍ਰੋਡਕਸ਼ਨ ਦੇ ਐਮ ਡੀ ਹਰਬੰਸ ਸਿੰਘ ਕੁਲਾਰ, ਮਨਪ੍ਰੀਤ ਕੌਰ ਟੂਰਨਾ ਬਲਾਕ ਸੰਮਤੀ ਮੈਂਬਰ ਰਣਜੀਤ ਨਗਰ ਪਟਿਆਲਾ, ਡਰੀਮਸ ਆਫ ਸੋਸ਼ਲ ਟਰੈਂਡਜ਼ ਅਤੇ ਹੋਰਾਂ ਨੇ ਵੀ ਨਾਟਕ ਨੂੰ ਸਫਲ ਬਣਾਉਣ ਲਈ ਆਪਣਾ ਵਡਮੁੱਲਾ ਯੋਗਦਾਨ ਅਤੇ ਸਹਿਯੋਗ ਕੀਤਾ। ਇਸ ਤੋਂ ਇਲਾਵਾ ਸੁਖ਼ਨਵਰ ਰੰਗ ਮੰਚ ਵੱਲੋਂ ਵੀ ਇਸ ਨਾਟਕ ਦੀ ਪੇਸ਼ਕਾਰੀ ਲਈ ਬਹੁਤ ਹੀ ਕਾਫੀ ਸਲਾਘਾਯੋਗ ਉਪਰਾਲਾ ਕੀਤਾ ਗਿਆ।

# ਅਲਿਮਕੋ ਮੋਹਾਲੀ ਦੇ ਸਹਿਯੋਗ ਨਾਲ ਲਗਾਇਆ ਗਿਆ ਮੁਫ਼ਤ ਬਣਾਵਟੀ ਅੰਗ ਵੰਡ ਸਬੰਧੀ ਮੈਗਾ ਕੈਂਪ




**ਹੁਸ਼ਿਆਰਪੁਰ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਹੁਸ਼ਿਆਰਪੁਰ, ਸ਼੍ਰੀਮਤੀ ਆਸ਼ਿਕਾ ਜੈਨ ਦੀ ਯੋਗ ਅਗਵਾਈ ਹੇਠਾ ਚਲਾਈ ਜਾ ਰਹੀ ਰੈੱਡ ਕਰਾਸ ਸੁਸਾਇਟੀ ਦੁਆਰਾ 'ਅਲਿਮਕੋ' ਮੋਹਾਲੀ ਦੇ ਸਹਿਯੋਗ ਨਾਲ ਅੱਜ ਬੀ.ਡੀ.ਪੀ.ਓ. ਦਫ਼ਤਰ ਦਸੂਹਾ ਵਿਖੇ ਇੱਕ ਵਿਸ਼ਾਲ ਮਾਨਵਤਾਵਾਦੀ ਕੈਂਪ ਸਫ਼ਲਤਾਪੂਰਵਕ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮਨੋਰਥ ਸਮਾਜ ਦੇ ਪਛੜੇ ਅਤੇ ਸਰੀਰਕ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਲੋੜਵੰਦ ਲੋਕਾਂ ਨੂੰ ਆਤਮ-ਨਿਰਭਰ ਬਣਾਉਣਾ ਸੀ।

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਸ਼੍ਰੀ ਮੰਗੇਸ਼ ਸੂਦ ਅਤੇ ਸੰਯੁਕਤ ਸਕੱਤਰ ਸ਼੍ਰੀ ਆਦਿਤਿਆ ਰਾਣਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਕੈਂਪ ਦੌਰਾਨ ਕੁੱਲ 81 ਲਾਭਪਾਤਰੀਆਂ ਦੀ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮੁਫ਼ਤ ਜਾਂਚ ਕੀਤੀ ਗਈ। ਕੈਂਪ ਵਿੱਚ ਵਿਸ਼ੇਸ਼ ਲੋੜਾਂ ਵਾਲੇ ਦਿਵਿਆਂਗਜਨਾਂ ਨੂੰ ਸਵੈ-ਨਿਰਭਰ ਬਣਾਉਣ ਲਈ 18 ਮੋਟਰਾਈਜ਼ਡ ਟ੍ਰਾਈਸਾਈਕਲ, 52 ਕੰਨਾਂ ਦੀਆਂ ਆਧੁਨਿਕ ਮਸ਼ੀਨਾਂ ਅਤੇ 08 ਵ੍ਹੀਲ ਚੇਅਰ ਤੁਰੰਤ ਮੌਕੇ 'ਤੇ ਹੀ ਮੁਹੱਈਆ ਕਰਵਾਈਆਂ ਗਈਆਂ। ਇਸ ਦੇ ਨਾਲ ਹੀ 13 ਲਾਭਪਾਤਰੀਆਂ ਦੇ ਬਣਾਉਟੀ ਅੰਗਾਂ ਦੇ ਨਾਪ ਲਏ ਗਏ, ਜਿਨ੍ਹਾਂ ਨੂੰ ਅਗਲੇ 10 ਤੋਂ 15 ਦਿਨਾਂ ਦੇ ਅੰਦਰ-ਅੰਦਰ ਬਿਲਕੁਲ ਮੁਫ਼ਤ ਪ੍ਰਦਾਨ ਕਰ ਦਿੱਤਾ ਜਾਵੇਗਾ।

ਇਸ ਕੈਂਪ ਵਿੱਚ ਪਹੁੰਚੇ ਬਜ਼ੁਰਗਾਂ ਦੀ ਸਿਹਤ, ਆਰਾਮ ਅਤੇ ਸਰੀਰਕ ਸੁਖਾਲਤਾ ਨੂੰ ਮੁੱਖ ਰੱਖਦਿਆਂ ਰੈੱਡ ਕਰਾਸ ਵੱਲੋਂ 40 ਵਿਸਾਖੀਆਂ/ਸਟਿਕਸ ,ਵ੍ਹੀਲ ਚੇਅਰਾਂ ਲਈ 30 ਵਿਸ਼ੇਸ਼ ਕੁਸ਼ਨ ,08 ਗੋਡੇ ਦੇ ਬਰੇਸ, 40 ਲੋਅਰ ਲਿੰਬ ਬੈਲਟਾਂ ਅਤੇ 03 ਸਧਾਰਨ ਟ੍ਰਾਈਸਾਈਕਲ ਮੁਹੱਈਆ ਕਰਵਾਏ ਗਏ , ਤਾਂ ਜੋ ਬਜ਼ੁਰਗ ਆਪਣਾ ਰੋਜ਼ਾਨਾ ਦਾ ਜੀਵਨ ਸਵੈ-ਮਾਣ ਨਾਲ ਬਤੀਤ ਕਰ ਸਕਣ।

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸੰਯੁਕਤ ਸਕੱਤਰ ਸ਼੍ਰੀ ਆਦਿਤਿਆ ਰਾਣਾ ਨੇ ਦੱਸਿਆ ਕਿ ਰੈੱਡ ਕਰਾਸ ਸੁਸਾਇਟੀ ਦਾ ਮੁੱਖ ਮਨੋਰਥ ਲੋੜਵੰਦਾਂ, ਦਿਵਿਆਂਗਜਨਾਂ ਅਤੇ ਵਿਸ਼ੇਸ਼ ਲੋੜਾਂ ਵਾਲੇ ਲੋਕਾਂ ਦੇ ਜੀਵਨ ਨੂੰ ਸੁਖਾਲਾ ਬਣਾਉਣਾ ਹੈ ਅਤੇ ਰੈੱਡ ਕਰਾਸ ਇਸ ਕਾਰਜ ਨੂੰ ਲਗਾਤਾਰ ਪੂਰੀ ਤਨਦੇਹੀ ਨਾਲ ਕਰ ਰਹੀ ਹੈ।

# ਕਰੀਬ 50 ਕਰੋੜ ਰੁਪਏ ਨਾਲ ਮਾਧੋਪੁਰ ਹੈੱਡਵਰਕਸ ਦੇ 54 ਗੇਟਾਂ ਦਾ ਮਜ਼ਬੂਤੀਕਰਨ ਕਰਕੇ ਬਿਜਲਈ ਮੋਟਰਾਂ ਨਾਲ ਚਲਾਉਣਯੋਗ ਬਣਾਇਆ ਗਿਆ: ਬਰਿੰਦਰ ਕੁਮਾਰ ਗੋਇਲ

**ਚੰਡੀਗੜ੍ਹ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮਾਧੋਪੁਰ ਹੈੱਡਵਰਕਸ ਦੇ 54 ਗੇਟਾਂ ਦਾ ਆਧੁਨਿਕੀਕਰਨ ਅਤੇ ਮਜ਼ਬੂਤੀਕਰਨ ਕਰਕੇ ਉਨ੍ਹਾਂ ਨੂੰ ਬਿਜਲਈ ਮੋਟਰਾਂ ਨਾਲ ਚਲਾਉਣਯੋਗ ਬਣਾਇਆ ਗਿਆ ਅਤੇ ਨੁਕਸਾਨੇ ਗਏ ਤਿੰਨ ਗੇਟਾਂ ਦੀ ਨਵੇਂ ਡਿਜ਼ਾਇਨ ਅਨੁਸਾਰ ਰਿਕਾਰਡ ਸਮੇਂ ਵਿੱਚ ਮੁੜ ਉਸਾਰੀ ਕੀਤੀ ਗਈ। ਇਨ੍ਹਾਂ ਸਾਰੇ ਕੰਮਾਂ 'ਤੇ ਕਰੀਬ 50 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਹ ਪ੍ਰਗਟਾਵਾ ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਮਾਧੋਪੁਰ ਹੈੱਡਵਰਕਸ ਦੇ ਬਣਾਏ ਗਏ ਗੇਟਾਂ ਦਾ ਨਿਰੀਖਣ ਕਰਨ ਮਗਰੋਂ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਪਿਛਲੇ ਕੱਲ੍ਹ ਤੋਂ ਜ਼ਿਲ੍ਹਾ ਪਠਾਨਕੋਟ ਦੇ ਅੰਦਰ ਉਨ੍ਹਾਂ ਖੇਤਰਾਂ ਦਾ ਜਾਇਜ਼ਾ ਲੈ ਰਹੇ ਹਨ, ਜਿਥੇ ਪਿਛਲੇ ਸਾਲ ਹੜ੍ਹਾਂ ਕਾਰਨ ਨੁਕਸਾਨ ਹੋਇਆ ਸੀ ਅਤੇ ਜਿਥੇ ਵਿਭਾਗ ਵੱਲੋਂ ਬਰਸਾਤੀ ਮੌਸਮ ਸ਼ੁਰੂ ਹੋਣ ਤੋਂ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਵੱਲੋਂ ਅੱਜ ਲਗਾਤਾਰ ਦੂਜੇ ਦਿਨ ਸ਼ਾਹਪੁਰਕੰਢੀ ਰੋਡ ਸਥਿਤ ਓਸ਼ੋ ਆਸ਼ਰਮ ਦੇ ਨਜ਼ਦੀਕ ਰਾਵੀ ਦੇ ਨਾਲ ਲੱਗਦੇ ਅਜਿਹੇ ਖੇਤਰਾਂ ਦਾ ਦੌਰਾ ਕੀਤਾ ਗਿਆ।

ਕੈਬਨਿਟ ਮੰਤਰੀ ਨੇ ਕਿਹਾ, ਮੈਂ ਉਨ੍ਹਾਂ ਸਾਰੇ ਖੇਤਰਾਂ ਵਿੱਚ ਜਾ ਰਿਹਾ ਹਾਂ, ਜੋ ਪਿਛਲੇ ਸਾਲ ਹੜ੍ਹਾਂ ਦੀ ਮਾਰ ਕਾਰਨ ਪ੍ਰਭਾਵਿਤ ਹੋਏ ਸਨ। ਇਸ ਵਾਰ ਸੂਬੇ ਨੂੰ ਪਹਿਲਾਂ ਵਾਲੀ ਸਥਿਤੀ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਵਿਭਾਗ ਵੱਲੋਂ ਕੀਤੇ ਗਏ ਪ੍ਰਬੰਧਾਂ ਦਾ ਅਗਾਊਂ ਜਾਇਜ਼ਾ ਲਿਆ ਜਾ ਰਿਹਾ ਹੈ।

ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ 27 ਅਗਸਤ, 2025 ਨੂੰ ਆਏ ਭਿਆਨਕ ਹੜ੍ਹਾਂ ਦੌਰਾਨ ਹੋਏ ਨੁਕਸਾਨ ਤੋਂ ਬਾਅਦ ਵਿਭਾਗ ਨੇ ਜੰਗੀ ਪੱਧਰ 'ਤੇ ਕੰਮ ਕਰਦਿਆਂ ਦੋਵਾਂ ਪਾਸਿਆਂ ਕਰੀਬ 500 ਮੀਟਰ ਲੰਬੇ ਸੁਰੱਖਿਆ ਬੰਨ੍ਹਾਂ ਦੀ ਉਸਾਰੀ ਕੀਤੀ। ਅਸਥਾਈ ਰਿੰਗ ਬੰਨ੍ਹ ਬਣਾ ਕੇ 1 ਅਕਤੂਬਰ 2025 ਤੋਂ ਪੰਜਾਬ ਅਤੇ ਜੰਮੂ-ਕਸ਼ਮੀਰ ਦੀਆਂ ਨਹਿਰਾਂ ਵਿੱਚ ਮੁੜ ਪੂਰੀ ਸਮਰੱਥਾ ਨਾਲ ਪਾਣੀ ਦੀ ਸਪਲਾਈ ਸ਼ੁਰੂ ਕਰ ਦਿੱਤੀ ਗਈ। ਉਨ੍ਹਾਂ ਦੱਸਿਆ ਕਿ 54 ਗੇਟਾਂ ਦਾ ਆਧੁਨਿਕੀਕਰਨ ਕਰਕੇ ਉਨ੍ਹਾਂ ਨੂੰ ਬਿਜਲਈ ਮੋਟਰਾਂ ਨਾਲ ਚਲਾਉਣਯੋਗ ਬਣਾਇਆ ਗਿਆ ਅਤੇ ਨੁਕਸਾਨੇ ਗਏ ਤਿੰਨ ਗੇਟਾਂ ਦੀ ਨਵੇਂ ਡਿਜ਼ਾਈਨ ਅਨੁਸਾਰ ਰਿਕਾਰਡ ਸਮੇਂ ਵਿੱਚ ਮੁੜ ਉਸਾਰੀ ਕੀਤੀ ਗਈ। ਇਨ੍ਹਾਂ ਸਾਰੇ ਕੰਮਾਂ 'ਤੇ ਕਰੀਬ 50 ਕਰੋੜ ਰੁਪਏ ਖਰਚ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਪਿਛਲੇ ਸਾਲ ਹੜ੍ਹਾਂ ਦੌਰਾਨ ਜਿੱਥੇ-ਜਿੱਥੇ ਕਮਜ਼ੋਰ ਅਤੇ ਸੰਵੇਦਨਸ਼ੀਲ ਥਾਵਾਂ ਦੀ ਪਛਾਣ ਹੋਈ ਸੀ, ਉੱਥੇ ਮਜ਼ਬੂਤੀਕਰਨ ਅਤੇ ਮੁਰੰਮਤ ਦੇ ਸਾਰੇ ਕੰਮ ਪਹਿਲਾਂ ਹੀ ਮੁਕੰਮਲ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਚਿੰਤਾ ਕਰਨ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਾਰੇ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਗਏ ਹਨ ਤਾਂ ਜੋ ਬਰਸਾਤ ਦੇ ਮੌਸਮ ਦੌਰਾਨ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

# ਵਿਜੀਲੈਂਸ ਸੈੱਲ ਚੰਡੀਗੜ੍ਹ ਨੇ ਸੀਪੀਡਬਲਿਊਡੀ ਦੇ ਆਊਟਸੋਰਸ ਕੀਤੇ ਕਲਰਕ ਨੂੰ ਰਿਸ਼ਵਤ ਲੈਂਦੇ ਹੋਏ ਕਾਬੂ ਕੀਤਾ

**ਚੰਡੀਗੜ੍ਹ, 9 ਜੁਲਾਈ**
**-ਸੰਜੀਵ ਸ਼ਰਮਾ-**

ਵਿਜੀਲੈਂਸ ਸੈੱਲ, ਚੰਡੀਗੜ੍ਹ ਨੇ ਅੱਜ ਸੀਪੀਡਬਲਿਊਡੀ, ਸੀਪੀ ਡਿਵੀਜ਼ਨ ਨੰਬਰ 2, ਚੰਡੀਗੜ੍ਹ ਵਿੱਚ ਆਊਟਸੋਰਸ ਕੀਤੇ ਕਲਰਕ ਦੇ ਰੂਪ ਵਿੱਚ ਕਾਰਜਰਤ ਗੌਰਵ ਨੂੰ ਸ਼ਿਕਾਇਤਕਰਤਾ ਦੇ ਪਿਤਾ ਦੀ ਪੈਨਸ਼ਨ ਅਤੇ ਹੋਰ ਵਿੱਤੀ ਲਾਭਾਂ ਦੀ ਪ੍ਰਕਿਰਿਆ ਪੂਰੀ ਕਰਵਾਉਣ ਦੇ ਇਵਜ਼ ਵਿੱਚ ?30,000 ਦੀ ਰਿਸ਼ਵਤ ਲੈਂਦੇ ਹੋਏ ਕਥਿਤ ਤੌਰ 'ਤੇ ਰੰਗੇ ਹੱਥੀਂ ਕਾਬੂ ਕੀਤਾ। ਸ਼ਿਕਾਇਤ ਦੇ ਅਧਾਰ 'ਤੇ ਪੁਲਿਸ ਸਟੇਸ਼ਨ ਵਿਜੀਲੈਂਸ, ਚੰਡੀਗੜ੍ਹ ਵਿਖੇ ਐੱਫਆਈਆਰ ਨੰਬਰ 01 ਮਿਤੀ 08.07.2026, ਭ੍ਰਿਸ਼ਟਾਚਾਰ ਨਿਵਾਰਣ ਐਕਟ ਦੀ ਧਾਰਾ 7 ਦੇ ਤਹਿਤ ਦਰਜ ਕੀਤੀ ਗਈ।

ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਵਿਜੀਲੈਂਸ ਸੈੱਲ, ਚੰਡੀਗੜ੍ਹ ਨੇ ਟ੍ਰੈਪ ਲਗਾਇਆ ਅਤੇ ਦੋਸ਼ੀ ਨੂੰ ਪੁਰਾਣੇ ਯੂਟੀ ਸਕੱਤਰੇਤ ਭਵਨ, ਸੈਕਟਰ 9, ਚੰਡੀਗੜ੍ਹ ਦੇ ਪਿੱਛੇ ਦੋ ਸੁਤੰਤਰ ਗਵਾਹਾਂ ਦੀ ਉਪਸਥਿਤੀ ਵਿੱਚ ?30,000 ਦੀ ਰਿਸ਼ਵਤ ਦੀ ਰਾਸ਼ੀ ਕਥਿਤ ਤੌਰ 'ਤੇ ਸਵੀਕਾਰ ਕਰਦੇ ਹੋਏ ਰੰਗੇ ਹੱਥੀਂ ਪਕੜ ਲਿਆ। ਮਾਮਲੇ ਦੀ ਅੱਗੇ ਦੀ ਜਾਂਚ ਜਾਰੀ ਹੈ।

ਚੰਡੀਗੜ੍ਹ ਪ੍ਰਸ਼ਾਸਨ ਨਾਗਰਿਕਾਂ ਨੂੰ ਅਪੀਲ ਕਰਦਾ ਹੈ ਕਿ ਰਿਸ਼ਵਤ ਨਾ ਦਿਉ। ਜੇਕਰ ਚੰਡੀਗੜ੍ਹ ਪ੍ਰਸ਼ਾਸਨ ਦਾ ਕੋਈ ਅਧਿਕਾਰੀ ਜਾਂ ਕਰਮਚਾਰੀ ਰਿਸ਼ਵਤ ਦੀ ਮੰਗ ਕਰਦਾ ਹੈ ਜਾਂ ਜੇਕਰ ਤੁਹਾਨੂੰ ਭ੍ਰਿਸ਼ਟਾਚਾਰ ਸਬੰਧੀ ਕੋਈ ਜਾਣਕਾਰੀ ਪ੍ਰਾਪਤ ਹੁੰਦੀ ਹੈ, ਤਾਂ ਇਸ ਦੀ ਸੂਚਨਾ ਤਤਕਾਲ ਨਿਮਨਲਿਖਤ ਚੈਨਲਾਂ ਦੇ ਜ਼ਰੀਏ ਦਿਉ।

# ਸੀਨੀਅਰ ਸਿਟੀਜ਼ਨਾਂ ਦੀ ਭਲਾਈ ਲਈ ਐਲਡਰਲਾਈਨ ਹੈਲਪਲਾਈਨ-14567 ਸਬੰਧੀ ਜਾਗਰੂਕਤਾ ਮੁਹਿੰਮ

**ਸੰਗਰੂਰ, 9 ਜੁਲਾਈ**
**ਜਗਦੇਵ ਰੰਚਨਾਂ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵਲੋਂ ਸੂਬੇ ਦੇ ਸੀਨੀਅਰ ਸਿਟੀਜ਼ਨਾਂ (ਬਜ਼ੁਰਗਾਂ) ਦੀ ਭਲਾਈ, ਸੁਰੱਖਿਆ ਅਤੇ ਸਨਮਾਨਯੋਗ ਜੀਵਨ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਵਿਭਾਗ ਵਲੋਂ ਚਲਾਈ ਜਾ ਰਹੀ ਪੰਜਾਬ ਐਲਡਰਲਾਈਨ ਹੈਲਪਲਾਈਨ - 14567 ਬਾਰੇ ਆਮ ਲੋਕਾਂ ਅਤੇ ਖਾਸ ਕਰਕੇ ਬਜ਼ੁਰਗਾਂ ਨੂੰ ਜਾਗਰੂਕ ਕਰਨ ਲਈ ਇੱਕ ਵਿਆਪਕ ਮੁਹਿੰਮ ਵਿੱਢੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ, ਸੰਗਰੂਰ, ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਇਸ ਮੁਫ਼ਤ ਹੈਲਪਲਾਈਨ ਨੰਬਰ 14567 ਰਾਹੀਂ ਬਜ਼ੁਰਗਾਂ ਨੂੰ ਕਾਨੂੰਨੀ ਮਾਰਗਦਰਸ਼ਨ, ਸਰਕਾਰੀ ਸਕੀਮਾਂ ਸਬੰਧੀ ਜਾਣਕਾਰੀ, ਕਾਊਂਸਲਿੰਗ (ਮਾਨਸਿਕ ਸਹਾਇਤਾ), ਸ਼ਿਕਾਇਤਾਂ ਦੇ ਨਿਪਟਾਰੇ ਅਤੇ ਹੋਰ ਲੋੜੀਂਦੀਆਂ ਸਹਾਇਤਾ ਸੇਵਾਵਾਂ ਉਪਲਬਧ ਕਰਵਾਈਆਂ ਜਾਂਦੀਆਂ ਹਨ।

ਇਹ ਦੇਖਣ ਵਿੱਚ ਆਇਆ ਹੈ ਕਿ ਬਹੁਤ ਸਾਰੇ ਸੀਨੀਅਰ ਸਿਟੀਜ਼ਨ ਹਾਲੇ ਵੀ ਇਸ ਹੈਲਪਲਾਈਨ ਦੁਆਰਾ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਤੋਂ ਪੂਰੀ ਤਰ੍ਹਾਂ ਜਾਣੂ/ਜਾਗਰੂਕ ਨਹੀਂ ਹਨ। ਉਹਨਾਂ ਦੱਸਿਆ ਕਿ ਇਸ ਸਬੰਧ ਵਿੱਚ ਸਥਾਨਕ ਪੱਧਰ 'ਤੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਈ ਜਾ ਰਹੀ ਹੈ ।

ਇਸ ਜਾਗਰੂਕਤਾ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ, ਪੰਚਾਇਤੀ ਰਾਜ ਸੰਸਥਾਵਾਂ, ਸ਼ਹਿਰੀ ਸਥਾਨਕ ਸੰਸਥਾਵਾਂ, ਬਲਾਕ ਅਤੇ ਪਿੰਡ ਪੱਧਰ ਦੇ ਅਧਿਕਾਰੀਆਂ, ਸੀਨੀਅਰ ਸਿਟੀਜ਼ਨ ਐਸੋਸੀਏਸ਼ਨਾਂ ਅਤੇ ਹੋਰ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓ) ਦਾ ਸਹਿਯੋਗ ਲਿਆ ਜਾ ਰਿਹਾ ਹੈ।

ਉਨ੍ਹਾਂ ਵਲੋਂ ਸਮੂਹ ਨਾਗਰਿਕਾਂ ਅਤੇ ਬਜ਼ੁਰਗਾਂ ਨੂੰ ਅਪੀਲ ਕੀਤੀ ਗਈ ਕਿ ਉਹ ਕਿਸੇ ਵੀ ਤਰ੍ਹਾਂ ਦੀ ਮਦਦ ਜਾਂ ਜਾਣਕਾਰੀ ਲਈ ਬਿਨਾਂ ਕਿਸੇ ਝਿਜਕ ਦੇ ਟੋਲ-ਫ੍ਰੀ ਨੰਬਰ 14567 'ਤੇ ਸੰਪਰਕ ਕਰਨ ਤਾਂ ਜੋ ਵੱਧ ਤੋਂ ਵੱਧ ਲੋੜਵੰਦ ਬਜ਼ੁਰਗ ਇਸ ਸੇਵਾ ਦਾ ਲਾਭ ਉਠਾ ਸਕਣ।

# ਅੰਮ੍ਰਿਤਸਰ ਵਿੱਚ ਬੀ.ਕੇ.ਆਈ. ਦੇ ਤਿੰਨ ਕਾਰਕੁਨ 6 ਹੈਂਡ ਗ੍ਰਨੇਡਾਂ ਅਤੇ 12 ਪਿਸਤੌਲਾਂ ਸਣੇ ਕਾਬੂ

➤ ਗ੍ਰਿਫ਼ਤਾਰ ਮੁਲਜ਼ਮ ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਨੂੰ ਭੰਗ ਕਰਨ ਦੇ ਇਰਾਦੇ ਨਾਲ ਅਪਰਾਧਕ ਗਤੀਵਿਧੀਆਂ ਦੀ ਬਣਾ ਰਹੇ ਸਨ ਯੋਜਨਾ: ਡੀ.ਜੀ.ਪੀ. ਗੌਰਵ ਯਾਦਵ ➤ ਮੁਲਜ਼ਮਾਂ ਵੱਲੋਂ ਖੇਪ ਦੀ ਸਪਲਾਈ ਲਈ ਵਰਤੀ ਜਾ ਰਹੀ ਹੁੰਡਈ ਆਈ-20 ਕਾਰ ਵੀ ਜ਼ਬਤ

**ਅੰਮ੍ਰਿਤਸਰ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਵਿਸ਼ੇਸ਼ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਗੈਰ-ਕਾਨੂੰਨੀ ਹਥਿਆਰਾਂ ਅਤੇ ਵਿਸਫੋਟਕ ਪਦਾਰਥਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਕੇ ਤਿੰਨ ਮੁਲਜ਼ਮਾਂ ਨੂੰ ਛੇ ਹੈਂਡ ਗ੍ਰਨੇਡਾਂ ਅਤੇ 12 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਚਿੰਟੂ, ਜੋਬਨਪ੍ਰੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਉਰਫ਼ ਗੋਪੀ ਵਜੋਂ ਹੋਈ ਹੈ, ਜੋ ਕਿ ਸਾਰੇ ਅੰਮ੍ਰਿਤਸਰ ਦੇ ਪਿੰਡ ਕੱਕੜ ਦੇ ਰਹਿਣ ਵਾਲੇ ਹਨ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਅੱਠ .30 ਬੋਰ ਅਤੇ ਚਾਰ 9 ਐੱਮ.ਐੱਮ. ਪਿਸਤੌਲ ਅਤੇ ਨੌਂ ਜ਼ਿੰਦਾ ਕਾਰਤੂਸ ਸ਼ਾਮਲ ਹਨ। ਪੁਲਿਸ ਟੀਮ ਨੇ ਮੁਲਜ਼ਮਾਂ ਦੀ ਹੁੰਡਈ ਆਈ-20 ਕਾਰ, ਜਿਸਦਾ ਰਜਿਸਟ੍ਰੇਸ਼ਨ ਨੰਬਰ ਪੀਬੀ-13-5454 ਹੈ, ਨੂੰ ਵੀ ਜ਼ਬਤ ਕਰ ਲਿਆ ਹੈ, ਜਿਸਦੀ ਵਰਤੋਂ ਉਹ ਇਸ ਖੇਪ ਦੀ ਸਪਲਾਈ ਲਈ ਕਰ ਰਹੇ ਸਨ।

ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਇਹ ਮੁਲਜ਼ਮ ਆਈ.ਐੱਸ.ਆਈ. ਅਤੇ ਵਿਦੇਸ਼-ਅਧਾਰਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਕਾਰਕੁਨਾਂ ਦੀ ਸ਼ਹਿ ਪ੍ਰਾਪਤ ਇੱਕ ਵਿਦੇਸ਼ੀ ਤਸਕਰ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦੀ ਸੂਬੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਭੰਗ ਕਰਨ ਦੇ ਇਰਾਦੇ ਨਾਲ ਅਪਰਾਧਕ ਗਤੀਵਿਧੀਆਂ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ।

ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੂੰ ਪੁਖਤਾ ਸੂਚਨਾ ਮਿਲੀ ਸੀ ਕਿ ਸ਼ੱਕੀ ਵਿਅਕਤੀਆਂ- ਚਿੰਟੂ, ਜੋਬਨਪ੍ਰੀਤ ਸਿੰਘ ਅਤੇ ਗੁਰਪ੍ਰੀਤ ਉਰਫ਼ ਗੋਪੀ ਨੇ ਹਾਲ ਹੀ ਵਿੱਚ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਅਜਨਾਲਾ ਖੇਤਰ ਤੋਂ ਵਿਸਫੋਟਕਾਂ, ਹਥਿਆਰਾਂ ਅਤੇ ਗੋਲਾ-ਬਾਰੂਦ ਦੀ ਇੱਕ ਵੱਡੀ ਖੇਪ ਹਾਸਲ ਕੀਤੀ ਹੈ ਅਤੇ ਉਹ ਇਹ ਖੇਪ ਭਾਰਤਮਾਲਾ ਬਾਈਪਾਸ ਹਾਈਵੇਅ 'ਤੇ ਬਣੇ ਅੰਡਰਪਾਸ ਨੇੜੇ ਅੰਮ੍ਰਿਤਸਰ-ਚੋਗਾਵਾਂ ਰੋਡ ਉੱਪਰ ਆਪਣੇ ਹੋਰ ਸਾਥੀਆਂ ਨੂੰ ਸੌਂਪਣ ਵਾਲੇ ਹਨ।

ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਅੰਮ੍ਰਿਤਸਰ ਇਲਾਕੇ ਵਿੱਚ ਨਾਕਾ ਲਾ ਕੇ ਇੱਕ ਆਈ-20 ਕਾਰ ਨੂੰ ਰੋਕਿਆ, ਜਿਸ ਵਿੱਚ ਉਕਤ ਤਿੰਨੋਂ ਮੁਲਜ਼ਮ ਬੈਠੇ ਸਨ। ਉਨ੍ਹਾਂ ਅੱਗੇ ਦੱਸਿਆ ਕਿ ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ ਛੇ ਹੈਂਡ ਗ੍ਰਨੇਡ ਅਤੇ 12 ਪਿਸਤੌਲ ਬਰਾਮਦ ਹੋਏ। ਡੀ.ਜੀ.ਪੀ. ਨੇ ਕਿਹਾ ਕਿ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਇਸ ਮਾਮਲੇ ਦੀ ਕਈ ਪਹਿਲੂਆਂ ਤੋਂ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

ਇਸ ਸਬੰਧ ਵਿੱਚ ਅੰਮ੍ਰਿਤਸਰ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਪੁਲਿਸ ਥਾਣੇ ਵਿਖੇ ਅਸਲਾ ਐਕਟ ਦੀ ਧਾਰਾ 25, ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 4 ਤੇ 5 ਅਤੇ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 61(2) ਤਹਿਤ ਐੱਫ.ਆਈ.ਆਰ. ਨੰਬਰ 45, ਮਿਤੀ 07-07-2026 ਦਰਜ ਕੀਤੀ ਗਈ ਹੈ।

# ਪਰਫਾਰਮੈਂਸ ਗ੍ਰੇਡਿੰਗ ਇੰਡੈਕਸ (ਪੀਜੀਆਈ) 2.0 2025-26 ਵਿੱਚ ਚੰਡੀਗੜ੍ਹ ਦੇਸ਼ ਵਿੱਚ ਪ੍ਰਥਮ; 'ਉੱਤਮ-3' ਗ੍ਰੇਡ ਪ੍ਰਾਪਤ ਕਰਨ ਵਾਲਾ ਦੇਸ਼ ਦਾ ਇੱਕਮਾਤਰ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼

**ਚੰਡੀਗੜ੍ਹ, 9 ਜੁਲਾਈ**
**-ਹਰਮਨਪ੍ਰੀਤ ਕੌਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿੱਖਿਆ ਵਿਭਾਗ, ਚੰਡੀਗੜ ਪ੍ਰਸ਼ਾਸਨ ਨੇ ਇੱਕ ਵਾਰ ਫਿਰ ਇਤਿਹਾਸ ਰਚਦੇ ਹੋਏ ਪਰਫਾਰਮੈਂਸ ਗ੍ਰੇਡਿੰਗ ਇੰਡੈਕਸ (ਪੀਜੀਆਈ) 2.0 2025-26 ਵਿੱਚ ਦੇਸ਼ ਦੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਸਰਬਉੱਚ ਸਥਾਨ ਪ੍ਰਾਪਤ ਕੀਤਾ ਹੈ। ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਦੇ ਤਹਿਤ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਦੁਆਰਾ ਜਾਰੀ ਇਸ ਇੰਡੈਕਸ ਵਿੱਚ ਚੰਡੀਗੜ੍ਹ ਨੇ 1000 ਵਿੱਚੋਂ 766.0 ਅੰਕ ਪ੍ਰਾਪਤ ਕੀਤੇ ਹਨ ਅਤੇ 'ਉੱਤਮ-3' ਗ੍ਰੇਡ ਹਾਸਲ ਕਰਨ ਵਾਲਾ ਦੇਸ਼ ਦਾ ਇੱਕਮਾਤਰ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਬਣਿਆ ਹੈ।

ਮੁੱਖ ਉਪਲਬਧੀਆਂ

* ਵਰ੍ਹੇ 2024-25 ਦੇ 739.1 ਅੰਕਾਂ ਦੀ ਤੁਲਨਾ ਵਿੱਚ 2025-26 ਵਿੱਚ 766.0 ਅੰਕ ਪ੍ਰਾਪਤ ਕਰਕੇ 26.9 ਅੰਕਾਂ (3.64%) ਦਾ ਜ਼ਿਕਰਯੋਗ ਵਾਧਾ ਦਰਜ ਕੀਤਾ।
* ਦੇਸ਼ ਦੇ ਸਾਰੇ 36 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਕੇਵਲ ਚੰਡੀਗੜ੍ਹ ਨੂੰ 'ਉੱਤਮ-3' (761-820) ਗ੍ਰੇਡ ਪ੍ਰਾਪਤ ਹੋਇਆ।
* ਇਸ ਵਰ੍ਹੇ ਕੋਈ ਵੀ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਉਤਕਰਸ਼, ਉੱਤਮ-1 ਜਾਂ ਉੱਤਮ-2 ਸ਼੍ਰੇਣੀ ਤੱਕ ਨਹੀਂ ਪਹੁੰਚ ਸਕਿਆ।
* ਚੰਡੀਗੜ੍ਹ ਨੇ ਪੰਜਾਬ (723.6), ਦਾਦਰਾ ਤੇ ਨਗਰ ਹਵੇਲੀ ਅਤੇ ਦਮਨ ਤੇ ਦੀਉ (723.8), ਕੇਰਲ (716.8) ਅਤੇ ਦਿੱਲੀ (712.2) ਤੋਂ 42.2 ਤੋਂ 53.8 ਅੰਕ ਅਧਿਕ ਪ੍ਰਾਪਤ ਕੀਤੇ।
* ਚੰਡੀਗੜ੍ਹ ਦਾ ਸਕੋਰ ਸਭ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਤੋਂ 240.3 ਅੰਕ ਅਧਿਕ ਰਿਹਾ।

ਵਿਭਿੰਨ ਖੇਤਰਾਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ

ਚੰਡੀਗੜ੍ਹ ਨੇ ਵਿਭਿੰਨ ਮਿਆਰਾਂ 'ਤੇ ਉਤਕ੍ਰਿਸ਼ਟ ਪ੍ਰਦਰਸ਼ਨ ਕਰਦੇ ਹੋਏ ਜ਼ਿਕਰਯੋਗ ਉਪਲਬਧੀਆਂ ਹਾਸਲ ਕੀਤੀਆਂ:

* ਡੋਮੇਨ-4 (ਸਮਾਨਤਾ/ਇਕੁਇਟੀ/Equity): 260 ਅੰਕਾਂ ਵਿੱਚੋਂ 239.8 ਅੰਕ (92.2%) ਪ੍ਰਾਪਤ ਕਰਕੇ ਪ੍ਰਤਿਸ਼ਠਿਤ 'ਉਤਕਰਸ਼' ਗ੍ਰੇਡ ਹਾਸਲ ਕੀਤਾ। ਇਸ ਖੇਤਰ ਵਿੱਚ ਸਿਖਰਲੇ ਗ੍ਰੇਡ ਪ੍ਰਾਪਤ ਕਰਨ ਵਾਲੇ ਦੇਸ਼ ਦੇ ਕੇਵਲ ਤਿੰਨ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਚੰਡੀਗੜ੍ਹ ਸ਼ਾਮਲ ਹੈ। ਇਹ ਸਾਰੇ ਬੱਚਿਆਂ ਨੂੰ ਸਮਾਨ, ਸਮਾਵੇਸ਼ੀ ਤੇ ਗੁਣਵੱਤਾਪੂਰਨ ਸਿੱਖਿਆ ਉਪਲਬਧ



ਕਰਵਾਉਣ ਦੀ ਵਿਭਾਗ ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ।
* ਡੋਮੇਨ-2 (ਸਿੱਖਿਆ ਤੱਕ ਪਹੁੰਚ/Access): 90.6 ਪ੍ਰਤੀਸ਼ਤ ਦਕਸ਼ਤਾ।
* ਡੋਮੇਨ-6 (ਅਧਿਆਪਕ ਸਿੱਖਿਆ ਅਤੇ ਟ੍ਰੇਨਿੰਗ): 85.5 ਪ੍ਰਤੀਸ਼ਤ ਉਪਲਬਧੀ।
* ਛੇ ਵਿੱਚੋਂ ਪੰਜ ਡੋਮੇਨ ਵਿੱਚ ਚੰਡੀਗੜ ਨੇ 'ਉੱਤਮ' ਜਾਂ ਉਸ ਤੋਂ ਉੱਚ ਗ੍ਰੇਡ ਪ੍ਰਾਪਤ ਕੀਤਾ।
* ਕਿਸੇ ਵੀ ਡੋਮੇਨ ਵਿੱਚ ਪ੍ਰਦਰਸ਼ਨ 'ਪ੍ਰਚੇਸਤਾ-2' ਤੋਂ ਨੀਚੇ ਨਹੀਂ ਰਿਹਾ।

ਸੁਸ਼ਾਸਨ ਵਿੱਚ ਰਾਸ਼ਟਰੀ ਪੱਧਰ 'ਤੇ ਸਰਬਉੱਚ

ਗਵਰਨੈਂਸ ਪ੍ਰਕਿਰਿਆਵਾਂ ਡੋਮੇਨ ਵਿੱਚ ਇਹ ਉਪਲਬਧੀ ਹਾਸਲ ਕਰਨ ਵਾਲਾ ਚੰਡੀਗੜ੍ਹ ਦੇਸ਼ ਦਾ ਇੱਕਮਾਤਰ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਹੈ। ਇਹ ਡਿਜੀਟਲ ਗਵਰਨੈਂਸ, ਪਾਰਦਰਸ਼ੀ ਪ੍ਰਸ਼ਾਸਨ, ਸਿੱਖਿਆ ਸੁਧਾਰਾਂ ਦੇ ਪ੍ਰਭਾਵੀ ਲਾਗੂਕਰਨ, ਕੁਸ਼ਲ ਵਿੱਤੀ ਪ੍ਰਬੰਧਨ ਅਤੇ ਮਜ਼ਬੂਤ ??ਨਿਗਰਾਨੀ ਵਿਵਸਥਾ ਦਾ ਪ੍ਰਮਾਣ ਹੈ।

ਰਾਸ਼ਟਰੀ ਮਾਨਤਾ

ਪੀਜੀਆਈ 2.0 ਦੇ ਤਹਿਤ ਸਕੂਲ ਸਿੱਖਿਆ ਪ੍ਰਣਾਲੀ ਦਾ ਮੁੱਲਾਂਕਣ 70 ਸੰਕੇਤਕਾਂ ਦੇ ਅਧਾਰ 'ਤੇ ਕੀਤਾ ਜਾਂਦਾ ਹੈ, ਜਿਨ੍ਹਾਂ ਨੂੰ ਛੇ ਪ੍ਰਮੁੱਖ ਡੋਮੇਨ ਵਿੱਚ ਵੰਡਿਆ ਗਿਆ ਹੈ। ਮੁੱਲਾਂਕਣ ਲਈ ਰਾਸ਼ਟਰੀ ਸਰਵੇਖਣ, ਪੀਐੱਮ ਪੋਸ਼ਣ, ਪ੍ਰਬੰਧ ਅਤੇ ਵਿਦਯਾਂਜਲੀ ਜਿਹੇ ਪ੍ਰਮਾਣਿਤ ਸਰੋਤਾਂ ਦੇ ਅੰਕੜਿਆਂ ਦਾ ਉਪਯੋਗ ਕੀਤਾ ਜਾਂਦਾ ਹੈ।

ਇਹ ਉਪਲਬਧੀ ਗੁਣਵੱਤਾਪੂਰਨ ਸਿੱਖਿਆ, ਸਮਾਨ ਅਵਸਰ, ਸੁਸ਼ਾਸਨ, ਡਿਜੀਟਲ ਪਰਿਵਰਤਨ, ਅਧਿਆਪਕ ਸਸ਼ਕਤੀਕਰਣ ਅਤੇ ਰਾਸ਼ਟਰੀ ਸਿੱਖਿਆ ਨੀਤੀ (ਐੱਨਈਪੀ) 2020 ਦੇ ਅਨੁਰੂਪ ਵਿਸ਼ਵ ਪੱਧਰੀ ਸਕੂਲੀ ਬੁਨਿਆਦੀ ਸੰਰਚਨਾ ਦੇ ਵਿਕਾਸ ਦੇ ਪ੍ਰਤੀ ਚੰਡੀਗੜ੍ਹ ਪ੍ਰਸ਼ਾਸਨ ਦੀ ਨਿਰੰਤਰ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ।

ਮੁੱਖ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ ਦਾ ਸੰਦੇਸ਼

ਪਰਫਾਰਮੈਂਸ ਗ੍ਰੇਡਿੰਗ ਇੰਡੈਕਸ (ਪੀਜੀਆਈ) 2.0 2025-26 ਵਿੱਚ ਚੰਡੀਗੜ੍ਹ ਦਾ ਦੇਸ਼ ਦੇ ਸਰਬਉੱਚ ਪ੍ਰਦਰਸ਼ਨ ਕਰਨ ਵਾਲੇ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਰੂਪ ਵਿੱਚ ਉੱਭਰਨਾ ਪੂਰੇ ਚੰਡੀਗੜ੍ਹ ਪ੍ਰਸ਼ਾਸਨ ਲਈ ਅਤਿਅੰਤ ਮਾਣ ਦਾ ਵਿਸ਼ਾ ਹੈ। ਰਾਸ਼ਟਰੀ ਪੱਧਰ 'ਤੇ ਸਰਬਉੱਚ ਅੰਕ ਪ੍ਰਾਪਤ ਕਰਨਾ ਅਤੇ 'ਉੱਤਮ-3' ਗ੍ਰੇਡ ਹਾਸਲ ਕਰਨ ਵਾਲਾ ਇੱਕਮਾਤਰ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਬਣਨਾ ਹਰੇਕ ਬੱਚੇ ਨੂੰ ਸਮਾਨ, ਸਮਾਵੇਸ਼ੀ ਤੇ ਉੱਚ ਗੁਣਵੱਤਾ ਵਾਲੀ ਸਿੱਖਿਆ ਉਪਲਬਧ ਕਰਵਾਉਣ ਦੀ ਸਾਡੀ ਅਟੁੱਟ ਪ੍ਰਤੀਬੱਧਤਾ ਦਾ ਪ੍ਰਮਾਣ ਹੈ। ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਦਾ ਸੰਦੇਸ਼

ਪੀਜੀਆਈ 2.0 2025-26 ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਦੇ ਨਾਲ ਚੰਡੀਗੜ੍ਹ ਲਗਾਤਾਰ ਚੌਥੇ ਮੁੱਲਾਂਕਣ ਵਿੱਚ ਦੇਸ਼ ਦਾ ਸਰਬਉੱਚ ਪ੍ਰਦਰਸ਼ਨ ਕਰਨ ਵਾਲਾ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਬਣ ਕੇ ਉੱਭਰਿਆ ਹੈ, ਜਿਸ ਨਾਲ ਸਕੂਲੀ ਸਿੱਖਿਆ ਵਿੱਚ ਰਾਸ਼ਟਰੀ ਮੋਹਰੀ ਦੇ ਰੂਪ ਵਿੱਚ ਉਸ ਦੀ ਪਹਿਚਾਣ ਹੋਰ ਮਜ਼ਬੂਤ ਹੋਈ ਹੈ।

ਗਵਰਨੈਂਸ ਪ੍ਰਕਿਰਿਆਵਾਂ ਦੇ ਡੋਮੇਨ ਵਿੱਚ ਦੇਸ਼ ਵਿੱਚ ਸਰਬਉੱਚ ਸਥਾਨ ਪ੍ਰਾਪਤ ਕਰਨਾ ਚੰਡੀਗੜ ਪ੍ਰਸ਼ਾਸਨ ਦੀ ਪਾਰਦਰਸ਼ੀ, ਜਵਾਬਦੇਹ ਅਤੇ ਟੈਕਨੋਲੋਜੀ ਅਧਾਰਿਤ ਸ਼ਾਸਨ ਵਿਵਸਥਾ ਦੇ ਪ੍ਰਤੀ ਦ੍ਰਿੜ੍ਹ ਪ੍ਰਤੀਬੱਧਤਾ ਦਾ ਪ੍ਰਮਾਣ ਹੈ। ਇਹ ਇਤਿਹਾਸਿਕ ਉਪਲਬਧੀ ਸਿੱਖਿਆ ਵਿਭਾਗ, ਸਕੂਲ ਪ੍ਰਮੁੱਖਾਂ, ਅਧਿਆਪਕਾਂ, ਵਿਦਿਆਰਥੀਆਂ, ਮਾਪਿਆਂ ਅਤੇ ਸਾਰੇ ਹਿਤਧਾਰਕਾਂ ਦੇ ਸਮਰਪਣ ਅਣਥੱਕ ਪ੍ਰਯਾਸਾਂ ਦਾ ਪਰਿਣਾਮ ਹੈ। ਮੈਂ ਸਿੱਖਿਆ ਜਗਤ ਨਾਲ ਜੁੜੇ ਹਰੇਕ ਮੈਂਬਰ ਨੂੰ ਇਹ ਗੌਰਵਪੂਰਨ ਉਪਲਬਧੀ ਲਈ ਹਾਰਦਿਕ ਵਧਾਈ ਦਿੰਦਾ ਹਾਂ ਅਤੇ ਉਨ੍ਹਾਂ ਨੂੰ ਰਾਸ਼ਟਰੀ ਸਿੱਖਿਆ ਨੀਤੀ-2020 ਦੀ ਭਾਵਨਾ ਦੇ ਅਨੁਰੂਪ ਉਤਕ੍ਰਿਸ਼ਟਤਾ, ਇਨੋਵੇਸ਼ਨ ਅਤੇ ਰਾਸ਼ਟਰ ਨਿਰਮਾਣ ਦੀ ਦਿਸ਼ਾ ਵਿੱਚ ਨਿਰੰਤਰ ਕਾਰਜ ਕਰਦੇ ਰਹਿਣ ਦਾ ਸੱਦਾ ਦਿੰਦਾ ਹਾਂ।

# ਝੜੌਂਦੀ ਚੌਂਕ ਵਿੱਚ ਹੋਏ ਐਕਸੀਡੈਂਟ ਦੌਰਾਨ ਪਿਤਾ ਅਤੇ ਬੇਟੀ ਜਖਮੀ



**ਮਾਛੀਵਾੜਾ ਸਾਹਿਬ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਨਜ਼ਦੀਕ ਰਾਹਾਂ ਰੋਡ ਤੇ ਸਥਿਤ ਪਿੰਡ ਝੜੌਂਦੀ ਵਿਖੇ ਕੋਈ ਐਕਸੀਡੈਂਟ ਵਿੱਚ ਨਜ਼ਦੀਕੀ ਪਿੰਡ ਰਹੀਮਾਬਾਦ ਖੁਰਦ ਤੋਂ ਜਗਦੀਸ਼ ਲਾਲ ਅਤੇ ਉਨਾਂ ਦੀ ਪੁੱਤਰੀ ਗੀਆ ਜਖਮੀ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਮਾਛੀਵਾੜਾ ਪਾਸੇ ਤੋਂ ਰਾਹੋਂ ਤੋਂ ਕਵਾੜੀਆਂ ਦਾ ਇੱਕ 407 ਟੈਂਪੂ ਬੇਕਾਬੂ ਹੋ ਕੇ ਝੜੋਦੀ ਚੌਂਕ ਵਿੱਚ ਖੜੇ ਦੁੱਧ ਵਾਲੇ ਕੈਂਟਰ ਨਾਲ ਟਕਰਾ ਗਿਆ ਅਤੇ ਟਕਰਾਣ ਉਪਰੰਤ ਸੜਕ ਤੇ ਹੀ ਪਲਟ ਗਿਆ ਜਦਕਿ ਮਾਛੀਵਾੜਾ ਸਾਹਿਬ ਸਾਈਡ ਤੋਂ ਆਪਣੇ ਮੋਟਰਸਾਈਕਲ ਤੇ ਜਗਦੀਸ਼ ਲਾਲ ਆਪਣੀ ਪਤਨੀ ਅਤੇ ਬੇਟੀ ਨਾਲ ਜਾ ਰਿਹਾ ਸੀ।

ਟੈਂਪੂ ਪਲਟਣ ਨਾਲ ਉਹਨਾਂ ਦਾ ਮੋਟਰਸਾਈਕਲ ਟੈਂਪੂ ਦੀ ਚਪੇਟ ਵਿੱਚ ਆ ਗਿਆ ਤੇ ਉਹਨਾਂ ਦੇ ਗੰਭੀਰ ਸੱਟਾਂ ਲੱਗੀਆਂ। ਮਾਰਕੀਟ ਵਾਲਿਆਂ ਵੱਲੋਂ ਤਿੰਨਾਂ ਨੂੰ ਹੀ ਮਾਛੀਵਾੜਾ ਸਾਹਿਬ ਇੱਕ ਪ੍ਰਾਈਵੇਟ ਹਸਪਤਾਲ ਵਿੱਚ ਵਿਖੇ ਲਿਆਂਦਾ ਗਿਆ ਜਿੱਥੇ ਜਗਦੀਸ਼ ਲਾਲ ਦੇ ਪੱਟ ਦੀ ਹੱਡੀ ਦੇ ਫੈਕਚਰ ਹੋਣ ਦਾ ਪਤਾ ਲੱਗਾ ਜਦ ਕਿ ਉਸ ਦੇ ਸਰੀਰ ਤੇ ਹੋਰ ਵੀ ਕਈ ਥਾਵਾਂ ਤੇ ਸੱਟਾਂ ਲੱਗੀਆਂ। ਜਗਦੀਸ਼ ਲਾਲ ਦੀ ਪਤਨੀ ਦੇ ਵੀ ਸੱਟਾਂ ਲੱਗੀਆਂ ਜਿਨਾਂ ਨੂੰ ਮੁਢਲੀ ਸਹਾਇਤਾ ਦੇਣ ਉਪਰੰਤ ਘਰ ਭੇਜ ਦਿੱਤਾ ਗਿਆ, ਜਦ ਕਿ ਉਹਨਾਂ ਦੀ ਬੇਟੀ ਗੀਆ ਦੇ ਵੀ ਗੋਡੇ ਦੀ ਚੱਪਣੀ ਤੇ ਸੱਟ ਲੱਗਣ ਕਾਰਨ ਉਸ ਨੂੰ ਹਸਪਤਾਲ ਵਿਖੇ ਹੀ ਭਰਤੀ ਕਰ ਲਿਆ ਗਿਆ ਦੋਨਾਂ ਪਿਤਾ ਪੁੱਤਰੀ ਦਾ ਇਲਾਜ ਕੀਤਾ ਜਾ ਰਿਹਾ ਹੈ।

ਕੁਝ ਪਤਵੰਤੇ ਸੱਜਣਾਂ ਵੱਲੋਂ ਟੈਂਪੂ ਵਾਲੇ ਨਾਲ ਸਮਝੌਤਾ ਕਰਵਾ ਦਿੱਤਾ ਗਿਆ ਜਦਕਿ ਦੁੱਧ ਵਾਲੇ ਕੈਂਟਰ ਦੇ ਨੁਕਸਾਨ ਦੀ ਭਰਭਾਈ ਵੀ 407 ਟੈਂਪੂ ਤੋਂ ਕੀਤੀ ਜਾਵੇਗੀ।

# ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਸੱਚਾਈ ਨੂੰ ਦੁਨੀਆ ਤੱਕ ਪਹੁੰਚਾਉਣ ਵਾਲੀ ਫਿਲਮ ਸਤਲੁਜ ਨੂੰ ਹਟਾਉਣਾ ਮੰਦਭਾਗਾ; ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਗਵਰਨਰ ਕੋਲ ਸਖ਼ਤ ਇਤਰਾਜ਼

**ਚੰਡੀਗੜ੍ਹ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਬਾਪੂ ਤਰਸੇਮ ਸਿੰਘ, ਮੁੱਲਾਂਪੁਰ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਅਤੇ ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਨੇ ਅੱਜ ਪੰਜਾਬ ਦੇ ਗਵਰਨਰ ਸ਼੍ਰੀ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਪੰਜਾਬ ਨਾਲ ਜੁੜੇ ਅਹਿਮ ਮਸਲਿਆਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ।

ਵਫ਼ਦ ਨੇ ਫਿਲਮ ਪੰਜਾਬ 95- ਸਤਲੁਜ ਨੂੰ Zee5 OTT ਪਲੇਟਫਾਰਮ ਤੋਂ ਹਟਾਏ ਜਾਣ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਕਿਹਾ ਕਿ, ਇਹ ਫ਼ਿਲਮ ਪੰਜਾਬ ਦੇ ਉਸ ਕਾਲੇ ਦੌਰ ਦੀ ਸੱਚਾਈ ਨੂੰ ਬੇਖ਼ੂਬੀ ਬਿਆਨ ਕਰਦੀ ਹੈ, ਜਦੋਂ ਹਜ਼ਾਰਾਂ ਸਿੱਖ ਨੌਜਵਾਨਾਂ ਦਾ ਕਤਲ ਕੀਤਾ ਗਿਆ ਅਤੇ ਉਨ੍ਹਾਂ ਨੂੰ ਲਾਵਾਰਸ ਦੱਸ ਕੇ ਸਸਕਾਰ ਕਰ ਦਿੱਤਾ ਗਿਆ। ਇਸ ਕਾਲੇ ਦੌਰ ਵਿੱਚ ਉਨ੍ਹਾਂ ਲਾਸ਼ਾਂ ਦੇ ਅਸਲ ਵਾਰਸਾਂ ਨੂੰ ਇਨਸਾਫ਼ ਦਿਵਾਉਣ ਲਈ ਸ਼ਹੀਦ ਜਸਵੰਤ ਸਿੰਘ ਖਾਲੜਾ ਨੇ ਵੱਡਾ ਸੰਘਰਸ਼ ਕੀਤਾ ਸੀ। ਆਗੂਆਂ ਨੇ ਕਿਹਾ ਕਿ ਫ਼ਿਲਮ ਰਾਹੀਂ ਉਸ ਦੌਰ ਦੀ ਪੂਰੀ ਸੱਚਾਈ ਨੂੰ ਮੌਜੂਦਾ ਪੀੜ੍ਹੀ ਦੇ ਸਾਹਮਣੇ ਰੱਖਿਆ ਗਿਆ ਹੈ। ਅਜਿਹੀ ਇਤਿਹਾਸਕ ਭਰਪੂਰ ਫਿਲਮ ਨੂੰ ਲੋਕਾਂ ਤੋਂ ਦੂਰ ਕਰਨਾ ਮੰਦਭਾਗਾ ਹੈ। ਇਸ ਲਈ ਸਮੁੱਚੀ ਸਿੱਖ ਕੌਮ ਅਤੇ ਪੰਜਾਬੀਆਂ ਦੀਆਂ ਭਾਵਨਾਵਾਂ ਦਾ ਸਨਮਾਨ ਕਰਦਿਆਂ ਸਤਲੁਜ ਨੂੰ ਤੁਰੰਤ ਮੁੜ ਰਿਲੀਜ਼ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਆਪਣੇ ਇਤਿਹਾਸ ਅਤੇ ਸੱਚਾਈ ਨਾਲ ਜਾਣੂ ਹੋ ਸਕਣ।

ਵਫ਼ਦ ਨੇ ਕਿਹਾ ਕਿ ਸਤਲੁਜ ਸਿਰਫ਼ ਇੱਕ ਫਿਲਮ ਨਹੀਂ, ਸਗੋਂ ਪੰਜਾਬ ਦੇ ਮਨੁੱਖੀ ਅਧਿਕਾਰਾਂ ਦੇ ਇਤਿਹਾਸ ਨਾਲ ਜੁੜੀ ਇੱਕ ਮਹੱਤਵਪੂਰਨ ਦਸਤਾਵੇਜ਼ੀ ਪੇਸ਼ਕਾਰੀ ਹੈ, ਜੋ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਸੰਘਰਸ਼ ਅਤੇ ਸੱਚ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਕੰਮ ਕਰਦੀ ਹੈ। ਆਗੂਆਂ ਨੇ ਕਿਹਾ ਕਿ ਜਸਵੰਤ ਸਿੰਘ ਖਾਲੜਾ ਨੇ ਹਜ਼ਾਰਾਂ ਬੇਕਸੂਰ ਨੌਜਵਾਨਾਂ ਦੇ ਗੈਰ-ਕਾਨੂੰਨੀ ਕਤਲਾਂ ਅਤੇ ਗੁੰਮਸ਼ੁਦਗੀਆਂ ਦੇ ਮਾਮਲਿਆਂ ਨੂੰ ਦੁਨੀਆ ਸਾਹਮਣੇ ਲਿਆਉਣ ਲਈ ਆਪਣੀ ਜਾਨ ਕੁਰਬਾਨ ਕੀਤੀ। ਅਜਿਹੇ ਮਹਾਨ ਯੋਧੇ ਦੀ ਕਹਾਣੀ 'ਤੇ ਆਧਾਰਿਤ ਫਿਲਮ ਨੂੰ OTT ਪਲੇਟਫਾਰਮ ਤੋਂ ਹਟਾਉਣਾ ਇਤਿਹਾਸਕ ਸੱਚਾਈ ਅਤੇ ਇਨਸਾਫ਼ ਦੀ ਲੜਾਈ ਨੂੰ ਕਮਜ਼ੋਰ ਕਰਨ ਦੇ ਬਰਾਬਰ ਹੈ।

ਵਫ਼ਦ ਨੇ ਫਿਲਮ ਵਿੱਚ ਦਿਲਜੀਤ ਦੋਸਾਂਝ ਵੱਲੋਂ ਨਿਭਾਏ ਗਏ ਪ੍ਰਭਾਵਸ਼ਾਲੀ ਕਿਰਦਾਰ ਅਤੇ ਨਿਰਦੇਸ਼ਕ ਹਨੀ ਤ੍ਰੇਹਨ ਦੀ ਦੂਰਅੰਦੇਸ਼ੀ ਡਾਇਰੈਕਸ਼ਨ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਫਿਲਮਾਂ ਪੰਜਾਬ ਦੇ ਉਸ ਦੌਰ ਦੀ ਅਸਲ ਤਸਵੀਰ ਨੂੰ ਦੇਸ਼ ਅਤੇ ਦੁਨੀਆ ਸਾਹਮਣੇ ਲਿਆਉਣ ਦਾ ਕੰਮ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਕਲਾ ਅਤੇ ਸਿਨੇਮਾ ਨੂੰ ਵਿਵਾਦਾਂ ਦੇ ਆਧਾਰ 'ਤੇ ਸੈਂਸਰ ਕਰਨ ਦੀ ਬਜਾਏ ਵਿਚਾਰਾਂ ਦੇ ਖੁੱਲ੍ਹੇ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।

ਮੀਡਿਆ ਨੂੰ ਮੁਖਾਤਿਬ ਹੁੰਦਾ, ਬਾਪੂ ਤਰਸੇਮ ਸਿੰਘ ਖਾਲਸਾ ਨੇ ਕਿਹਾ, ਸਤਲੁਜ ਕੋਈ ਸਧਾਰਨ ਫਿਲਮ ਨਹੀਂ, ਸਗੋਂ ਪੰਜਾਬ ਦੇ ਦਰਦ, ਸੰਘਰਸ਼ ਅਤੇ ਇਤਿਹਾਸ ਨੂੰ ਪਰਦੇ 'ਤੇ ਲਿਆਉਣ ਵਾਲੀ ਇੱਕ ਮਹੱਤਵਪੂਰਨ ਰਚਨਾ ਹੈ। ਇਸਨੂੰ OTT ਪਲੇਟਫਾਰਮ ਤੋਂ ਹਟਾਉਣਾ ਲੱਖਾਂ ਪੰਜਾਬੀਆਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਬਰਾਬਰ ਹੈ।

ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਕਿਹਾ, ਜਿਹੜੀਆਂ ਫਿਲਮਾਂ ਸਮਾਜ ਨੂੰ ਸੋਚਣ ਲਈ ਮਜਬੂਰ ਕਰਦੀਆਂ ਹਨ ਅਤੇ ਇਤਿਹਾਸਕ ਤੱਥਾਂ ਨੂੰ ਸਾਹਮਣੇ ਲਿਆਉਂਦੀਆਂ ਹਨ, ਉਨ੍ਹਾਂ ਨੂੰ ਰੋਕਣਾ ਕਿਸੇ ਵੀ ਲੋਕਤੰਤਰ ਲਈ ਚੰਗਾ ਸੰਕੇਤ ਨਹੀਂ। ਪੰਜਾਬ ਦੀ ਨਵੀਂ ਪੀੜ੍ਹੀ ਨੂੰ ਆਪਣਾ ਇਤਿਹਾਸ ਜਾਣਨ ਅਤੇ ਸਮਝਣ ਦਾ ਪੂਰਾ ਹੱਕ ਹੈ।

ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਨੇ ਕਿਹਾ,ਜਸਵੰਤ ਸਿੰਘ ਖਾਲੜਾ ਦੀ ਕੁਰਬਾਨੀ ਮਨੁੱਖੀ ਅਧਿਕਾਰਾਂ ਦੀ ਲੜਾਈ ਸੀ। ਉਨ੍ਹਾਂ ਦੇ ਜੀਵਨ ਅਤੇ ਸੰਘਰਸ਼ ਨੂੰ ਦਰਸਾਉਣ ਵਾਲੀ ਫਿਲਮ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਣਾ ਕਿਸੇ ਵੀ ਪੱਖੋਂ ਜਾਇਜ਼ ਨਹੀਂ ਹੈ।

ਸਰਦਾਰ ਮਨਪ੍ਰੀਤ ਸਿੰਘ ਇਯਾਲੀ ਨੇ ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆਂ ਦੇ ਧਿਆਨ ਵਿੱਚ ਇਹ ਮਾਮਲਾ ਵੀ ਲਿਆਂਦਾ ਕਿ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਚੁਣੇ ਗਏ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦਾ ਐਨਐੱਸਏ ਰੱਦ ਹੋ ਚੁੱਕਾ ਹੈ। ਅਜਿਹੇ ਵਿੱਚ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਲੋਕਮਤ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਆਪਣੇ ਸੰਸਦੀ ਫ਼ਰਜ਼ ਨਿਭਾਉਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ। ਵਫ਼ਦ ਨੇ ਕਿਹਾ ਕਿ ਪੰਜਾਬ ਦੇ ਲੱਖਾਂ ਲੋਕਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣਾ ਨੁਮਾਇੰਦਾ ਚੁਣ ਕੇ ਸੰਸਦ ਵਿੱਚ ਭੇਜਿਆ ਹੈ, ਇਸ ਲਈ ਉਨ੍ਹਾਂ ਨੂੰ ਸੰਸਦ ਵਿੱਚ ਹਾਜ਼ਰ ਹੋ ਕੇ ਪੰਜਾਬ ਦੇ ਪਾਣੀਆਂ, ਕਿਸਾਨੀ, ਨੌਜਵਾਨੀ, ਬੇਰੁਜ਼ਗਾਰੀ, ਨਸ਼ਿਆਂ ਅਤੇ ਸੂਬੇ ਨਾਲ ਜੁੜੇ ਹੋਰ ਅਹਿਮ ਮਸਲਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦਾ ਮੌਕਾ ਮਿਲਣਾ ਚਾਹੀਦਾ ਹੈ। ਵਫ਼ਦ ਨੇ ਜ਼ੋਰ ਦੇ ਕੇ ਕਿਹਾ ਕਿ ਚੁਣੇ ਹੋਏ ਨੁਮਾਇੰਦੇ ਦੀ ਆਵਾਜ਼ ਨੂੰ ਸੰਸਦ ਵਿੱਚ ਬੋਲਣ ਤੋ ਰੋਕਣਾ ਗੈਰ ਲੋਕਤੰਤਰਿਕ ਹੈ। ਅਜਿਹੇ ਵਿੱਚ ਅਗਾਮੀ ਮਾਨਸੂਨ ਸੈਸ਼ਨ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੀ ਹਾਜ਼ਰ ਹੋਣਾ ਪੰਜਾਬ ਦੇ ਨਜ਼ਰੀਏ ਤੋਂ ਬੇਹੱਦ ਅਹਿਮ ਹੈ।

# ਗੁਰਦੁਆਰਾ ਸਾਹਿਬ ਦੀ ਗੋਲਕ 'ਚੋਂ ਚੋਰੀ ਕਰਨ ਵਾਲੇ 2 ਕਾਬੂ ਪੁਲਿਸ ਵੱਲੋਂ ਮਾਮਲਾ ਦਰਜ

**ਮਾਛੀਵਾੜਾ ਸਾਹਿਬ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਸ਼ੇ ਦੀ ਪੂਰਤੀ ਲਈ ਨਸ਼ੇੜੀ ਚੋਰੀਆਂ ਕਰਦੇ ਗੁਰੂ ਘਰਾਂ ਨੂੰ ਵੀ ਨਹੀਂ ਬਖਸ਼ਦੇ ਅੱਜ ਦੇ ਸਮੇਂ ਵਿੱਚ ਅਸੀਂ ਕਿਤੇ ਵੀ ਸੁਰੱਖਿਅਤ ਨਹੀਂ ਹਾਂ ਤੇ ਇਹ ਨਸ਼ੇੜੀ ਕਿਸਮ ਦੇ ਨੌਜਵਾਨ ਜਿੱਥੇ ਰਾਹ ਜਾਂਦੇ ਲੋਕਾਂ ਨੂੰ ਲੁੱਟ ਲੈਂਦੇ ਹਨ ਉੱਥੇ ਹੀ ਰਾਤ ਦੇ ਹਨ੍ਹੇਰੇ ਵਿੱਚ ਆਮ ਘਰਾਂ ਦੇ ਨਾਲ ਨਾਲ ਗੁਰੂ ਘਰਾਂ ਦੀਆਂ ਗੋਲਕਾਂ ਵੀ ਲੁੱਟਣ ਲੱਗ ਪਏ ਹਨ, ਇਹਨਾਂ ਨੂੰ ਪ੍ਰਸ਼ਾਸਨ ਦਾ ਡਰ ਤਾਂ ਕੀ ਰੱਬ ਦਾ ਡਰ ਵੀ ਨਹੀਂ ਰਿਹਾ। ਮਾਛੀਵਾੜਾ ਪੁਲਸ ਵਲੋਂ ਪਿੰਡ ਸ਼ੇਰਪੁਰ ਬਸਤੀ ਦੇ ਗੁਰਦੁਆਰਾ ਸਾਹਿਬ 'ਚੋਂ ਗੋਲਕ ਚੋਰੀ ਕਰਨ ਦੇ ਕਥਿਤ ਦੋਸ਼ ਹੇਠ ਕ੍ਰਿਸ਼ਨਾ ਵਾਸੀ ਬੈਰਸਾਲ ਕਲਾਂ ਅਤੇ ਮਨਪ੍ਰੀਤ ਸਿੰਘ ਉਰਫ਼ ਮੱਨਾ ਵਾਸੀ ਗੜੀ ਸੈਣੀਆਂ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਪਿੰਡ ਦੇ ਵਾਸੀ ਹਰਜਿੰਦਰ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ ਅਤੇ ਗੁਰਦੁਆਰਾ ਸਿੰਘ ਸਭਾ ਦਾ ਮੀਤ ਪ੍ਰਧਾਨ ਹੈ। ਉਨ੍ਹਾਂ ਦੱਸਿਆ ਕਿ ਇੱਕ ਨੌਜਵਾਨ ਲੜਕਾ ਲੋਹੇ ਦੇ ਕਟਰ ਨਾਲ ਪਿੰਡ ਦੇ ਗੁਰਦੁਆਰਾ ਸਾਹਿਬ ਦਾ ਮੇਨ ਗੇਟ ਕੱਟ ਕੇ ਅੰਦਰ ਚਲਾ ਗਿਆ ਸੀ ਜਿਸ ਨੇ ਅੰਦਰ ਚੱਲਦੇ ਕੈਮਰੇ ਤੋੜ ਦਿੱਤੇ। ਇਸ ਤੋਂ ਬਾਅਦ ਉਸਨੇ ਲੋਹੇ ਦੇ ਕਟਰ ਨਾਲ ਗੋਲਕ ਤੋੜ ਲਈ ਜਿਸ ਵਿਚ 10 ਤੋਂ 12 ਹਜ਼ਾਰ ਰੁਪਏ ਮੌਜੂਦ ਸਨ, ਚੋਰੀ ਕਰ ਲਏ ਸਨ। ਇਸ ਸਮੇਂ ਦੌਰਾਨ ਸਾਡੇ ਪਿੰਡ ਦੀ ਇੱਕ ਔਰਤ ਗੁਰਦੁਆਰਾ ਸਾਹਿਬ 'ਚ ਮੱਥਾ ਟੇਕਣ ਗਈ ਜਿਸ ਨੇ ਦੇਖਿਆ ਕਿ ਇਹ ਨੌਜਵਾਨ ਲੜਕਾ ਗੋਲਕ 'ਚੋਂ ਪੈਸੇ ਚੋਰੀ ਕਰਕੇ ਆਪਣੀ ਜੇਬਾਂ ਵਿਚ ਪਾ ਰਿਹਾ ਹੈ ਅਤੇ ਉਸਨੇ ਬਿਨ੍ਹਾਂ ਮੱਥਾ ਟੇਕੇ ਬਾਹਰ ਆ ਕੇ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ। ਬਿਆਨਕਰਤਾ ਅਨੁਸਾਰ ਜਦੋਂ ਉਹ ਗੁਰਦੁਆਰਾ ਸਾਹਿਬ ਗਏ ਤਾਂ ਉਕਤ ਨੌਜਵਾਨ ਮੌਕੇ ਤੋਂ ਦੌੜ ਗਿਆ ਜਿਸ ਦਾ ਸੀ.ਸੀ.ਟੀ.ਵੀ. ਕੈਮਰੇ ਚੈੱਕ ਕਰਨ 'ਤੇ ਪਤਾ ਲੱਗਿਆ ਕਿ ਜਿਸ ਨੇ ਗੋਲਕ ਤੋੜ ਕੇ ਪੈਸੇ ਚੋਰੀ ਕੀਤੇ ਉਸਦਾ ਨਾਮ ਕ੍ਰਿਸ਼ਨਾ ਵਾਸੀ ਬੈਰਸਾਲ ਕਲਾਂ ਹੈ। ਪਿੰਡ ਦੇ ਨੌਜਵਾਨਾਂ ਵਲੋਂ ਇਸ ਦੀ ਭਾਲ ਕੀਤੀ ਤਾਂ ਉਹ ਬੈਰਸਾਲ ਕਲਾਂ ਤੋਂ ਮਿਲਿਆ ਜਿਸ ਪਾਸੋਂ 500 ਰੁਪਏ ਦੀ ਨੋਟ ਬਰਾਮਦ ਹੋਏ ਸਨ।

# 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਗਈ



**ਜਲੰਧਰ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਵਿਸ਼ੇਸ਼ ਦਸਤਾਵੇਜ਼ੀ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ।

ਇਸ ਪ੍ਰੋਗਰਾਮ ਤਹਿਤ ਮੰਗਲਵਾਰ ਸ਼ਾਮ ਵਿਸ਼ੇਸ਼ ਡਾਕੂਮੈਂਟਰੀ ਵੈਨਾਂ ਕਰਤਾਰਪੁਰ ਦੇ ਸ੍ਰੀ ਗੁਰੂ ਰਵਿਦਾਸ ਮੰਦਿਰ ਅਤੇ ਨਕੋਦਰ ਦੇ ਪਿੰਡ ਆਧੀ ਪਹੁੰਚੀਆਂ, ਜਿੱਥੇ ਵੈਨ 'ਤੇ ਲਗਾਈ ਗਈ ਵਿਸ਼ਾਲ ਐਲ.ਈ.ਡੀ. ਸਕਰੀਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫੇ, ਸਿੱਖਿਆਵਾਂ, ਸਮਾਜਿਕ ਸੁਧਾਰਾਂ ਅਤੇ ਮਨੁੱਖੀ ਬਰਾਬਰੀ ਲਈ ਪਾਏ ਗਏ ਬਹੁਮੁੱਲੇ ਯੋਗਦਾਨ ਬਾਰੇ ਦਸਤਾਵੇਜ਼ੀ ਫਿਲਮ ਦਿਖਾਈ ਗਈ।

ਇਸ ਮੌਕੇ ਵੱਡੀ ਗਿਣਤੀ ਇਕੱਤਰ ਹੋਈ ਸੰਗਤ ਨੇ ਦਸਤਾਵੇਜ਼ੀ ਫਿਲਮ ਦੌਰਾਨ ਬਹੁਤ ਹੀ ਸ਼ਰਧਾ ਨਾਲ ਗੁਰੂ ਜੀ ਦੇ ਜੀਵਨ ਨਾਲ ਜੁੜੀਆਂ ਇਤਿਹਾਸਕ ਘਟਨਾਵਾਂ, ਉਨ੍ਹਾਂ ਦੇ ਆਦਰਸ਼ਾਂ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਗਏ ਸੰਦੇਸ਼ਾਂ ਨੂੰ ਧਿਆਨ ਨਾਲ ਦੇਖਿਆ ਅਤੇ ਸੁਣਿਆ।

ਹਲਕਾ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਅਤੇ ਹਲਕਾ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ ਨੇ ਲੋਕਾਂ ਨੂੰ ਡਾਕੂਮੈਂਟਰੀ ਦੇਖਣ ਲਈ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ।

ਵਿਧਾਇਕ ਬਲਕਾਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮਾਨਤਾ, ਮਨੁੱਖਤਾ, ਸੇਵਾ, ਮਿਹਨਤ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ, ਜੋ ਅਜੋਕੇ ਸਮੇਂ ਵਿੱਚ ਵੀ ਬਹੁਤ ਪ੍ਰਸੰਗਿਕ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਮਹਾਨ ਵਿਚਾਰਾਂ ਅਤੇ ਸਿੱਖਿਆਵਾਂ ਨੂੰ ਆਮ ਲੋਕਾਂ, ਖ਼ਾਸ ਕਰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਇਹ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਹ ਵੈਨ ਇਲਾਕੇ ਦੇ ਵੱਖ-ਵੱਖ ਪਿੰਡਾਂ ਵਿੱਚ ਪਹੁੰਚੇਗੀ ਅਤੇ ਰੋਜ਼ਾਨਾ 2 ਪਿੰਡਾਂ ਵਿੱਚ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਦਸਤਾਵੇਜ਼ੀ ਦਿਖਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸ੍ਰੀ ਗੁਰੂ ਰਵਿਦਾਸ ਜੀ ਦੀ ਮਹਾਨ ਅਧਿਆਤਮਿਕ ਅਤੇ ਸਮਾਜਿਕ ਵਿਰਾਸਤ ਨੂੰ ਸੰਭਾਲਣ ਅਤੇ ਪ੍ਰਚਾਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਹਲਕਾ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਰਬ ਸਾਂਝੀਵਾਲਤਾ, ਸਮਾਨਤਾ ਅਤੇ ਮਨੁੱਖਤਾ ਦੀ ਭਲਾਈ ਦਾ ਸੰਦੇਸ਼ ਦਿੱਤਾ ਹੈ, ਜਿਸ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਪੰਜਾਬ ਸਰਕਾਰ ਅਣਥੱਕ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਇਹ ਉਪਰਾਲਾ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨਾਲ ਜੋੜੇਗਾ ਅਤੇ ਸਮਾਨਤਾਵਾਦੀ ਸਮਾਜ ਲਈ ਸਿਰਜਣਾ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰੇਗਾ।

ਉਨ੍ਹਾਂ ਕਿਹਾ ਕਿ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਡਾਕੂਮੈਂਟਰੀ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਵੈਨ ਰੋਜ਼ਾਨਾ ਦੋ ਪਿੰਡਾਂ ਵਿਚ ਸ਼ਾਮ ਦੇ ਸਮੇਂ ਪਹੁੰਚੇਗੀ ਅਤੇ ਸੰਗਤਾਂ ਨੂੰ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਤ ਡਾਕੂਮੈਂਟਰੀ ਦਿਖਾਇਆ ਕਰੇਗੀ। ਉਨ੍ਹਾਂ ਲੋਕਾਂ ਨੂੰ ਇਸ ਪ੍ਰੇਰਨਾਦਾਇਕ ਡਾਕੂਮੈਂਟਰੀ ਨੂੰ ਵੱਧ ਤੋਂ ਵੱਧ ਦੇਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਪ੍ਰੇਮ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਸਿੱਧ ਹੋਣਗੇ।

ਸ੍ਰੀ ਗੁਰੂ ਰਵਿਦਾਸ ਮੰਦਿਰ ਵਿਖੇ ਡਾਕੂਮੈਂਟਰੀ ਦੇ ਪ੍ਰਦਰਸ਼ਨ ਦੌਰਾਨ ਹਲਕਾ ਵਿਧਾਇਕ ਬਲਕਾਰ ਸਿੰਘ ਦੇ ਧਰਮਪਤਨੀ ਸ਼੍ਰੀਮਤੀ ਹਰਪ੍ਰੀਤ ਕੌਰ ਵੀ ਮੌਜੂਦ ਸਨ।


# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਵਿਧਾਇਕ ਫਾਜ਼ਿਲਕਾ ਨੇ ਪਿੰਡ ਆਲਮਸ਼ਾਹ ਤੋਂ ਬੱਸ ਕੀਤੀ ਰਵਾਨਾ

**ਫਾਜ਼ਿਲਕਾ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਸਰਧਾਲੂਆਂ ਲਈ ਕਾਫੀ ਲਾਹੇਵੰਦ ਸਾਬਤ ਹੋ ਰਹੀ ਹੈ। ਇਸੇ ਲੜੀ ਤਹਿਤ ਫਾਜ਼ਿਲਕਾ ਦੇ ਵਿਧਾਇਕ ਸ੍ਰੀ. ਨਰਿੰਦਰਪਾਲ ਸਿੰਘ ਸਵਨਾ ਨੇ ਹਲਕੇ ਦੇ ਪਿੰਡ ਆਲਮਸ਼ਾਹ ਤੋਂ ਬੱਸ ਧਾਰਮਿਕ ਤੀਰਥ ਸਥਾਨਾਂ ਯਾਤਰਾ ਰਵਾਨਾ ਕੀਤੀਆਂ।ਇਸ ਮੌਕੇ ਉਨ੍ਹਾ ਦੀ ਧਰਮਪਤਨੀ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਵੀ ਨਾਲ ਮੌਜੂਦ ਸਨ। ਉਨ੍ਹਾਂ ਕਿਹਾ ਕਿ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ,ਦੁਰਗਿਆਨਾ ਮੰਦਿਰ,ਜਲਿਆ ਵਾਲਾ ਬਾਗ, ਰਾਮਤੀਰਥ ਮੰਦਿਰ ਅਤੇ ਕਈ ਗੁਰੁਧਾਮਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ, ਖਾਣ - ਪੀਣ ਦਾ ਵਧੀਆ ਤੇ ਮੁਫਤ ਪ੍ਰਬੰਧ ਪੰਜਾਬ ਸਰਕਾਰ ਵਲੋ ਕੀਤਾ ਗਿਆ ਹੈ।

ਵਿਧਾਇਕ ਨੇ ਕਿਹਾ ਕਿ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਸ਼ੁਰੂ ਹੋਣ ਨਾਲ ਸੰਗਤਾਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਇਸ ਯਾਤਰਾ ਦਾ ਅਨੇਕਾ ਲੋਕਾਂ ਨੇ ਲਾਹਾ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਬਜੁਰਗ ਅਵਸਥਾ ਵਿਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ ਉਹ ਸਰਕਾਰ ਦੀ ਇਸ ਸਕੀਮ ਦਾ ਵਧੇਰੇ ਲਾਭ ਉਠਾ ਰਹੇ ਹਨ। ਉਨਾਂ ਦੱਸਿਆ ਕਿ ਸ਼ਰਧਾਲੂਆਂ ਅੰਦਰ ਪੂਰੀ ਖੁਸ਼ੀ ਤੇ ਉਤਸ਼ਾਹ ਨਜਰ ਆਉਂਦਾ ਹੈ ਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ ਹੈ। ਵਿਧਾਇਕ ਨੇ ਅੱਗੇ ਦੱਸਿਆ ਕਿ ਯਾਤਰੀਆਂ ਦੇ ਆਉਣ-ਜਾਣ, ਰਸਤੇ ਵਿੱਚ ਚਾਹ ਤੇ ਖਾਣੇ ਅਤੇ ਰਾਤ ਠਹਿਰਣ ਆਦਿ ਦਾ ਸਮੁੱਚਾ ਪ੍ਰਬੰਧ ਪੰਜਾਬ ਸਰਕਾਰ ਵਲੋਂ ਕੀਤਾ ਗਿਆ ਹੈ।

# ਪੋਤੇ ਅਤੇ ਪਤਨੀ ਦਾ ਸਦਮਾ ਨਾ ਸਹਾਰਦਿਆਂ ਬਜ਼ੁਰਗ ਦੀ ਮੌਤ



**ਮਾਛੀਵਾੜਾ ਸਾਹਿਬ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਦੇ ਪਿੰਡ ਹੇਡੋ ਬੇਟ ਦੇ ਇੱਕ ਪਰਿਵਾਰ 'ਤੇ ਪਿਛਲੇ ਕੁਝ ਮਹੀਨਿਆਂ ਦੌਰਾਨ ਦੁੱਖਾਂ ਦਾ ਅਜਿਹਾ ਪਹਾੜ ਟੁੱਟਿਆ ਹੈ ਕਿ ਸਮੁੱਚਾ ਇਲਾਕਾ ਗ਼ਮ ਵਿੱਚ ਹੈ। ਹੱਸਦੇ-ਵਸਦੇ ਇਸ ਪਰਿਵਾਰ ਦੇ ਤਿੰਨ ਮੈਂਬਰ ਕੁਝ ਹੀ ਦਿਨਾਂ ਦੇ ਵਿੱਚ ਦੁਨੀਆਂ ਨੂੰ ਅਲਵਿਦਾ ਆਖ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਕੁਝ ਸਮਾਂ ਪਹਿਲਾਂ ਪਿੰਡ ਹੇਡੋ ਬੇਟ ਦੇ ਨਿਵਾਸੀ ਗਗਨਦੀਪ ਸਿੰਘ ਉਰਫ਼ ਬਿੱਲਾ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ।

ਪੋਤੇ ਦੇ ਅਚਾਨਕ ਹੋਏ ਕਤਲ ਦਾ ਸਦਮਾ ਪਰਿਵਾਰ ਨਾ ਸਹਾਰ ਸਕਿਆ। ਇਸ ਦਰਦਨਾਕ ਘਟਨਾ ਤੋਂ ਅਗਲੇ ਹੀ ਦਿਨ ਗਗਨਦੀਪ ਦੀ ਦਾਦੀ ਵੀ ਦੁੱਖ ਨਾ ਸਹਾਰਦਿਆਂ ਅਕਾਲ ਚਲਾਣਾ ਕਰ ਗਈ ਸੀ। ਪੋਤੇ ਅਤੇ ਪਤਨੀ ਦੇ ਵਿਛੋੜੇ ਤੋਂ ਬਾਅਦ ਗਗਨਦੀਪ ਦਾ ਦਾਦਾ ਪਰਸ਼ੋਤਮ ਸਿੰਘ ਵੀ ਬਹੁਤ ਜ਼ਿਆਦਾ ਬੀਮਾਰ ਰਹਿਣ ਲੱਗ ਪਿਆ ਸੀ। ਉਹ ਇਸ ਸਦਮੇ ਵਿੱਚੋਂ ਉਭਰ ਨਹੀਂ ਸਕਿਆ ਅਤੇ ਅੱਜ ਉਸਦਾ ਵੀ ਦਿਲ ਦਾ ਦੌਰਾ ਪੈਣ ਕਰ ਦੇਹਾਂਤ ਹੋ ਗਿਆ। ਦਾਦੇ ਦਾ ਅੰਤਿਮ ਸੰਸਕਾਰ ਪਿੰਡ ਹੇਡੋ ਬੇਟ ਦੇ ਸ਼ਮਸ਼ਾਨ ਘਾਟ ਵਿਖੇ ਪੂਰੇ ਰੀਤੀ-ਰਿਵਾਜਾਂ ਨਾਲ ਕਰ ਦਿੱਤਾ ਗਿਆ। ਕੁਝ ਮਹੀਨਿਆਂ ਦੇ ਅੰਦਰ-ਅੰਦਰ ਇੱਕੋ ਪਰਿਵਾਰ ਦੇ ਤਿੰਨ ਜੀਆਂ ਦੇ ਚਲੇ ਜਾਣ ਨਾਲ ਪੂਰਾ ਪਰਿਵਾਰ ਟੁੱਟ ਕੇ ਬਿਖਰ ਗਿਆ ਹੈ।

ਇਹ ਨਾ ਪੂਰਾ ਹੋਣ ਵਾਲੇ ਘਾਟੇ ਨੇ ਪਿੰਡ ਵਾਸੀਆਂ ਨੂੰ ਵੀ ਝੰਜੋੜ ਕੇ ਰੱਖ ਦਿੱਤਾ ਹੈ।

ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਵੱਡੀ ਗਿਣਤੀ ਵਿੱਚ ਲੋਕ ਪਹੁੰਚੇ।ਇਲਾਕੇ ਭਰ ਵਿੱਚ ਇਸ ਘਟਨਾ ਨੂੰ ਲੈ ਕੇ ਸੋਗ ਦੀ ਲਹਿਰ ਹੈ।

# ਪ੍ਰਸ਼ਾਸਕ ਨੇ ਚੰਡੀਗੜ੍ਹ ਵਿੱਚ ਪਬਲਿਕ ਟ੍ਰਾਂਸਪੋਰਟ ਅਤੇ ਐਪ-ਅਧਾਰਿਤ ਐਗਰੀਗੇਟਰ ਸੇਵਾਵਾਂ ਦੀ ਸਮੀਖਿਆ ਕੀਤੀ; ਕਨੈਕਟਿਵਿਟੀ ਅਤੇ ਜਨ ਸੁਵਿਧਾ ਨੂੰ ਵਧਾਉਣ ਦੇ ਨਿਰਦੇਸ਼ ਦਿੱਤੇ

## ਬਿਹਤਰ ਬੱਸ ਕਨੈਕਟਿਵਿਟੀ, ਹਾਇਰ ਫ੍ਰੀਕੁਐਂਸੀ ਅਤੇ ਸਮਾਰਟਰ ਟ੍ਰਾਂਸਪੋਰਟ ਪਲੈਨਿੰਗ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਵਿੱਤ ਸਕੱਤਰ ਸ਼੍ਰੀ ਦੀਪਰਵਾ ਲਾਕੜਾ; ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਸਟੇਟ ਟ੍ਰਾਂਸਪੋਰਟ ਅਥਾਰਿਟੀ ਦੇ ਸਕੱਤਰ, ਸ਼੍ਰੀ ਨਿਤੀਸ਼ ਸਿੰਗਲਾ; ਡਾਇਰੈਕਟਰ ਟ੍ਰਾਂਸਪੋਰਟ-ਅਤੇ-ਡਿਵੀਜ਼ਨਲ ਮੈਨੇਜਰ, ਚੰਡੀਗੜ੍ਹ ਟ੍ਰਾਂਸਪੋਰਟ ਅੰਡਰਟੇਕਿੰਗ (ਸੀਟੀਯੂ/3" "), ਸ਼੍ਰੀ ਅਵਿਕੇਸ਼ ਗੁਪਤਾ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਚੰਡੀਗੜ੍ਹ ਵਿੱਚ ਪਬਲਿਕ ਟ੍ਰਾਂਸਪੋਰਟ ਅਤੇ ਐਪ- ਅਧਾਰਿਤ ਟ੍ਰਾਂਸਪੋਰਟ ਐਗਰੀਗੇਟਰ ਸੇਵਾਵਾਂ ਦੀ ਕਾਰਜਪ੍ਰਣਾਲੀ ਦੀ ਸਮੀਖਿਆ ਕੀਤੀ।



ਕੁਸ਼ਲ, ਸੁਲਭ ਅਤੇ ਟਿਕਾਊ ਪਬਲਿਕ ਟ੍ਰਾਂਸਪੋਰਟ 'ਤੇ ਬਲ ਦਿੰਦੇ ਹੋਏ ਪ੍ਰਸ਼ਾਸਕ ਨੇ ਅਧਿਕਾਰੀਆਂ ਨੂੰ ਉੱਚ-ਮੰਗ ਵਾਲੇ ਰੂਟਾਂ 'ਤੇ ਬੱਸਾਂ ਦੀ ਬਾਰੰਬਾਰਤਾ ਵਧਾਉਣ, ਘੱਟ-ਮੰਗ ਵਾਲੇ ਰੂਟਾਂ 'ਤੇ ਸੇਵਾਵਾਂ ਨੂੰ ਤਰਕਸੰਗਤ ਬਣਾਉਣ ਅਤੇ ਚੰਡੀਗੜ੍ਹ, ਮੋਹਾਲੀ, ਪੰਚਕੂਲਾ, ਜ਼ੀਰਕਪੁਰ ਅਤੇ ਖਰੜ ਸਹਿਤ ਟ੍ਰਾਇਸਿਟੀ ਖੇਤਰ ਵਿੱਚ ਬਿਹਤਰ ਸੰਪਰਕ ਸੁਨਿਸ਼ਚਿਤ ??ਕਰਨ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਪੰਜਾਬ ਅਤੇ ਹਰਿਆਣਾ ਨਾਲ ਅੰਤਰ-ਰਾਜੀ ਬੱਸ ਸੰਪਰਕ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਯਾਤਰਾ ਸਮੇਂ ਵਿੱਚ ਕਮੀ ਅਤੇ ਬਿਹਤਰ ਰੂਟ ਯੋਜਨਾਬੰਦੀ ਨਾਲ ਅਧਿਕ ਤੋਂ ਅਧਿਕ ਲੋਕ ਪਬਲਿਕ ਟ੍ਰਾਂਸਪੋਰਟ ਦਾ ਉਪਯੋਗ ਕਰਨ ਲਈ ਪ੍ਰੋਤਸਾਹਿਤ ਹੋਣਗੇ।

ਟ੍ਰਾਂਸਪੋਰਟ ਵਿਵਸਥਾ ਦੇ ਆਧੁਨਿਕੀਕਰਣ ਦੀ ਸਮੀਖਿਆ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਲੋ-ਫਲੋਰ ਅਤੇ ਇਲੈਕਟ੍ਰਿਕ ਬੱਸਾਂ ਦੇ ਬੇੜੇ ਦਾ ਵਿਸਤਾਰ ਕਰਨ ਅਤੇ ਸੰਚਾਲਨ ਦਕਸ਼ਤਾ ਅਤੇ ਜਨ ਸੁਵਿਧਾ ਨੂੰ ਵਧਾਉਣ ਲਈ ਗ੍ਰਿੱਡ-ਅਧਾਰਿਤ ਰੂਟ ਪਲੈਨਿੰਗ ਮਾਡਲ ਦੀ ਵਿਵਹਾਰਕਤਾ ਦਾ ਅਧਿਐਨ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਪ੍ਰਧਾਨ ਮੰਤਰੀ ਈ-ਬੱਸ ਸੇਵਾ ਯੋਜਨਾ ਦੇ ਲਾਗੂਕਰਨ ਦੀ ਵੀ ਸਮੀਖਿਆ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਇਸ ਯੋਜਨਾ ਦੇ ਤਹਿਤ 100 ਇਲੈਕਟ੍ਰਿਕ ਬੱਸਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਨ੍ਹਾਂ ਵਿੱਚੋਂ 80 ਪਹਿਲਾਂ ਹੀ ਕਾਰਜਸ਼ੀਲ ਹਨ, ਜਦਕਿ ਬੇੜੇ ਨੂੰ ਹੋਰ ਮਜ਼ਬੂਤ ਕਰਨ ਲਈ 328 ਅਤਿਰਿਕਤ ਇਲੈਕਟ੍ਰਿਕ ਬੱਸਾਂ ਦਾ ਪ੍ਰਸਤਾਵ ਤਿਆਰ ਕੀਤਾ ਗਿਆ ਹੈ।

ਪ੍ਰਸ਼ਾਸਕ ਨੇ ਲੰਬੀ ਦੂਰੀ ਦੇ ਬੱਸ ਰੂਟਾਂ ਦੀ ਸੰਚਾਲਨ ਅਤੇ ਵਿੱਤੀ ਵਿਵਹਾਰਕਤਾ ਦਾ ਵਿਆਪਕ ਮੁੱਲਾਂਕਣ ਕਰਨ ਦੇ ਨਿਰਦੇਸ਼ ਵੀ ਦਿੱਤੇ। ਸੀਟੀਯੂ ਦੀ ਵਿੱਤੀ ਸਥਿਰਤਾ ਨੂੰ ਮਜ਼ਬੂਤ ਬਣਾਉਣ ਲਈ ਉਨ੍ਹਾਂ ਨੇ ਬੱਸਾਂ ਅਤੇ ਟ੍ਰਾਂਸਪੋਰਟ ਬੁਨਿਆਦੀ ਢਾਂਚੇ 'ਤੇ ਇਸ਼ਤਿਹਾਰਾਂ ਦੇ ਜ਼ਰੀਏ ਗ਼ੈਰ-ਕਿਰਾਇਆ ਮਾਲੀਆ ਵਧਾਉਣ ਦੀ ਜ਼ਰੂਰਤ 'ਤੇ ਬਲ ਦਿੱਤਾ। ਨਾਲ ਹੀ ਡਿਜੀਟਲ ਡਿਸਪਲੇ ਬੋਰਡਾਂ, ਭੌਤਿਕ ਬੱਸ ਟਾਇਮਿੰਗ ਚਾਰਟ ਅਤੇ ਕਿਊਆਰ ਕੋਡ-ਅਧਾਰਿਤ ਸੂਚਨਾ ਪ੍ਰਣਾਲੀ ਦੇ ਜ਼ਰੀਏ ਯਾਤਰੀਆਂ ਨੂੰ ਬਿਹਤਰ ਸੂਚਨਾ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਉਨ੍ਹਾਂ ਨੂੰ ਵਰਤਮਾਨ ਵਿੱਚ ਸੰਚਾਲਿਤ ਮਾਸਿਕ ਵਿਦਿਆਰਥੀ, ਸਾਧਾਰਣ ਅਤੇ ਸੈਲਾਨੀ ਬੱਸ ਪਾਸ ਵਿਵਸਥਾ ਦੀ ਜਾਣਕਾਰੀ ਦਿੱਤੀ ਗਈ, ਜਦਕਿ ਕਰਮਚਾਰੀਆਂ ਲਈ ਬੱਸ ਪਾਸ ਸ਼ੁਰੂ ਕਰਨ ਦੇ ਪ੍ਰਸਤਾਵ 'ਤੇ ਵਿਚਾਰ ਕੀਤਾ ਜਾ ਰਿਹਾ ਹੈ।

ਐਪ-ਅਧਾਰਿਤ ਟ੍ਰਾਂਸਪੋਰਟ ਐਗਰੀਗੇਟਰ ਸੇਵਾਵਾਂ ਦੀ ਸਮੀਖਿਆ ਦੇ ਦੌਰਾਨ ਪ੍ਰਸ਼ਾਸਕ ਨੂੰ ਚੰਡੀਗੜ੍ਹ ਪ੍ਰਸ਼ਾਸਨ ਮੋਟਰ ਵ੍ਹੀਕਲ ਐਗਰੀਗੇਟਰ ਨਿਯਮ, 2025 ਦੇ ਤਹਿਤ ਲਾਗੂ ਰੈਗੂਲੇਟਰੀ ਢਾਂਚੇ, ਅਧਿਸੂਚਿਤ ਕਿਰਾਇਆ ਸੰਰਚਨਾ ਅਤੇ ਲਾਗੂਕਰਨ ਦੇ ਉਪਾਵਾਂ ਦੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਕਿਹਾ ਕਿ ਇੱਕ ਸੁਵਿਵਸਥਿਤ ਅਤੇ ਪ੍ਰਭਾਵੀ ਐਗਰੀਗੇਟਰ ਈਕੋਸਿਸਟਮ, ਐਪ-ਅਧਾਰਿਤ ਟ੍ਰਾਂਸਪੋਰਟ ਐਗਰੀਗੇਟਰ ਸੇਵਾਵਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਟੈਕਸੀ ਡ੍ਰਾਇਵਰਾਂ ਦੇ ਹਿਤਾਂ ਦੀ ਰੱਖਿਆ ਕਰੇ ਅਤੇ ਜਨ ਸੁਰੱਖਿਆ, ਪਾਰਦਰਸ਼ਤਾ ਅਤੇ ਜਨ ਸੁਵਿਧਾ ਸੁਨਿਸ਼ਚਿਤ ਕਰੇ। ਮੀਟਿੰਗ ਵਿੱਚ ਬਾਇਕ ਟੈਕਸੀ ਸੇਵਾਵਾਂ ਲਈ ਪ੍ਰਸਤਾਵਿਤ ਰੈਗੂਲੇਟਰੀ ਢਾਂਚੇ 'ਤੇ ਵੀ ਵਿਸਤ੍ਰਿਤ ਚਰਚਾ ਕੀਤੀ ਗਈ।

# ਬਲਾਕ ਸੰਮਤੀ ਦੇ ਸਾਬਕਾ ਚੇਅਰਮੈਨ ਦੇਸਰਾਜ ਸਿੰਘ ਰਹੀਮਾਬਾਦ ਨੂੰ ਸਦਮਾ, ਮਾਤਾ ਸੱਤਿਆ ਦੇਵੀ ਦਾ ਦੇਹਾਂਤ

**ਮਾਛੀਵਾੜਾ ਸਾਹਿਬ, 9 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਇਲਾਕੇ ਦੇ ਸੀਨੀਅਰ ਅਕਾਲੀ ਆਗੂ ਅਤੇ ਬਲਾਕ ਸੰਮਤੀ ਦੇ ਸਾਬਕਾ ਚੇਅਰਮੈਨ ਦੇਸਰਾਜ ਸਿੰਘ ਦੇ ਪਰਿਵਾਰ ਲਈ ਮੰਗਲਵਾਰ ਦਾ ਦਿਨ ਬਹੁਤ ਹੀ ਗ਼ਮਗੀਨ ਰਿਹਾ। ਉਨ੍ਹਾਂ ਦੀ ਸਤਿਕਾਰਯੋਗ ਮਾਤਾ ਸੱਤਿਆ ਦੇਵੀ ਜੀ ਦਾ 97 ਸਾਲ ਦੀ ਉਮਰ ਵਿੱਚ ਬੀਤੇ ਦਿਨ ਅਕਾਲ ਚਲਾਣਾ ਹੋ ਗਿਆ ਸੀ। ਮਾਤਾ ਜੀ ਦੇ ਦਿਹਾਂਤ ਦੀ ਖ਼ਬਰ ਮਿਲਦੇ ਹੀ ਸਕੇ ਸਬੰਧੀਆਂ ਵਿੱਚ ਸੋਗ ਦੀ ਲਹਿਰ ਫੈਲ ਗਈ।

ਪ੍ਰਾਪਤ ਜਾਣਕਾਰੀ ਅਨੁਸਾਰ ਮਾਤਾ ਸੱਤਿਆ ਦੇਵੀ ਜੀ ਪਿਛਲੇ ਕੁਝ ਸਮੇਂ ਤੋਂ ਬੁਢਾਪੇ ਕਾਰਨ ਬਿਮਾਰ ਚੱਲ ਰਹੇ ਸਨ। ਉਨ੍ਹਾਂ ਦਾ ਜੀਵਨ ਸਾਦਗੀ, ਸੇਵਾ ਅਤੇ ਧਾਰਮਿਕ ਭਾਵਨਾ ਨਾਲ ਭਰਪੂਰ ਸੀ। ਉਹ ਇਲਾਕੇ ਵਿੱਚ ਆਪਣੇ ਮਿੱਠੇ ਬੋਲ ਅਤੇ ਮਿਲਨਸਾਰ ਸੁਭਾਅ ਕਾਰਨ ਬਹੁਤ ਸਤਿਕਾਰਯੋਗ ਸਨ। ਮਾਤਾ ਜੀ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਰਹੀਮਾਬਾਦ ਖੁਰਦ ਨੇੜੇ ਮਾਛੀਵਾੜਾ ਸਾਹਿਬ ਵਿਖੇ ਪੂਰੇ ਧਾਰਮਿਕ ਰੀਤੀ-ਰਿਵਾਜਾਂ ਨਾਲ ਕੀਤਾ ਗਿਆ।

ਵੱਡੀ ਗਿਣਤੀ ਵਿੱਚ ਇਕੱਠੀ ਹੋਈ ਸੰਗਤ ਅਤੇ ਇਲਾਕੇ ਦੇ ਲੋਕਾਂ ਨੇ ਅੰਤਿਮ ਵਿਦਾਇਗੀ ਦਿੱਤੀ।

ਇਸ ਦੁਖਦਾਈ ਮੌਕੇ 'ਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ, ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਸ਼ਮੂਲੀਅਤ ਕਰਨ ਪਹੁੰਚੇ। ਸਾਰਿਆਂ ਨੇ ਦੇਸਰਾਜ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਇਹ ਭਾਰੀ ਸਦਮਾ ਸਹਿਣ ਦਾ ਬਲ ਬਖਸ਼ੇ।ਦੇਸਰਾਜ ਸਿੰਘ ਦੇ ਘਰ ਸੋਗ ਪ੍ਰਗਟ ਕਰਨ ਪਹੁੰਚੇ ਆਗੂਆਂ ਵਿੱਚ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਤੋਂ ਇਲਾਵਾ ਸਮਾਜ ਸੇਵੀ ਅਤੇ ਧਾਰਮਿਕ ਸ਼ਖਸੀਅਤਾਂ ਵੀ ਸ਼ਾਮਲ ਸਨ। ਸਾਰਿਆਂ ਨੇ ਕਿਹਾ ਕਿ ਮਾਤਾ ਸੱਤਿਆ ਦੇਵੀ ਜੀ ਇੱਕ ਬਹੁਤ ਹੀ ਧਾਰਮਿਕ ਅਤੇ ਪਰਉਪਕਾਰੀ ਸ਼ਖਸੀਅਤ ਸਨ।

ਦੇਸਰਾਜ ਸਿੰਘ ਲੰਬੇ ਸਮੇਂ ਤੋਂ ਇਲਾਕੇ ਦੀ ਸੇਵਾ ਕਰਦੇ ਆ ਰਹੇ ਹਨ ਅਤੇ ਬਲਾਕ ਸੰਮਤੀ ਦੇ ਚੇਅਰਮੈਨ ਵਜੋਂ ਵੀ ਉਨ੍ਹਾਂ ਨੇ ਅਹਿਮ ਜ਼ਿੰਮੇਵਾਰੀਆਂ ਨਿਭਾਈਆਂ ਹਨ। ਮਾਤਾ ਜੀ ਦੇ ਅਕਾਲ ਚਲਾਣੇ 'ਤੇ ਪਰਿਵਾਰ ਅਤੇ ਇਲਾਕੇ ਅੰਦਰ ਸੋਗ ਦੀ ਲਹਿਰ ਹੈ।



# ਹਰਿਆਣਾ ਖ਼ਬਰਨਾਮਾ



## ਚੰਡੀਗੜ੍ਹ ਸਥਿਤ ਸਰਕਾਰੀ ਮਕਾਨਾਂ ਵਿੱਚ ਰਹਿਣ ਵਾਲੇ ਕਰਮਚਾਰੀਆਂ ਨੂੰ ਦੇਣਾ ਹੋਵੇਗਾ ਰੂਫਟਾਪ ਸੋਲਰ ਅੰਡਰਟੇਕਿੰਗ ਫਾਰਮ

**ਚੰਡੀਗੜ੍ਹ, 9 ਜੁਲਾਈ**
**-ਹਰਮਨਪ੍ਰੀਤ ਕੌਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਸਾਰੇ ਪ੍ਰਸ਼ਾਸਨਿਕ ਸਕੱਤਰਾਂ, ਵਿਭਾਗ ਮੁਖੀਆਂ ਅਤੇ ਮੁੱਖ ਪ੍ਰਸ਼ਾਸਕਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਅਲਾਟ ਕੀਤੇ ਸਰਕਾਰੀ ਮਕਾਨਾਂ ਵਿੱਚ ਰਹਿਣ ਵਾਲੇ ਰਾਜ ਸਰਕਾਰ ਦੇ ਕਰਮਚਾਰੀ ਰੂਫਟਾਪ ਸੋਲਰ ਊਰਜਾ ਪ੍ਰਣਾਲੀ ਦੀ ਵਰਤੋਂ ਨਾਲ ਸਬੰਧਤ ਆਪਣਾ ਵਿਕਲਪ/ਅੰਡਰਟੇਕਿੰਗ ਫਾਰਮ 10 ਜੁਲਾਈ, 2026 ਤੱਕ ਲਾਜ਼ਮੀ ਤੌਰ 'ਤੇ ਜਮ੍ਹਾ ਕਰਵਾਉਣ।

ਇਹ ਨਿਰਦੇਸ਼ ਚੰਡੀਗੜ੍ਹ ਪ੍ਰਸ਼ਾਸਨ ਦੀ ਹਾਊਸ ਅਲਾਟਮੈਂਟ ਕਮੇਟੀ ਤੋਂ ਪ੍ਰਾਪਤ ਪੱਤਰ ਤੋਂ ਬਾਅਦ ਜਾਰੀ ਕੀਤੇ ਗਏ ਹਨ। ਕੇਂਦਰ ਸਰਕਾਰ ਦੀ ਪਹਿਲਕਦਮੀ ਤਹਿਤ ਸਰਕਾਰੀ ਰਿਹਾਇਸ਼ੀ ਇਮਾਰਤਾਂ ਵਿੱਚ ਰੂਫਟਾਪ ਸੋਲਰ ਪ੍ਰਣਾਲੀ ਦੀ 100 ਫੀਸਦੀ ਸਥਾਪਨਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇਹ ਮੁਹਿੰਮ ਚਲਾਈ ਜਾ ਰਹੀ ਹੈ।

ਮੁੱਖ ਸਕੱਤਰ ਨੇ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਯੋਗ ਕਰਮਚਾਰੀ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਆਪਣੇ-ਆਪਣੇ ਵਿਭਾਗ ਮੁਖੀਆਂ ਰਾਹੀਂ ਨਿਰਧਾਰਤ ਪ੍ਰਾਰੂਪ ਵਿੱਚ ਸਹਿਮਤੀ ਪੱਤਰ ਜਮ੍ਹਾ ਕਰਵਾਉਣ, ਤਾਂ ਜੋ ਉਨ੍ਹਾਂ ਨੂੰ ਅਗਲੀ ਕਾਰਵਾਈ ਲਈ ਹਾਊਸ ਅਲਾਟਮੈਂਟ ਕਮੇਟੀ, ਚੰਡੀਗੜ੍ਹ ਦੇ ਦਫਤਰ ਨੂੰ ਸਮੇਂ ਸਿਰ ਭੇਜਿਆ ਜਾ ਸਕੇ।

ਚੰਡੀਗੜ੍ਹ ਪ੍ਰਸ਼ਾਸਨ ਅਨੁਸਾਰ, ਸੋਲਰ ਖਪਤਕਾਰ ਫੀਸ (ਯੂਜ਼ਰ ਚਾਰਜਜ਼) ਦੇ ਸਬੰਧ ਵਿੱਚ ਸਰਕਾਰੀ ਕਰਮਚਾਰੀਆਂ ਤੋਂ ਪ੍ਰਾਪਤ ਬੇਨਤੀਆਂ ਤੋਂ ਬਾਅਦ ਇਹ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਇਸ ਤਹਿਤ ਕਰਮਚਾਰੀਆਂ ਨੂੰ ਅੰਡਰਟੇਕਿੰਗ ਫਾਰਮ ਵਿੱਚ ਨਿਰਧਾਰਤ ਵਿਕਲਪਾਂ ਵਿੱਚੋਂ ਇੱਕ ਦੀ ਚੋਣ ਕਰਨੀ ਹੋਵੇਗੀ। ਉਹ ਜਾਂ ਤਾਂ ਰੂਫਟਾਪ ਸੋਲਰ ਪਲਾਂਟ ਤੋਂ ਪੈਦਾ ਹੋਈ ਬਿਜਲੀ ਦੀ ਵਰਤੋਂ ਕਰਨ ਅਤੇ ਨਿਰਧਾਰਤ ਖਪਤਕਾਰ ਫੀਸ ਦਾ ਭੁਗਤਾਨ ਕਰਨ ਲਈ ਸਹਿਮਤੀ ਦੇ ਸਕਦੇ ਹਨ। ਇਸ ਤੋਂ ਇਲਾਵਾ ਉਹ ਇਸ ਸਹੂਲਤ ਦੀ ਵਰਤੋਂ ਨਾ ਕਰਨ ਦਾ ਵਿਕਲਪ ਵੀ ਚੁਣ ਸਕਦੇ ਹਨ ਜਾਂ ਇਹ ਵੀ ਦੱਸ ਸਕਦੇ ਹਨ ਕਿ ਇਹ ਵਿਕਲਪ ਉਨ੍ਹਾਂ 'ਤੇ ਲਾਗੂ ਨਹੀਂ ਹੁੰਦਾ।

ਅੰਡਰਟੇਕਿੰਗ ਵਿੱਚ ਇਹ ਵੀ ਵਰਨਣ ਕੀਤਾ ਗਿਆ ਹੈ ਕਿ ਜੋ ਕਰਮਚਾਰੀ ਸੋਲਰ ਊਰਜਾ ਦੀ ਵਰਤੋਂ ਕਰਨ ਦਾ ਵਿਕਲਪ ਚੁਣਨਗੇ, ਉਨ੍ਹਾਂ ਨੂੰ ਨਿਰਧਾਰਤ ਸੋਲਰ ਖਪਤਕਾਰ ਫੀਸ ਦਾ ਭੁਗਤਾਨ ਕਰਨਾ ਹੋਵੇਗਾ ਅਤੇ ਸੋਲਰ ਪਲਾਂਟ ਦੇ ਰੱਖ-ਰਖਾਅ ਲਈ ਅਧਿਕਾਰਤ ਕਰਮਚਾਰੀਆਂ ਨੂੰ ਪਰਿਸਰ ਵਿੱਚ ਦਾਖਲੇ ਦੀ ਇਜਾਜ਼ਤ ਦੇਣੀ ਹੋਵੇਗੀ। ਉੱਥੇ ਹੀ, ਜੋ ਕਰਮਚਾਰੀ ਇਸ ਸਹੂਲਤ ਦੀ ਵਰਤੋਂ ਨਹੀਂ ਕਰਨਾ ਚਾਹੁੰਦੇ, ਉਨ੍ਹਾਂ ਦੇ ਮਾਮਲੇ ਵਿੱਚ ਰੂਫਟਾਪ ਸੋਲਰ ਪਲਾਂਟ ਤੋਂ ਬਣਨ ਵਾਲੀ ਬਿਜਲੀ ਨੂੰ ਪ੍ਰਚਲਿਤ ਨਿਯਮਾਂ ਅਨੁਸਾਰ ਗ੍ਰਾਸ ਮੀਟਰਿੰਗ ਪ੍ਰਣਾਲੀ ਰਾਹੀਂ ਬਿਜਲੀ ਵੰਡ ਲਾਇਸੈਂਸਧਾਰੀ ਨੂੰ ਤਬਦੀਲ ਕੀਤਾ ਜਾਵੇਗਾ।

ਮੁੱਖ ਸਕੱਤਰ ਨੇ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਇਨ੍ਹਾਂ ਨਿਰਦੇਸ਼ਾਂ ਦੀ ਸਖਤੀ ਨਾਲ ਪਾਲਣਾ ਯਕੀਨੀ ਬਣਾਉਂਦੇ ਹੋਏ ਸਾਰੇ ਯੋਗ ਕਰਮਚਾਰੀਆਂ ਤੋਂ ਨਿਰਧਾਰਤ ਸਮਾਂ-ਸੀਮਾ ਵਿੱਚ ਅੰਡਰਟੇਕਿੰਗ ਫਾਰਮ ਪ੍ਰਾਪਤ ਕਰਕੇ ਸਮੇਂ ਸਿਰ ਹਾਊਸ ਅਲਾਟਮੈਂਟ ਕਮੇਟੀ ਨੂੰ ਭੇਜੇ ਜਾਣ।ਹਾਊਸ ਅਲਾਟਮੈਂਟ ਕਮੇਟੀ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ 10 ਜੁਲਾਈ, 2026 ਤੱਕ ਕਿਸੇ ਕਰਮਚਾਰੀ ਦਾ ਅੰਡਰਟੇਕਿੰਗ ਫਾਰਮ ਪ੍ਰਾਪਤ ਨਹੀਂ ਹੁੰਦਾ ਹੈ, ਤਾਂ ਇਹ ਮੰਨ ਲਿਆ ਜਾਵੇਗਾ ਕਿ ਸਬੰਧਤ ਕਰਮਚਾਰੀ ਨੇ ਰੂਫਟਾਪ ਸੋਲਰ ਊਰਜਾ ਸਹੂਲਤ ਦੀ ਵਰਤੋਂ ਲਈ ਆਪਣੀ ਸਹਿਮਤੀ ਪ੍ਰਦਾਨ ਨਹੀਂ ਕੀਤੀ ਹੈ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਆਈਕਿਆ ਇੰਡੀਆ ਦੇ ਸੀਈਓ ਨੇ ਕੀਤੀ ਮੁਲਾਕਾਤ

➢ ਹਰਿਆਣਾ ਵਿੱਚ ਨਵੇਂ ਨਿਵੇਸ਼ ਦੇ ਮੌਕਿਆਂ 'ਤੇ ਹੋਈ ਚਰਚਾ, ਮੁੱਖ ਮੰਤਰੀ ਨੇ ਆਗਾਮੀ ਪ੍ਰੋਜੈਕਟਾਂ ਲਈ ਹਰ ਸੰਭਵ ਸਹਿਯੋਗ ਦਾ ਦਿੱਤਾ ਭਰੋਸਾ ➢ ਗੁਰੂਗ੍ਰਾਮ ਵਿੱਚ 3,500 ਕਰੋੜ ਰੁਪਏ ਦੇ ਪ੍ਰੋਜੈਕਟ ਨਾਲ 10,000 ਤੋਂ ਵੱਧ ਰੁਜ਼ਗਾਰ ਦੇ ਮੌਕੇ ਸ੍ਰਿਜਤ ਹੋਣਗੇ

**ਚੰਡੀਗੜ੍ਹ 9 ਜੁਲਾਈ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਬੁੱਧਵਾਰ ਨੂੰ ਚੰਡੀਗੜ੍ਹ ਸਥਿਤ ਸੰਤ ਕਬੀਰ ਕੁਟੀਰ ਵਿਖੇ ਆਈਕਿਆ ਇੰਡੀਆ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀਈਓ) ਸ੍ਰੀ ਪੈਟਰਿਕ ਐਂਟੋਨੀ ਦੀ ਅਗਵਾਈ ਵਿੱਚ ਆਏ ਸਵੀਡਨ ਦੇ ਇੱਕ ਉੱਚ-ਪੱਧਰੀ ਵਫ਼ਦ ਨੇ ਮੁਲਾਕਾਤ ਕੀਤੀ। ਮੀਟਿੰਗ ਵਿੱਚ ਹਰਿਆਣਾ ਅਤੇ ਆਈਕਿਆ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਅਤੇ ਹਰਿਆਣਾ ਵਿੱਚ ਭਵਿੱਖ ਦੇ ਨਿਵੇਸ਼ ਦੇ ਮੌਕਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ।

ਮੀਟਿੰਗ ਦੌਰਾਨ ਸ੍ਰੀ ਪੈਟਰਿਕ ਐਂਟੋਨੀ ਨੇ ਹਰਿਆਣਾ ਵਿੱਚ ਆਈਕਿਆ ਦੇ ਪ੍ਰੋਜੈਕਟਾਂ ਦੇ ਨਿਰਮਾਣ ਕਾਰਜਾਂ ਅਤੇ ਹੋਰ ਸਬੰਧਤ ਪ੍ਰਕਿਰਿਆਵਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਸੂਬਾ ਸਰਕਾਰ ਵੱਲੋਂ ਦਿੱਤੇ ਗਏ ਲਗਾਤਾਰ ਸਹਿਯੋਗ ਲਈ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਧੰਨਵਾਦ ਕੀਤਾ। ਉਨ੍ਹਾਂ ਮੁੱਖ ਮੰਤਰੀ ਦਫ਼ਤਰ, ਵਿਦੇਸ਼ ਸਹਿਯੋਗ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਵੱਲੋਂ ਨਿਯਮਤ ਪ੍ਰਵਾਨਗੀਆਂ ਵਿੱਚ ਤੇਜ਼ੀ ਲਿਆਉਣ ਅਤੇ ਕੰਪਨੀ ਦੀਆਂ ਲੋੜਾਂ ਦੇ ਤੁਰੰਤ ਹੱਲ ਨੂੰ ਯਕੀਨੀ ਬਣਾਉਣ ਲਈ ਦਿੱਤੇ ਗਏ ਸਹਿਯੋਗ ਦੀ ਵੀ ਸ਼ਲਾਘਾ ਕੀਤੀ।



ਵਰਨਣਯੋਗ ਹੈ ਕਿ ਆਈਕਿਆ ਸਵੀਡਨ ਦੀ ਪ੍ਰਮੁੱਖ ਹੋਮ ਫਰਨੀਸ਼ਿੰਗ ਕੰਪਨੀ ਹੈ। ਭਾਰਤ ਕੰਪਨੀ ਦੇ ਸਭ ਤੋਂ ਮਹੱਤਵਪੂਰਨ ਵਿਕਾਸਸ਼ੀਲ ਬਾਜ਼ਾਰਾਂ ਵਿੱਚੋਂ ਇੱਕ ਹੈ। ਨਾਲ ਹੀ, ਕੰਪਨੀ ਦੀ ਪੂਰੀ ਵੈਲਿਊ-ਚੇਨ ਮੌਜੂਦਗੀ ਦੇ ਲਿਹਾਜ਼ ਨਾਲ ਵੀ ਭਾਰਤ ਦੀ ਵਿਸ਼ੇਸ਼ ਮਹੱਤਤਾ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਵਿੱਚ ਆਈਕਿਆ ਵੱਲੋਂ ਨਿਵੇਸ਼ ਕਰਨ ਦੇ ਪ੍ਰਸਤਾਵ ਦਾ ਸਵਾਗਤ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਸੂਬੇ ਵਿੱਚ ਨਿਵੇਸ਼ ਕਰਨ ਵਾਲੀਆਂ ਕੰਪਨੀਆਂ ਨੂੰ ਬਿਹਤਰ ਮੌਕੇ ਅਤੇ ਸਹੂਲਤਾਂ ਉਪਲਬਧ ਕਰਵਾ ਰਹੀ ਹੈ। ਭਵਿੱਖ ਦੀਆਂ ਵਿਸਥਾਰ ਯੋਜਨਾਵਾਂ ਲਈ ਕੰਪਨੀ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

ਮੀਟਿੰਗ ਵਿੱਚ ਸ੍ਰੀ ਪੈਟਰਿਕ ਐਂਟੋਨੀ ਨੇ ਮੁੱਖ ਮੰਤਰੀ ਨੂੰ ਅਗਲੇ ਸਾਲ ਗੁਰੂਗ੍ਰਾਮ ਵਿੱਚ ਆਈਕਿਆ ਸਟੋਰ ਦਾ ਨਿਰਮਾਣ ਕਾਰਜ ਪੂਰਾ ਹੋਣ ਤੋਂ ਬਾਅਦ ਇਸ ਦੇ ਉਦਘਾਟਨ ਲਈ ਸੱਦਾ ਦਿੱਤਾ। ਮੁੱਖ ਮੰਤਰੀ ਨੇ ਹਰਿਆਣਾ ਪ੍ਰਤੀ ਆਈਕਿਆ ਦੀ ਵਚਨਬੱਧਤਾ ਦੀ ਸ਼ਲਾਘਾ ਕਰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਪ੍ਰੋਜੈਕਟ ਗਲੋਬਲ ਕੰਪਨੀਆਂ ਲਈ ਹਰਿਆਣਾ ਨੂੰ ਇੱਕ ਪਸੰਦੀਦਾ ਨਿਵੇਸ਼ ਸਥਾਨ ਵਜੋਂ ਹੋਰ ਮਜ਼ਬੂਤ ਕਰੇਗਾ। ਵਰਨਣਯੋਗ ਹੈ ਕਿ ਇਸ ਸਟੋਰ ਦਾ ਨੀਂਹ ਪੱਥਰ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਕੇਂਦਰੀ ਮੰਤਰੀ ਸ੍ਰੀ ਮਨੋਹਰ ਲਾਲ ਨੇ ਰੱਖਿਆ ਸੀ।

ਕੰਪਨੀ ਮੌਜੂਦਾ ਵਿੱਚ ਗੁਰੂਗ੍ਰਾਮ ਵਿੱਚ ਆਪਣੇ ਅਭਿਲਾਸ਼ੀ ਪ੍ਰੋਜੈਕਟ ਰਾਹੀਂ ਹਰਿਆਣਾ ਵਿੱਚ ਲਗਭਗ 3,500 ਤੋਂ 4,000 ਕਰੋੜ ਰੁਪਏ ਦਾ ਨਿਵੇਸ਼ ਕਰ ਰਹੀ ਹੈ, ਜਿਸ ਨਾਲ ਸਿੱਧੇ ਅਤੇ ਅਸਿੱਧੇ ਤੌਰ 'ਤੇ ਲਗਭਗ 10,000 ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਉਮੀਦ ਹੈ। ਲਗਭਗ 10 ਏਕੜ ਰਕਬੇ ਵਿੱਚ ਵਿਕਸਤ ਕੀਤੇ ਜਾ ਰਹੇ ਇਸ ਪ੍ਰੋਜੈਕਟ ਵਿੱਚ ਭਾਰਤ ਵਿੱਚ ਆਈਕਿਆ ਦੇ ਪ੍ਰਮੁੱਖ ਨਿਵੇਸ਼ਾਂ ਵਿੱਚੋਂ ਇੱਕ ਹੋਵੇਗਾ, ਜਿਸ ਵਿੱਚ ਇੱਕ ਹੀ ਕੰਪਲੈਕਸ ਵਿੱਚ ਰਿਟੇਲ, ਦਫ਼ਤਰੀ ਕੰਪਲੈਕਸ ਅਤੇ ਸੰਸਦੀ-ਕੇਂਦਰਿਤ ਤਜ਼ਰਬਿਆਂ ਨੂੰ ਸ਼ਾਮਲ ਕੀਤਾ ਜਾਵੇਗਾ।

ਹਰਿਆਣਾ ਸਰਕਾਰ ਵੀ ਕੰਪਨੀ ਨਾਲ ਮਿਲ ਕੇ ਆਪਣੇ ਮਜ਼ਬੂਤ ਸਕਿਲ ਵਿਕਾਸ ਤੰਤਰ ਰਾਹੀਂ ਹੁਨਰਮੰਦ ਮਨੁੱਖੀ ਸਰੋਤਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ, ਤਾਂ ਜੋ ਇਸ ਪ੍ਰੋਜੈਕਟ ਤੋਂ ਪੈਦਾ ਹੋਣ ਵਾਲੇ ਰੁਜ਼ਗਾਰ ਦੇ ਮੌਕਿਆਂ ਦਾ ਲਾਭ ਰਾਜ ਦੇ ਨੌਜਵਾਨਾਂ ਨੂੰ ਮਿਲ ਸਕੇ।

ਮੀਟਿੰਗ ਵਿੱਚ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ ਗਿਆ ਕਿ ਹਰਿਆਣਾ ਦਾ ਵਿਦੇਸ਼ ਸਹਿਯੋਗ ਵਿਭਾਗ ਰਾਜ ਦੇ ਕੌਮਾਂਤਰੀ ਸਹਿਯੋਗ ਦਾ ਨੋਡਲ ਵਿਭਾਗ ਹੈ, ਜੋ ਗਲੋਬਲ ਸਾਂਝੇਦਾਰੀ ਨੂੰ ਪ੍ਰੋਤਸਾਹਿਤ ਕਰਨ, ਕੂਟਨੀਤਕ ਸੰਪਰਕਾਂ ਨੂੰ ਮਜ਼ਬੂਤ ਕਰਨ ਅਤੇ ਪ੍ਰਵਾਸੀ ਹਰਿਆਣਵੀਆਂ ਨੂੰ ਲੋੜੀਂਦਾ ਸਹਿਯੋਗ ਪ੍ਰਦਾਨ ਕਰਦਾ ਹੈ। ਇਹ ਵਿਭਾਗ ਸੂਬਾ ਸਰਕਾਰ ਦੀ 'ਗੋ ਗਲੋਬਲ ਅਪਰੋਚ' ਰਾਹੀਂ ਹਰਿਆਣਾ ਨੂੰ ਵਿਸ਼ਵ ਪੱਧਰ 'ਤੇ ਨਵੀਂ ਪਛਾਣ ਦਿਵਾਉਣ ਦੇ ਵਿਜ਼ਨ ਨੂੰ ਅੱਗੇ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ।

ਮੁੱਖ ਮੰਤਰੀ ਨੇ ਸ੍ਰੀ ਪੈਟਰਿਕ ਐਂਟੋਨੀ ਨੂੰ ਸ਼੍ਰੀਮਦ ਭਗਵਦ ਗੀਤਾ ਦੀ ਇੱਕ ਕਾਪੀ ਭੇਟ ਕੀਤੀ। ਇਸ ਮੌਕੇ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਵਿਦੇਸ਼ ਸਹਿਯੋਗ ਵਿਭਾਗ ਵਿੱਚ ਮੁੱਖ ਮੰਤਰੀ ਦੇ ਸਲਾਹਕਾਰ ਸ੍ਰੀ ਪਵਨ ਕੁਮਾਰ ਚੌਧਰੀ ਅਤੇ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।

## ਸਿੰਚਾਈ ਮੰਤਰੀ ਨੇ ਕਰਮਚਾਰੀਆਂ ਦੀਆਂ ਪੈਂਡਿੰਗ ਮੰਗਾਂ ਦੇ ਜਲਦੀ ਹੱਲ ਦੇ ਦਿੱਤੇ ਨਿਰਦੇਸ਼, ਪਦੌਉਨਤੀ ਦੇ ਮਾਮਲਿਆਂ ਨੂੰ ਤੁਰੰਤ ਨਿਪਟਾਉਣ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ, 9 ਜੁਲਾਈ**
**-ਮਨੋਜ ਵਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੀ ਸਿੰਚਾਈ ਅਤੇ ਜਲ ਸਰੋਤ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਅੱਜ ਸਿੰਚਾਈ ਵਿਭਾਗ ਦੇ ਕਰਮਚਾਰੀਆਂ ਦੀਆਂ ਮੰਗਾਂ ਅਤੇ ਸੇਵਾ ਸਬੰਧੀ ਸਮੱਸਿਆਵਾਂ ਦੇ ਹੱਲ ਲਈ ਹਰਿਆਣਾ ਸਰਕਾਰ ਪੀ.ਡਬਲਯੂ.ਡੀ. ਮਕੈਨੀਕਲ ਵਰਕਰਜ਼ ਯੂਨੀਅਨ (ਰਜਿਸਟ੍ਰੇਸ਼ਨ ਨੰਬਰ-41), ਮੁੱਖ ਦਫ਼ਤਰ ਚਰਖੀ ਦਾਦਰੀ ਦੇ ਅਹੁਦੇਦਾਰਾਂ ਅਤੇ ਪ੍ਰਤੀਨਿਧਾਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ ਕਰਮਚਾਰੀਆਂ ਦੀਆਂ ਪੈਂਡਿੰਗ ਮੰਗਾਂ, ਪਦਉੱਨਤੀ, ਸੇਵਾ ਸਬੰਧੀ ਮਾਮਲਿਆਂ ਅਤੇ ਹੋਰ ਪ੍ਰਸ਼ਾਸਨਿਕ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ।

ਸਾਰੇ ਬਿੰਦੂਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਸਿੰਚਾਈ ਮੰਤਰੀ



ਸ੍ਰੀਮਤੀ ਸ਼ਰੂਤੀ ਚੌਧਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਰਮਚਾਰੀਆਂ ਵੱਲੋਂ ਚੁੱਕੇ ਗਏ ਸਾਰੇ ਪੈਂਡਿੰਗ ਮਾਮਲਿਆਂ ਦਾ ਤਰਜੀਹ ਦੇ ਅਧਾਰ 'ਤੇ ਸਮੇਂ ਸਿਰ ਹੱਲ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦੇ ਹੱਲ ਵਿੱਚ ਕਿਸੇ ਵੀ ਕਿਸਮ ਦੀ ਬੇਲੋੜੀ ਦੇਰੀ ਨਾ ਕੀਤੀ ਜਾਵੇ।ਮੰਤਰੀ ਨੇ ਪਦੌਉਨਤੀ ਨਾਲ ਸਬੰਧਤ ਸਾਰੇ ਪੈਂਡਿੰਗ ਮਾਮਲਿਆਂ ਦਾ ਜਲਦੀ ਨਿਪਟਾਰਾ ਕਰਨ ਅਤੇ ਇਸ ਸਬੰਧ ਵਿੱਚ ਲੋੜੀਂਦੇ ਨਿਰਦੇਸ਼ ਤੁਰੰਤ ਜਾਰੀ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਯੋਗ ਕਰਮਚਾਰੀਆਂ ਨੂੰ ਸਮੇਂ ਸਿਰ ਪਦੌਉਨਤੀ ਦਾ ਲਾਭ ਮਿਲਣਾ ਚਾਹੀਦਾ ਹੈ, ਜਿਸ ਨਾਲ ਵਿਭਾਗੀ ਕਾਰਜਪ੍ਰਣਾਲੀ ਹੋਰ ਵੱਧ ਪ੍ਰਭਾਵੀ ਅਤੇ ਪਾਰਦਰਸ਼ੀ ਬਣ ਸਕੇ।

ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜਿਨ੍ਹਾਂ ਮਾਮਲਿਆਂ ਵਿੱਚ ਨੀਤੀਗਤ ਫੈਸਲੇ ਲੋੜੀਂਦੇ ਹਨ, ਉਨ੍ਹਾਂ ਨੂੰ ਲੋੜੀਂਦੀ ਕਾਰਵਾਈ ਲਈ ਤੁਰੰਤ ਮਨੁੱਖੀ ਸਰੋਤ ਵਿਭਾਗ ਅਤੇ ਵਿੱਤ ਵਿਭਾਗ ਨੂੰ ਭੇਜਿਆ ਜਾਵੇਗਾ, ਤਾਂ ਜੋ ਸਬੰਧਤ ਮਾਮਲਿਆਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ।ਮੀਟਿੰਗ ਵਿੱਚ ਸਿੰਚਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਨੁਰਾਗ ਅਗਰਵਾਲ, ਵਿਭਾਗ ਦੇ ਸਾਰੇ ਇੰਜੀਨੀਅਰ-ਇਨ-ਚੀਫ਼ ਅਤੇ ਸੀਨੀਅਰ ਅਧਿਕਾਰੀ ਮੌਜੂਦ ਸਨ।

## ਹਰਿਆਣਾ ਨੇ ਜਨਤਕ ਬੁਨਿਆਦੀ ਢਾਂਚੇ ਨੂੰ ਦਿਵਯਾਂਗਜਨਾਂ, ਬਜ਼ੁਰਗਾਂ ਸਮੇਤ ਸਾਰੇ ਨਾਗਰਿਕਾਂ ਲਈ ਸੁਲਭ ਬਣਾਉਣਾ ਕੀਤਾ ਯਕੀਨੀ

**ਚੰਡੀਗੜ੍ਹ, 9 ਜੁਲਾਈ**
**-ਹਰਮਨਪ੍ਰੀਤ ਕੌਰ-**

ਜਨਤਕ ਬੁਨਿਆਦੀ ਢਾਂਚੇ ਨੂੰ ਸਮਾਵੇਸ਼ੀ ਅਤੇ ਰੁਕਾਵਟ-ਮੁਕਤ ਬਣਾਉਣ ਦੇ ਉਦੇਸ਼ ਨਾਲ ਹਰਿਆਣਾ ਸਰਕਾਰ ਨੇ 'ਰਾਜਾਂ ਨੂੰ ਪੂੰਜੀਗਤ ਨਿਵੇਸ਼ ਲਈ ਵਿਸ਼ੇਸ਼ ਸਹਾਇਤਾ' (ਐਸਏਸੀਆਈ) ਯੋਜਨਾ ਤਹਿਤ ਵਿੱਤ ਪੋਸ਼ਿਤ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਵਿੱਚ ਸਰਵਵਿਆਪੀ ਸੁਲਭਤਾ ਮਾਪਦੰਡਾਂ ਦੀ ਪਾਲਣਾ ਲਾਜ਼ਮੀ ਕਰਨ ਦਾ ਫੈਸਲਾ ਕੀਤਾ ਹੈ।

ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਦੀ ਵਿੱਤੀ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਪ੍ਰਾਯੋਜਿਤ ਇਸ ਯੋਜਨਾ ਤਹਿਤ ਸਾਰੇ ਯੋਗ ਪ੍ਰੋਜੈਕਟਾਂ ਲਈ 'ਦਿਵਯਾਂਗਜਨ ਅਧਿਕਾਰ ਐਕਟ, 2016' ਅਤੇ 'ਭਾਰਤ ਵਿੱਚ ਸਰਵਵਿਆਪੀ ਸੁਲਭਤਾ ਲਈ ਸੁਸੰਗਤ ਦਿਸ਼ਾ-ਨਿਰਦੇਸ਼ ਅਤੇ ਮਾਪਦੰਡ, 2021' ਦੀ ਪਾਲਣਾ ਕਰਨਾ ਜ਼ਰੂਰੀ ਹੋਵੇਗਾ। ਇਹ ਕਦਮ ਮੌਜੂਦਾ ਇਮਾਰਤਾਂ ਵਿੱਚ ਬਾਅਦ ਵਿੱਚ ਬਦਲਾਅ ਕਰਨ ਦੀ ਬਜਾਏ, ਯੋਜਨਾ ਅਤੇ ਡਿਜ਼ਾਈਨ ਦੇ ਪੱਧਰ 'ਤੇ ਹੀ ਸੁਲਭਤਾ ਸੁਵਿਧਾਵਾਂ ਨੂੰ ਸ਼ਾਮਲ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਬਦਲਾਅ ਹੈ।

ਇਸ ਤਹਿਤ ਲੋਕ ਨਿਰਮਾਣ ਵਿਭਾਗ ਅਤੇ ਵਾਸਤੂਕਲਾ ਵਿਭਾਗ ਇਹ ਯਕੀਨੀ ਬਣਾਉਣਗੇ ਕਿ ਨਵੀਆਂ ਸਰਕਾਰੀ ਇਮਾਰਤਾਂ ਦੇ ਨਾਲ-ਨਾਲ ਨਵੀਨੀਕਰਨ ਅਤੇ ਮੁਰੰਮਤ ਕਾਰਜਾਂ ਸਮੇਤ ਸਾਰੇ ਯੋਗ ਪ੍ਰੋਜੈਕਟਾਂ ਦੇ ਡਿਜ਼ਾਈਨ ਅਤੇ ਅਮਲ ਵਿੱਚ ਸੁਲਭਤਾ ਮਾਪਦੰਡਾਂ ਨੂੰ ਸ਼ਾਮਲ ਕੀਤਾ ਜਾਵੇ।

ਡਾ. ਮਿਸ਼ਰਾ ਨੇ ਕਿਹਾ ਕਿ ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਕੋਲ ਜਨਤਕ ਬੁਨਿਆਦੀ ਢਾਂਚੇ ਦਾ ਇੱਕ ਵੱਡਾ ਨੈਟਵਰਕ ਹੈ, ਜਿਸ ਵਿੱਚ ਮਿਨੀ ਸਕੱਤਰੇਤ ਭਵਨ, ਤਹਿਸੀਲ ਅਤੇ ਉਪ-ਤਹਿਸੀਲ ਦਫ਼ਤਰ ਕੰਪਲੈਕਸ, ਸਰਕਾਰੀ ਰਿਹਾਇਸ਼ੀ ਕੁਆਰਟਰ ਅਤੇ ਟ੍ਰਾਂਜ਼ਿਟ ਫਲੈਟ ਸ਼ਾਮਲ ਹਨ। ਵਿਭਾਗ ਇਹ ਯਕੀਨੀ ਬਣਾਏਗਾ ਕਿ ਉਸ ਦੇ ਪ੍ਰਸ਼ਾਸਨਿਕ ਕੰਟਰੋਲ ਹੇਠ ਆਉਣ ਵਾਲੇ ਸਾਰੇ ਪ੍ਰੋਜੈਕਟਾਂ ਵਿੱਚ ਸੁਲਭਤਾ ਮਾਪਦੰਡਾਂ ਨੂੰ ਲਾਜ਼ਮੀ ਤੌਰ 'ਤੇ ਸ਼ਾਮਲ ਕੀਤਾ ਜਾਵੇ।



ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਯੋਜਨਾ ਅਤੇ ਡਿਜ਼ਾਈਨ ਦੇ ਪੜਾਅ ਵਿੱਚ ਹੀ ਸੁਲਭਤਾ ਉਪਾਵਾਂ ਨੂੰ ਜੋੜਨ ਨਾਲ (ਆਰਪੀਡਬਲਿਯੂਡੀ) ਐਕਟ, 2016 ਦੀਆਂ ਵਿਧਾਨਕ ਵਿਵਸਥਾਵਾਂ ਦੀ ਪਾਲਣਾ ਯਕੀਨੀ ਹੋਵੇਗੀ, ਨਾਲ ਹੀ ਨਿਰਮਾਣ ਤੋਂ ਬਾਅਦ ਹੋਣ ਵਾਲੇ ਮਹਿੰਗੇ ਰੈਟਰੋਫਿਟਿੰਗ (ਸੋਧਾਂ) ਦੀ ਲੋੜ ਵੀ ਖਤਮ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ੁਰੂਆਤ ਤੋਂ ਹੀ ਸਰਵਵਿਆਪੀ ਡਿਜ਼ਾਈਨ ਸਿਧਾਂਤਾਂ ਨੂੰ ਅਪਨਾਉਣ ਨਾਲ ਅਜਿਹਾ ਬੁਨਿਆਦੀ ਢਾਂਚਾ ਤਿਆਰ ਕਰਨ ਵਿੱਚ ਮਦਦ ਮਿਲੇਗੀ ਜੋ ਹਰ ਨਾਗਰਿਕ ਲਈ ਸਮਾਵੇਸ਼ੀ, ਟਿਕਾਊ ਅਤੇ ਸੁਲਭ ਹੋਵੇ।

ਉਨ੍ਹਾਂ ਕਿਹਾ ਕਿ ਸਰਵਵਿਆਪੀ ਸੁਲਭਤਾ ਸਿਰਫ਼ ਦਿਵਯਾਂਗਜਨਾਂ ਤੱਕ ਹੀ ਸੀਮਿਤ ਨਹੀਂ ਹੈ। ਸਰਵਵਿਆਪੀ ਸੁਲਭਤਾ ਸਿਧਾਂਤਾਂ 'ਤੇ ਡਿਜ਼ਾਈਨ ਕੀਤਾ ਗਿਆ ਬੁਨਿਆਦੀ ਢਾਂਚਾ ਸੀਨੀਅਰ ਨਾਗਰਿਕਾਂ, ਗਰਭਵਤੀ ਔਰਤਾਂ, ਬੱਚਿਆਂ ਅਤੇ ਅਸਥਾਈ ਤੌਰ 'ਤੇ ਚੱਲਣ-ਫਿਰਨ ਵਿੱਚ ਅਸਮਰੱਥ ਲੋਕਾਂ ਨੂੰ ਵੀ ਲਾਭ ਪਹੁੰਚਾਉਂਦਾ ਹੈ।

ਉਨ੍ਹਾਂ ਕਿਹਾ ਕਿ ਰੈਂਪ, ਸੁਲਭ ਪ੍ਰਵੇਸ਼ ਦੁਆਰ, ਲਿਫਟ, ਸਪਰਸ਼ ਪੱਥ, ਹੈਂਡਰੇਲਜ਼, ਸੁਲਭ ਪਖਾਨੇ ਅਤੇ ਉਚਿਤ ਸਾਈਨਬੋਰਡ ਵਰਗੀਆਂ ਵਿਸ਼ੇਸ਼ਤਾਵਾਂ ਸਰਕਾਰੀ ਭਵਨਾਂ ਨੂੰ ਸਮਾਜ ਦੇ ਸਾਰੇ ਵਰਗਾਂ ਲਈ ਸੁਰੱਖਿਅਤ, ਵਧੇਰੇ ਸੁਵਿਧਾਜਨਕ ਅਤੇ ਵਰਤੋਂ ਵਿੱਚ ਆਸਾਨ ਬਣਾਉਂਦੀਆਂ ਹਨ।

ਉਨ੍ਹਾਂ ਕਿਹਾ ਕਿ ਜਨਤਕ ਬੁਨਿਆਦੀ ਢਾਂਚੇ ਵਿੱਚ ਸੁਲਭਤਾ ਨੂੰ ਮੁੱਖਧਾਰਾ ਵਿੱਚ ਲਿਆਉਣ ਨਾਲ ਨਾ ਸਿਰਫ਼ (ਆਰਪੀਡਬਲਿਯੂਡੀ) ਐਕਟ ਦੀਆਂ ਵਿਧਾਨਕ ਲੋੜਾਂ ਪੂਰੀਆਂ ਹੋਣਗੀਆਂ, ਸਗੋਂ ਸਮਾਵੇਸ਼ੀ ਅਤੇ ਬਰਾਬਰ ਵਿਕਾਸ ਪ੍ਰਤੀ ਹਰਿਆਣਾ ਦੀ ਵਚਨਬੱਧਤਾ ਵੀ ਮਜ਼ਬੂਤ ਹੋਵੇਗੀ। ਇਸ ਫੈਸਲੇ ਨਾਲ ਹਰਿਆਣਾ ਨੇ ਆਪਣੇ ਬੁਨਿਆਦੀ ਢਾਂਚੇ ਦੇ ਨਿਯੋਜਨ ਨੂੰ 'ਸੁਗਮਯ ਭਾਰਤ ਅਭਿਆਨ' ਦੇ ਰਾਸ਼ਟਰੀ ਦ੍ਰਿਸ਼ਟੀਕੋਣ ਦੇ ਅਨੁਰੂਪ ਬਣਾਇਆ ਹੈ। ਇਸ ਕਦਮ ਨਾਲ ਭਵਿੱਖ ਦੇ ਜਨਤਕ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਲਈ ਸਰਵਵਿਆਪੀ ਸੁਲਭਤਾ ਨੂੰ ਬਾਅਦ ਦੀ ਸੋਚ ਦੀ ਬਜਾਏ ਇੱਕ ਮੁੱਖ ਡਿਜ਼ਾਈਨ ਲੋੜ ਬਣਾ ਕੇ ਇੱਕ ਨਵਾਂ ਮਾਪਦੰਡ ਸਥਾਪਤ ਕਰਨ ਦੀ ਉਮੀਦ ਹੈ।

## ਨਿੱਜੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਸੈਸ਼ਨ 2026-27 ਲਈ ਦਾਖਲੇ ਵਾਸਤੇ ਆਨਲਾਈਨ ਪੋਰਟਲ 'ਤੇ ਅਰਜ਼ੀ ਪੱਤਰ ਭਰਨ ਦੀ ਅੰਤਿਮ ਵਧਾਈ

**ਚੰਡੀਗੜ੍ਹ, 9 ਜੁਲਾਈ**
**-ਸੰਜੀਵ ਸ਼ਰਮਾ-**

ਕੌਸ਼ਲ ਵਿਕਾਸ ਅਤੇ ਉਦਯੋਗਿਕ ਸਿਖਲਾਈ ਵਿਭਾਗ, ਹਰਿਆਣਾ ਵੱਲੋਂ ਰਾਜ ਦੇ ਸਾਰੇ ਸਰਕਾਰੀ ਅਤੇ ਨਿੱਜੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਸੈਸ਼ਨ 2026-27 ਲਈ ਦਾਖਲੇ ਵਾਸਤੇ ਆਨਲਾਈਨ ਪੋਰਟਲ 'ਤੇ ਅਰਜ਼ੀ ਪੱਤਰ ਭਰਨ ਦੀ ਅੰਤਿਮ ਮਿਤੀ 15 ਜੁਲਾਈ ਤੱਕ ਵਧਾ ਦਿੱਤੀ ਗਈ ਹੈ। ਵਿਭਾਗ ਦੇ ਬੁਲਾਰੇ ਨੇ ਇਸ ਸਬੰਧੀ ਵਿਸਤਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ.) ਵਿੱਚ ਆਨਲਾਈਨ ਦਾਖਲਾ ਰਜਿਸਟ੍ਰੇਸ਼ਨ ਲਈ ਅਤੇ ਟਰੇਡ/ਸੰਸਥਾ ਦੀ ਚੋਣ ਕਰਨ ਲਈ ਹੈਲਪ ਡੈਸਕ ਬਣਾਇਆ ਗਿਆ ਹੈ। ਬਿਨੈਕਾਰ ਦਾਖਲੇ ਲਈ ਮੁਫ਼ਤ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਦਾਖਲਾ ਲੈਣ ਦੇ ਇੱਛੁਕ ਵਿਦਿਆਰਥੀਆਂ ਕੋਲ ਰਜਿਸਟ੍ਰੇਸ਼ਨ ਲਈ ਵਿਦਿਅਕ ਯੋਗਤਾ, ਰਾਖਵਾਂਕਰਨ ਅਤੇ ਸਥਾਈ ਨਿਵਾਸੀ ਸਰਟੀਫਿਕੇਟ, ਫੈਮਿਲੀ ਆਈ.ਡੀ., ਮੋਬਾਈਲ ਨੰਬਰ, ਈਮੇਲ ਆਈ.ਡੀ. ਅਤੇ [ਆਧਾਰ ਕਾਰਡ ਰੈਡੈਕਟ ਕੀਤਾ ਗਿਆ ਹੈ] ਆਦਿ ਦਸਤਾਵੇਜ਼ ਹੋਣੇ ਚਾਹੀਦੇ ਹਨ। ਵੱਖ-ਵੱਖ ਦਾਖਲਾ ਪੜਾਵਾਂ ਵਿੱਚ ਮੈਰਿਟ ਅਤੇ ਸੀਟ ਅਲਾਟਮੈਂਟ ਜਾਰੀ ਕਰਨ ਦੇ ਪ੍ਰੋਗਰਾਮ ਬਾਰੇ ਸੂਚਨਾ ਦਾਖਲਾ ਵੈੱਬਸਾਈਟ 'ਤੇ ਉਪਲਬਧ ਕਰਵਾਈ ਜਾਵੇਗੀ। ਉਨ੍ਹਾਂ ਨੇ ਉਮੀਦਵਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਦਾਖਲਾ ਵੈੱਬਸਾਈਟ ਦਾ ਨਿਯਮਿਤ ਰੂਪ ਵਿੱਚ ਜਾਇਜ਼ਾ ਲੈਂਦੇ ਰਹਿਣ। ਇਸ ਤੋਂ ਇਲਾਵਾ, ਰਜਿਸਟਰਡ ਉਮੀਦਵਾਰ ਵਿਭਾਗੀ ਵੈਬਸਾਈਟ https://admissions.itiharyana.gov.in 'ਤੇ 15 ਜੁਲਾਈ, 2026 ਤੱਕ ਟਰੇਡ ਅਤੇ ਸੰਸਥਾ ਦੀ ਚੋਣ ਕਰ ਸਕਦੇ ਹਨ।

## 17 ਜੁਲਾਈ ਨੂੰ ਸੂਬੇ ਵਿੱਚ ਵਿਕਾਸ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੋਵੇਗੀ : ਕ੍ਰਿਸ਼ਨ ਬੇਦੀ

**ਚੰਡੀਗੜ੍ਹ, 9 ਜੁਲਾਈ**
**-ਮਨੋਜ ਵਰਮਾ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਹੈ ਕਿ 17 ਜੁਲਾਈ ਨੂੰ ਸੂਬੇ ਵਿੱਚ ਵਿਕਾਸ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੋਵੇਗੀ। ਇਸ ਦਿਨ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀਂਦ ਤੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ ਸੰਚਾਲਿਤ ਟ੍ਰੇਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ। ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਕਰੋੜਾਂ ਰੁਪਏ ਦੇ ਹੋਰ ਵਿਕਾਸ ਪ੍ਰੋਜੈਕਟਾਂ ਦਾ ਵੀ ਉਦਘਾਟਨ ਅਤੇ ਨੀਂਹ ਪੱਥਰ ਰੱਖਣਗੇ। ਪ੍ਰਧਾਨ ਮੰਤਰੀ ਦਾ ਜੀਂਦ ਦੌਰਾ ਸੂਬੇ ਦੇ ਵਿਕਾਸ ਦਾ ਗਵਾਹ ਬਣੇਗਾ ਅਤੇ ਤਰੱਕੀ ਦੀ ਨਵੀਂ ਇਬਾਰਤ ਲਿਖੇਗਾ।

ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ ਵੀਰਵਾਰ ਨੂੰ ਜੀਂਦ ਵਿੱਚ ਪੱਤਰਕਾਰ ਵਾਰਤਾ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ 17 ਜੁਲਾਈ ਜੀਂਦ ਦੇ ਨਾਲ-ਨਾਲ ਹਰਿਆਣਾ ਲਈ ਇਤਿਹਾਸਕ ਦਿਨ ਹੋਵੇਗਾ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਏਕਲਵਯ ਸਟੇਡੀਅਮ ਦੇ ਸਾਹਮਣੇ ਗਰਾਊਂਡ ਵਿੱਚ ਇਸੇ ਦਿਨ ਵਿਸ਼ਾਲ ਜਨਸਭਾ ਨੂੰ ਸੰਬੋਧਨ ਕਰਨਗੇ ਅਤੇ ਵਰਚੁਅਲ ਮਾਧਿਅਮ ਰਾਹੀਂ ਸੂਬੇ ਦੇ ਹੋਰ ਖੇਤਰਾਂ ਲਈ ਵੀ ਵਿਕਾਸ ਪ੍ਰੋਜੈਕਟਾਂ ਦਾ ਲੋਕ ਅਰਪਣ ਅਤੇ ਸ਼ੁਭਾਰੰਭ ਕਰਨਗੇ।

ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਭਿਵਾਨੀ ਅਤੇ ਨਾਰਨੌਲ ਵਿੱਚ ਨਵੇਂ ਬਣੇ ਦੋ ਵੱਡੇ ਸ੍ਰੀ ਰਾਮ ਮੈਡੀਕਲ ਕਾਲਜਾਂ ਦਾ ਉਦਘਾਟਨ ਕਰਨਗੇ, ਨਾਲ ਹੀ 10 ਕਿਲੋਮੀਟਰ ਲੰਬੇ ਕੁਰੂਕਸ਼ੇਤਰ ਦੇ ਐਲੀਵੇਟਿਡ ਰੇਲਵੇ ਟਰੈਕ ਦਾ ਸ਼ੁਭਾਰੰਭ ਕਰਨਗੇ। ਇਸ ਟਰੈਕ ਦੇ ਬਣਨ ਨਾਲ ਖੇਤਰ ਵਾਸੀਆਂ ਨੂੰ ਕਰੀਬ ਅੱਧੀ ਦਰਜਨ ਰੇਲਵੇ ਫਾਟਕਾਂ 'ਤੇ ਲੱਗਣ ਵਾਲੇ ਜਾਮ ਤੋਂ ਨਿਜਾਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਅੰਬਾਲਾ, ਕਾਲਾ ਅੰਬ, ਗ੍ਰੀਨਫੀਲਡ ਫੋਰਲੇਨ ਕੋਰੀਡੋਰ ਦਾ ਵਿਸਤਾਰ, ਦਿੱਲੀ-ਕਟੜਾ ਐਕਸਪ੍ਰੈਸ-ਵੇਅ ਦੇ ਹਰਿਆਣਾ ਖੰਡ ਦਾ ਉਦਘਾਟਨ, ਜੀਂਦ-ਗੋਹਾਣਾ ਐਨਐਚ 352ਏ, ਹਾਂਸੀ-ਬਰਵਾਲਾ ਫੋਰਲੇਨ ਅਤੇ ਬੀਕਾਨੇਰ-ਸਿਵਾਨੀ-ਸੋਨੀਪਤ ਸੜਕ ਪ੍ਰੋਜੈਕਟਾਂ ਦੇ ਵਿਸਤਾਰ ਅਤੇ ਕੁਰੂਕਸ਼ੇਤਰ ਵਿੱਚ ਅਤਿ-ਆਧੁਨਿਕ ਸਿੱਖ ਮਿਊਜ਼ੀਅਮ ਦਾ ਨੀਂਹ ਪੱਥਰ ਵੀ ਰੱਖਣਗੇ। ਇਨ੍ਹਾਂ ਸਾਰੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਜੀਂਦ ਵਿੱਚ ਪ੍ਰਸਤਾਵਿਤ ਜਨਸਭਾ ਤੋਂ ਹੀ ਵਰਚੁਅਲ ਮਾਧਿਅਮ ਰਾਹੀਂ ਕੀਤਾ ਜਾਵੇਗਾ।

ਮੰਤਰੀ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਨਾਲ ਜੀਂਦ 17 ਜੁਲਾਈ ਨੂੰ ਸੂਬੇ ਵਿੱਚ ਨਵੇਂ ਵਿਸ਼ਵਾਸ, ਵਿਕਾਸ ਅਤੇ ਭਵਿੱਖ ਦਾ ਸੰਗਮ ਬਣੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦਾ ਇਹ ਦੌਰਾ ਹਰਿਆਣਾ ਵਿੱਚ ਮਜ਼ਬੂਤ ਬੁਨਿਆਦੀ ਢਾਂਚੇ, ਉਦਯੋਗਿਕ ਅਤੇ ਵਪਾਰਕ ਗਤੀਵਿਧੀਆਂ ਦੇ ਵੀ ਨਵੇਂ ਮੌਕੇ ਅਤੇ ਵਿਸਤਾਰ ਨੂੰ ਹੁਲਾਰਾ ਦੇਵੇਗਾ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਜਿੱਥੇ ਪ੍ਰੋਜੈਕਟਾਂ ਦਾ ਸਿੱਧਾ ਲਾਭ ਮਿਲੇਗਾ, ਉੱਥੇ ਹੀ ਸਿਹਤ ਸੇਵਾਵਾਂ ਅਤੇ ਮਜ਼ਬੂਤ ਕਨੈਕਟੀਵਿਟੀ ਦੀਆਂ ਸਹੂਲਤਾਂ ਵੀ ਮਿਲਣਗੀਆਂ।





